PAIGAM-E-JAGAT
ਪੈ.ਗਾਮ-ਏ-ਜਗਤ
PAIGAM-E-JAGAT

ਕਮਾਈ ਕਰੋ...
ਕਮਾਉਂਦੇ ਰਹੋ ਅਤੇ
ਉਦੋਂ ਤੱਕ ਕਮਾਉਂਦੇ
ਰਹੋ ਜਦੋਂ ਤੱਕ
ਮਹਿੰਗੀਆਂ ਚੀਜ਼ਾਂ
ਸਸਤੀਆਂ ਨਾ ਲੱਗਣ।

Title code : CHAMUL00914 | E-mail : Info@paigamejagat.com | ਬੁੱਧਵਾਰ, 16 ਸਤੰਬਰ 2026, ਸਾਲ-4, ਅੰਕ-6, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਜਦੋਂ ਤੱਕ ਪੰਜਾਬ ਵਿੱਚੋਂ ਨਸ਼ਿਆਂ ਦਾ ਪੂਰੀ ਤਰ੍ਹਾਂ ਸਫਾਇਆ ਨਹੀਂ ਹੋ ਜਾਂਦਾ, ਉਦੋਂ ਤੱਕ ਸਾਡੀ ਸਰਕਾਰ ਆਰਾਮ ਨਾਲ ਨਹੀਂ ਬੈਠੇਗੀ : ਸੀਐਮ ਮਾਨ

'ਯੁੱਧ ਨਸ਼ਿਆਂ ਵਿਰੁੱਧ' ਆਪਣੇ ਅੰਤਿਮ ਪੜਾਅ 'ਤੇ ਹੈ; ਪੁਲਿਸ ਨੂੰ ਜਮੀਨੀ ਪੱਧਰ 'ਤੇ ਕਾਰਵਾਈ ਤੇਜ ਕਰਨ ਦੇ ਨਿਰਦੇਸ਼-ਮੁੱਖ ਮੰਤਰੀ ਭਗਵੰਤ ਮਾਨ

ਚੰਡੀਗੜ੍ਹ, 15 ਸਤੰਬਰ
(ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਪੰਜਾਬ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਆਪਣੇ ਅੰਤਿਮ ਪੜਾਅ ਵਿੱਚ ਦਾਖਲ ਹੋ ਗਈ ਹੈ। ਉਨ੍ਹਾਂ ਨੇ ਸੂਬੇ ਵਿੱਚੋਂ ਇਸ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਫੈਸਲਾਕੁੰਨ ਕਦਮ ਚੁੱਕਣ ਲਈ ਕਿਹਾ।

ਇਸ ਸਬੰਧੀ ਉੱਚ-ਪੱਧਰੀ ਮੀਟਿੰਗ ਦੌਰਾਨ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਮੀਖਿਆ ਕਰਦਿਆਂ ਮੁੱਖ ਮੰਤਰੀ ਨੇ ਪੁਲਿਸ ਨੂੰ ਹਦਾਇਤ ਕੀਤੀ ਕਿ ਉਹ ਲੋਕਾਂ ਨਾਲ ਮਿਲ ਕੇ ਨਸਾ ਵੇਚਣ ਵਾਲਿਆਂ, ਸਪਲਾਇਰਾਂ ਅਤੇ ਤਸਕਰਾਂ ਵਿਰੁੱਧ ਜਮੀਨੀ ਪੱਧਰ 'ਤੇ ਕਾਰਵਾਈ ਵਿੱਚ ਤੇਜ਼ੀ ਲਿਆਉਣ। ਉਨ੍ਹਾਂ ਕਿਹਾ ਕਿ ਇਹ ਲੜਾਈ ਹੁਣ ਸਿਰਫ ਪੁਲਿਸ ਤੱਕ ਸੀਮਤ ਨਹੀਂ ਰਹੀ ਸਗੋਂ 'ਲੋਕ-ਲਹਿਰ' ਬਣ ਗਈ ਹੈ, ਜਿਸ ਦਾ ਸਬੂਤ 'ਵਿਲੇਜ ਡਿਫੈਂਸ ਕਮੇਟੀਆਂ' ਵੱਲੋਂ ਮਿਲਣ ਵਾਲੀ ਫੀਡਬੈਕ ਵਿੱਚ ਹੋਏ 41 ਫੀਸਦੀ ਵਾਧੇ ਤੋਂ ਮਿਲਦਾ ਹੈ, ਜੋ ਇਸ ਮੁਹਿੰਮ ਵਿੱਚ ਲੋਕਾਂ ਦੀ ਵਧ ਰਹੀ ਸਮੂਲੀਅਤ ਨੂੰ ਦਰਸਾਉਂਦਾ ਹੈ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਮੀਖਿਆ ਕਰਨ ਲਈ ਕੀਤੀ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਸੂਬੇ ਭਰ ਦੇ ਡਿਪਟੀ ਕਮਿਸਨਰਾਂ, ਸੀਨੀਅਰ ਪੁਲਿਸ ਕਪਤਾਨਾਂ (ਐਸ.ਐਸ.ਪੀਜ਼), ਪੁਲਿਸ ਕਮਿਸਨਰਾਂ ਅਤੇ ਆਈ.ਜੀ.ਪੀਜ਼/ ਡੀ.ਆਈ.ਜੀਜ਼ ਨਾਲ ਵਰਚੁਅਲ ਤੌਰ 'ਤੇ ਗੱਲਬਾਤ ਕੀਤੀ।

ਉਨ੍ਹਾਂ ਨੇ ਨਸਾ-ਵਿਰੋਧੀ ਮੁਹਿੰਮ ਦੀ ਪ੍ਰਗਤੀ, ਵਿਲੇਜ ਡਿਫੈਂਸ ਕਮੇਟੀਆਂ (ਵੀ.ਡੀ.ਸੀਜ਼) ਦੀ ਭੂਮਿਕਾ, ਤਸਕਰਾਂ ਵਿਰੁੱਧ ਪੁਲਿਸ ਦੀ ਕਾਰਵਾਈ ਅਤੇ ਜ਼ਮੀਨੀ ਪੱਧਰ 'ਤੇ ਪ੍ਰਾਪਤ ਹੋਈਆਂ ਸ਼ਿਕਾਇਤਾਂ 'ਤੇ ਕਾਰਵਾਈ ਕਰਨ ਸਬੰਧੀ ਪ੍ਰਣਾਲੀ ਦੀ ਸਮੀਖਿਆ ਕੀਤੀ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "'ਯੁੱਧ ਨਸ਼ਿਆਂ ਵਿਰੁੱਧ' ਹੁਣ ਆਪਣੇ ਅੰਤਿਮ ਪੜਾਅ ਵਿੱਚ ਹੈ ਅਤੇ ਪੁਲਿਸ ਨੂੰ ਹੁਣ ਜ਼ਮੀਨੀ ਪੱਧਰ 'ਤੇ ਕਾਰਵਾਈ ਹੋਰ ਤੇਜ ਕਰਨੀ ਚਾਹੀਦੀ ਹੈ। ਹੁਣ ਆਖਰੀ ਵਾਰ ਕਰਨ ਦਾ ਸਮਾਂ ਆ ਗਿਆ ਹੈ ਅਤੇ ਬਿਹਤਰ ਨਤੀਜਿਆਂ ਲਈ ਜ਼ਮੀਨੀ ਪੱਧਰ 'ਤੇ ਨਸ਼ਿਆਂ ਤੋਂ ਵੱਧ ਪ੍ਰਭਾਵਿਤ ਖੇਤਰਾਂ (ਹੌਟਸਪੌਟਸ) ਨੂੰ ਨਿਸਾਨਾ ਬਣਾਉਣ ਦੀ ਲੋੜ ਹੈ।" ਮੁੱਖ ਮੰਤਰੀ ਨੇ ਕਿਹਾ, "ਅਜਿਹਾ ਪੰਜਾਬ ਸਿਰਜਣਾ ਬੇਹੱਦ ਜਰੂਰੀ ਹੈ ਜਿੱਥੇ ਨੌਜਵਾਨ ਪੀੜ੍ਹੀ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਹੋ ਕੇ ਜੀਅ ਸਕੇ।" ਉਨ੍ਹਾਂ ਕਿਹਾ, "ਸਾਡੀ ਸਰਕਾਰ ਉਦੋਂ ਤੱਕ ਆਰਾਮ ਨਾਲ ਨਹੀਂ ਬੈਠੇਗੀ, ਜਦੋਂ ਤੱਕ ਪੰਜਾਬ ਵਿੱਚੋਂ ਨਸ਼ਿਆਂ ਦਾ ਪੂਰੀ ਤਰ੍ਹਾਂ ਸਫ਼ਾਇਆ ਨਹੀਂ ਹੋ ਜਾਂਦਾ।"



ਮੁੱਖ ਮੰਤਰੀ ਨੇ ਦੱਸਿਆ ਕਿ ਇਸ ਸਮੇਂ ਪੰਜਾਬ ਵਿੱਚ 74,230 ਸਰਗਰਮ ਮੈਂਬਰਾਂ ਵਾਲੀਆਂ 14,846 ਵਿਲੇਜ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ। ਇਹ ਕਮੇਟੀਆਂ ਨਸ਼ਿਆਂ ਵਿਰੁੱਧ ਲੋਕਾਂ ਦੀ ਇਸ ਸਾਂਝੀ ਲੜਾਈ ਦਾ ਇੱਕ ਅਹਿਮ ਥੰਮ ਬਣ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸਰਹੱਦੀ ਖੇਤਰਾਂ ਵਿੱਚ 36,814 ਮੈਂਬਰਾਂ ਵਾਲੀਆਂ 3,808 ਵਿਲੇਜ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ। ਇਨ੍ਹਾਂ ਖੇਤਰਾਂ ਵਿੱਚ ਨਸਾ ਤਸਕਰੀ ਦੇ ਨੈੱਟਵਰਕਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਤੋੜਨ ਲਈ ਭਾਈਚਾਰਕ ਸਮੂਲੀਅਤ ਬੇਹੱਦ ਅਹਿਮ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬਾ ਵਾਸੀਆਂ ਦੀ ਵਧ ਰਹੀ ਸ਼ਮੂਲੀਅਤ ਜਮੀਨੀ ਪੱਧਰ 'ਤੇ ਸਰਕਾਰ ਦੀ ਖੁਫੀਆ ਅਤੇ ਫੀਡਬੈਕ ਪ੍ਰਣਾਲੀ ਨੂੰ ਮਜਬੂਤ ਕਰ ਰਹੀ ਹੈ।" ਉਨ੍ਹਾਂ ਕਿਹਾ ਕਿ ਲੋਕਾਂ ਦੀ ਵਧਦੀ ਸ਼ਮੂਲੀਅਤ ਸੂਬਾ ਭਰ ਵਿੱਚ ਨਸ਼ਿਆਂ ਵਿਰੁੱਧ ਲੜਾਈ ਨੂੰ ਮਜਬੂਤ ਕਰ ਰਹੀ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਸੂਬੇ ਭਰ ਵਿੱਚ ਨਸ਼ਿਆਂ ਸਬੰਧੀ ਵੀ.ਡੀ.ਸੀਜ਼ ਤੋਂ ਲਈ ਗਈ ਫੀਡਬੈਕ ਵਿੱਚ 41 ਫ਼ੀਸਦ ਵਾਧਾ ਹੋਇਆ ਹੈ, ਜੋ ਕਿ ਮੁਹਿੰਮ ਵਿੱਚ ਵੱਧ ਰਹੀ ਜਨਤਕ ਸਮੂਲੀਅਤ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਵੀ.ਡੀ.ਸੀਜ਼ ਰਾਹੀਂ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ ਪੁਲਿਸ ਵੱਲੋਂ ਨਸਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ, "ਇਸ ਸਾਲ ਜਨਵਰੀ ਤੋਂ ਲੈ ਕੇ ਹੁਣ ਤੱਕ ਵੀ.ਡੀ.ਸੀਜ਼ ਤੋਂ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ 4,129 ਐਫ.ਆਰ.ਆਰਜ਼ ਦਰਜ ਕੀਤੀਆਂ ਗਈਆਂ ਹਨ ਅਤੇ 5,589 ਨਸਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।" ਮੁੱਖ ਮੰਤਰੀ ਨੇ ਅੱਗੇ ਕਿਹਾ ਕਿ 'ਸੇਫ ਪੰਜਾਬ ਐਪ' ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਦੀ ਸੂਚਨਾ ਦੇਣ ਲਈ ਨਾਗਰਿਕਾਂ ਵਾਸਤੇ ਅਹਿਮ ਸਾਧਨ ਵਜੋਂ ਉੱਭਰੀ ਹੈ। (ਬਾਕੀ ਸਫ਼ਾ 2 'ਤੇ)

ਸਚਿਨ ਪਾਇਲਟ ਦਾ ਪੰਜਾਬ ਪਹੁੰਚਣ 'ਤੇ ਭਰਵਾਂ ਸਵਾਗਤ

- **ਵੜਿੰਗ ਨੇ 2027 'ਚ ਕਾਂਗਰਸ ਦੀ ਸਰਕਾਰ ਬਣਨ ਦਾ ਕੀਤਾ ਦਾਅਵਾ**

ਲਾਲੜੂ, 15 ਸਤੰਬਰ
(ਪੈ.ਗਾਮ-ਏ-ਜਗਤ)

ਕਾਂਗਰਸ ਦੇ ਸੀਨੀਅਰ ਆਗੂ ਅਤੇ ਰਾਜਸਥਾਨ ਦੇ ਸਾਬਕਾ ਉਪ ਮੁੱਖ ਮੰਤਰੀ ਸਚਿਨ ਪਾਇਲਟ ਦੇ ਪੰਜਾਬ ਦੌਰੇ ਦੌਰਾਨ ਲਾਲੜੂ ਪਹੁੰਚਣ 'ਤੇ ਕਾਂਗਰਸੀ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਪਾਇਲਟ ਦੇ ਸਵਾਗਤ ਲਈ ਸੈਂਕੜੇ ਵਰਕਰ ਇਕੱਠੇ ਹੋਏ, ਜਿਸ ਦੌਰਾਨ ਪਾਰਟੀ ਦੇ ਹੱਕ ਵਿੱਚ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਮੌਕੇ ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਪਾਰਟੀ ਦੇ ਕਈ ਸੀਨੀਅਰ ਅਤੇ ਸਥਾਨਕ ਆਗੂ ਮੌਜੂਦ ਰਹੇ।

ਜ਼ੀਰਕਪੁਰ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਉਦੈਵੀਰ ਸਿੰਘ ਢਿੱਲੋਂ, ਹਨੀ ਪੰਡਿਤ, ਅੰਕਿਤ ਜੈਨ, ਕੌਂਸਲਰ ਭੁਪਿੰਦਰ ਸਿੰਘ ਬੰਟੀ ਰਾਣਾ, ਲੈਂਡ ਮਾਰਗੇਜ ਬੈਂਕ ਦੇ ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਕੰਬੋਜ,




ਜਰਨੈਲ ਸਿੰਘ ਝਰਮੜੀ, ਅਵਤਾਰ ਸਿੰਘ ਜੜੋਤ, ਮਨਪ੍ਰੀਤ ਸਿੰਘ ਕੁਰਲੀ, ਹੈਪੀ ਕੁਰਲੀ ਅਤੇ ਕੁਲਦੀਪ ਸਿੰਘ ਬਰਟਾਣਾ ਸਮੇਤ ਪੰਚਾਂ, ਸਰਪੰਚਾਂ ਤੇ ਸਾਬਕਾ ਬਲਾਕ ਸਮਿਤੀ ਮੈਂਬਰਾਂ ਨੇ ਪਾਇਲਟ ਦਾ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ।

ਇਸ ਇਕੱਠ ਦੌਰਾਨ ਕਾਂਗਰਸ ਦੇ ਸੂਬਾ ਪ੍ਰਧਾਨ ਰਾਜਾ ਵੜਿੰਗ ਨੇ ਪੰਜਾਬ ਵਿੱਚ ਪਾਰਟੀ ਦੀ ਇਕਜੁੱਟਤਾ ਦਾ ਦਾਅਵਾ ਕਰਦਿਆਂ ਕਿਹਾ ਕਿ ਵਰਕਰ ਅਤੇ ਆਗੂ ਇਕੱਠੇ ਹੋ ਕੇ ਸੰਗਠਨ ਨੂੰ ਮਜ਼ਬੂਤ (ਬਾਕੀ ਸਫ਼ਾ 2 'ਤੇ)

2000 ਤੱਕ ਦੇ ਯੂ.ਪੀ.ਆਈ. ਲੈਣ-ਦੇਣ 'ਤੇ ਨਹੀਂ ਲੱਗੇਗਾ ਕੋਈ ਬੈਂਕ ਚਾਰਜ

- **ਕੇਂਦਰ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ; ਸਰਕਾਰ ਨੇ ਦੋ ਹਜ਼ਾਰ ਤੋਂ ਉਪਰ ਚਾਰਜ ਲੱਗਣ ਦੇ ਵਿਕਲਪ ਖੁੱਲ੍ਹੇ ਰੱਖੇ**



ਨਵੀਂ ਦਿੱਲੀ, 15 ਸਤੰਬਰ
(ਪੈ.ਗਾਮ-ਏ-ਜਗਤ)

ਸਰਕਾਰ ਨੇ ਨਵੇਂ ਨਿਯਮਾਂ ਦਾ ਐਲਾਨ ਕਰਦਿਆਂ ਸਪਸ਼ਟ ਕੀਤਾ ਹੈ ਕਿ ਬੈਂਕ ਅਤੇ ਪੇਅਮੈਂਟ ਸਿਸਟਮ ਪ੍ਰੋਵਾਈਡਰ 2,000 ਰੁਪਏ ਤੱਕ ਦੇ ਯੂ.ਪੀ.ਆਈ. ਲੈਣ-ਦੇਣ 'ਤੇ ਕੋਈ ਵੀ ਫੀਸ ਨਹੀਂ ਵਸੂਲ ਸਕਦੇ।

ਵਿੱਤ ਮੰਤਰਾਲੇ ਨੇ ਸੋਮਵਾਰ ਨੂੰ ਪੇਅਮੈਂਟ ਐਂਡ ਸੈਟਲਮੈਂਟ ਸਿਸਟਮ ਐਕਟ, 2007 ਤਹਿਤ ਇੱਕ ਗਜ਼ਟ ਨੋਟਿਸ ਜਾਰੀ ਕੀਤਾ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ 2,000 ਰੁਪਏ ਤੋਂ ਘੱਟ ਦੇ ਯੂ.ਪੀ.ਆਈ. ਲੈਣ-ਦੇਣ ਅਤੇ RuPay ਡੈਬਿਟ ਕਾਰਡ ਰਾਹੀਂ ਕੀਤੀਆਂ ਜਾਣ ਵਾਲੀਆਂ ਅਦਾਇਗੀਆਂ 'ਤੇ ਗਾਹਕਾਂ ਨੂੰ ਕੋਈ ਚਾਰਜ ਨਹੀਂ ਦੇਣਾ ਪਵੇਗਾ। ਇਹ ਫੈਸਲਾ ਸੰਸਦ ਵਿੱਚ ਟੈਕਸੇਸ਼ਨ ਐਂਡ ਅਦਰ ਲਾਜ਼ ਐਕਟ ਪਾਸ ਹੋਣ ਤੋਂ ਬਾਅਦ ਡਿਜੀਟਲ ਭੁਗਤਾਨਾਂ 'ਤੇ ਫੀਸ ਲੱਗਣ ਬਾਰੇ ਚੱਲ ਰਹੀਆਂ ਚਰਚਾਵਾਂ ਦਰਮਿਆਨ ਆਇਆ ਹੈ। ਨੋਟਿਸ ਮੁਤਾਬਕ 2,000 ਰੁਪਏ ਤੱਕ ਦੇ ਲੈਣ-ਦੇਣ ਪੂਰੀ ਤਰ੍ਹਾਂ ਮੁਫ਼ਤ ਰਹਿਣਗੇ, ਜਦੋਂ ਕਿ ਇਸ ਹੱਦ ਤੋਂ ਵੱਧ ਦੇ ਲੈਣ-ਦੇਣ 'ਤੇ ਫੀਸ ਲਾਉਣ ਦਾ ਬਦਲ ਖੁੱਲ੍ਹਾ ਰੱਖਿਆ ਗਿਆ ਹੈ।

ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਬੈਂਕ ਇਨ੍ਹਾਂ ਲੈਣ-ਦੇਣ ਲਈ ਗਾਹਕਾਂ ਤੋਂ ਸਿੱਧੇ ਜਾਂ ਅਸਿੱਧੇ ਤੌਰ 'ਤੇ ਕੋਈ ਫੀਸ ਵਾਪਸ ਨਹੀਂ ਲੈ ਸਕਦੇ। ਵਿੱਤ ਮੰਤਰਾਲੇ ਨੇ ਅੱਗੇ ਕਿਹਾ ਹੈ ਕਿ ਜੇਕਰ ਭਵਿੱਖ ਵਿੱਚ ਮਰਚੈਂਟ ਡਿਸਕਾਊਂਟ ਰੇਟ ਲਾਗੂ ਵੀ ਕੀਤਾ ਜਾਂਦਾ ਹੈ, ਤਾਂ ਉਹ ਸਿਰਫ਼ ਇੱਕ ਨਿਸ਼ਚਿਤ ਹੱਦ ਤੋਂ ਬਾਅਦ ਅਤੇ ਕੁਝ ਖਾਸ (ਬਾਕੀ ਸਫ਼ਾ 2 'ਤੇ)

ਦੁਬਈ ਜਾਣ ਵਾਲੀਆਂ ਸਪਾਈਸਜੈੱਟ ਦੀਆਂ ਦੋ ਉਡਾਨਾਂ 24 ਘੰਟੇ ਦੇਰੀ ਨਾਲ

- **ਯਾਤਰੀਆਂ ਨੇ ਏਅਰਲਾਈਨ ਨੂੰ 'ਚੋਰ' ਕਹਿੰਦੇ ਹੋਏ ਨਾਅਰੇਬਾਜ਼ੀ ਕੀਤੀ, ਏਅਰਲਾਈਨ ਦਾ ਸਮੇਂ ਸਿਰ ਉਡਾਣ ਭਰਨ ਦਾ ਰਿਕਾਰਡ ਸਭ ਤੋਂ ਖਰਾਬ**

ਨਵੀਂ ਦਿੱਲੀ, 15 ਸਤੰਬਰ
(ਪੈ.ਗਾਮ-ਏ-ਜਗਤ)

ਦਿੱਲੀ ਤੋਂ ਦੁਬਈ ਜਾਣ ਵਾਲੀਆਂ ਸਪਾਈਸਜੈੱਟ ਦੀਆਂ ਦੋ ਉਡਾਣਾਂ ਵਿੱਚ 24 ਘੰਟਿਆਂ ਤੋਂ ਵੱਧ ਦੀ ਦੇਰੀ ਹੋਈ। ਦੇਰੀ ਕਾਰਨ ਨਾਰਾਜ਼ ਹੋਏ ਲਗਭਗ 200 ਯਾਤਰੀਆਂ ਨੇ ਮੰਗਲਵਾਰ ਨੂੰ ਦਿੱਲੀ ਹਵਾਈ ਅੱਡੇ ਦੇ ਟਰਮੀਨਲ-3 ਦੇ ਅੰਦਰ ਫਰਸ਼ 'ਤੇ ਬੈਠ ਕੇ ਰੋਸ ਪ੍ਰਦਰਸ਼ਨ ਕੀਤਾ ਅਤੇ ਏਅਰਲਾਈਨ 'ਤੇ 'ਚੋਰ' ਹੋਣ ਦੇ ਦੋਸ਼ ਲਗਾਉਂਦੇ ਹੋਏ ਨਾਅਰੇਬਾਜ਼ੀ ਕੀਤੀ।

ਯਾਤਰੀ ਸੋਮਵਾਰ ਤੋਂ ਹੀ ਆਪਣੀਆਂ ਉਡਾਣਾਂ ਦੀ ਉਡੀਕ ਕਰ ਰਹੇ ਸਨ। ਹਾਲਾਂਕਿ, ਬਿਨਾਂ ਕਿਸੇ ਸਪੱਸ਼ਟ ਕਾਰਨ ਦੇ ਦੋਵਾਂ ਉਡਾਣਾਂ ਦੇ ਸਮਾਂ-ਸਾਰਣੀ (ਸ਼ਡਿਊਲ) ਵਿੱਚ ਵਾਰ-ਵਾਰ ਬਦਲਾਅ ਕੀਤੇ ਗਏ। ਮੰਗਲਵਾਰ ਦੁਪਹਿਰ ਤੱਕ ਕੋਈ ਵੀ ਉਡਾਣ ਰਵਾਨਾ ਨਹੀਂ ਹੋ ਸਕੀ।

ਇਨ੍ਹਾਂ ਵਿੱਚੋਂ ਪਹਿਲੀ ਉਡਾਣ,



S7 5111, ਸੋਮਵਾਰ ਸਵੇਰੇ 8:30 ਵਜੇ ਦਿੱਲੀ ਤੋਂ ਰਵਾਨਾ ਹੋਣੀ ਸੀ ਅਤੇ ਸਵੇਰੇ 11:15 ਵਜੇ ਦੁਬਈ ਪਹੁੰਚਣੀ ਸੀ। ਇਸ ਦੇ ਨਾਲ ਹੀ, S7 5105 ਉਡਾਣ ਰਾਤ 10:10 ਵਜੇ ਰਵਾਨਾ ਹੋਣੀ ਸੀ ਅਤੇ ਅੱਧੀ ਰਾਤ ਨੂੰ 12:55 ਵਜੇ ਦੁਬਈ ਪਹੁੰਚਣੀ ਸੀ। ਇਸ ਸਾਲ (ਬਾਕੀ ਸਫ਼ਾ 2 'ਤੇ)

9.5 ਕਿਲੋ ਹੈਰੋਇਨ, 5 ਕਿਲੋ ਅਫੀਮ ਅਤੇ ਇੱਕ ਪਿਸਤੌਲ ਸਮੇਤ 8 ਗ੍ਰਿ.ਫਤਾਰ

- **ਡਰੋਨ ਰਾਹੀਂ ਭੇਜੀਆਂ ਗਈਆਂ ਖੇਪਾਂ ਪ੍ਰਾਪਤ ਕਰਕੇ ਅੱਗੇ ਸਪਲਾਈ ਕਰ ਰਹੇ ਸਨ ਮੁਲਜ਼ਮ: ਪੁਲੀਸ**



ਅੰਮ੍ਰਿਤਸਰ, 15 ਸਤੰਬਰ
(ਪੈ.ਗਾਮ-ਏ-ਜਗਤ)

ਅੰਮ੍ਰਿਤਸਰ ਕਮਿਸ਼ਨਰੇਟ ਪੁਲੀਸ ਨੇ ਅੱਠ ਵਿਅਕਤੀਆਂ ਨੂੰ 9.549 ਕਿਲੋ ਹੈਰੋਇਨ, 5.459 ਕਿਲੋ ਅਫੀਮ ਅਤੇ ਗੈਰ-ਕਾਨੂੰਨੀ .30 ਬੋਰ ਦੇ ਪਿਸਤੌਲ ਸਮੇਤ ਗ੍ਰਿਫਤਾਰ ਕਰਕੇ ਨਸ਼ੀਲੇ ਪਦਾਰਥ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਕਰਨ ਵਾਲੇ ਤਿੰਨ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡੀਜੀਪੀ ਗੌਰਵ ਯਾਦਵ ਨੇ ਦਿੱਤੀ।

ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰਾਜਿੰਦਰ ਸਿੰਘ (27) ਵਾਸੀ ਇੰਦਰਾ ਕਲੋਨੀ, ਵਿਨੈ (26) ਵਾਸੀ ਗਵਾਲ ਮੰਡੀ, ਪ੍ਰਦੀਪ ਸਿੰਘ (37) ਵਾਸੀ ਪਿੰਡ ਵਰਨਾਲੀ ਹਰਸ਼ਾ ਛੀਨਾ, ਕਰਨ ਸਿੰਘ ਉਰਫ਼ ਕਰਨ (24), ਨਵਨੀਤ ਉਰਫ਼ ਕੀੜਾ (18) ਅਤੇ ਜਸ਼ਨਦੀਪ ਸਿੰਘ ਉਰਫ਼ ਧੁਨੀ (19) ਤਿੰਨੋਂ ਵਾਸੀ ਪਿੰਡ ਅਟਾਰੀ, ਬਲਜਿੰਦਰ ਸਿੰਘ (37) ਵਾਸੀ ਬਾਬਾ ਬੁੱਢਾ ਸਿੰਘ ਕਲੋਨੀ, ਅੰਮ੍ਰਿਤਸਰ ਅਤੇ ਅੰਮ੍ਰਿਤ ਪਾਲ ਸਿੰਘ ਉਰਫ਼ ਅੰਮ੍ਰਿਤ (25) ਵਾਸੀ ਪਿੰਡ ਬੋਪਾਰਾਏ ਬਾਜ਼ ਸਿੰਘ, ਅੰਮ੍ਰਿਤਸਰ ਦਿਹਾਤੀ ਵਜੋਂ ਹੋਈ ਹੈ। ਡੀਜੀਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਕਤ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ੀ ਤਸਕਰਾਂ ਨਾਲ ਜੁੜੇ ਹੋਏ ਸਨ ਅਤੇ ਉਹ ਡਰੋਨ ਰਾਹੀਂ ਭੇਜੀਆਂ ਗਈਆਂ ਹੈਰੋਇਨ, ਅਫੀਮ ਅਤੇ ਨਾਜਾਇਜ਼ ਹਥਿਆਰਾਂ ਦੀਆਂ ਖੇਪਾਂ ਪ੍ਰਾਪਤ ਕਰਕੇ ਅੱਗੇ ਸਪਲਾਈ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪੁਲੀਸ ਨੇ ਮੁਲਜ਼ਮਾਂ ਅਤੇ ਸਪਲਾਈ ਨੈੱਟਵਰਕ ਵਿੱਚ ਸ਼ਾਮਲ ਹੋਰ ਸਾਥੀਆਂ ਵਿਚਕਾਰ ਸਬੰਧਾਂ (ਬਾਕੀ ਸਫ਼ਾ 2 'ਤੇ)

ਸ਼ੇਅਰ ਮਾਰਕੀਟ 'ਚ ਵੱਡੀ ਗਿਰਾਵਟ, ਨਿਫਟੀ 5 ਮਹੀਨੇ ਦੇ ਹੇਠਲੇ ਪੱਧਰ 'ਤੇ ਬੰਦ

- **6 ਅਪਰੈਲ ਤੋਂ ਬਾਅਦ ਦਾ ਸਭ ਤੋਂ ਹੇਠਲੇ ਪੱਧਰ 'ਤੇ ਬੰਦ**

ਮੁੰਬਈ, 15 ਸਤੰਬਰ
(ਪੈ.ਗਾਮ-ਏ-ਜਗਤ)

ਤੇਲ ਦੀਆਂ ਵਧਦੀਆਂ ਕੀਮਤਾਂ, ਭੂ-ਰਾਜਨੀਤਿਕ ਤਣਾਅ ਅਤੇ ਗਲੋਬਲ ਬਾਜ਼ਾਰਾਂ ਦੇ ਕਮਜ਼ੋਰ ਰੁਝਾਨਾਂ ਦੇ ਵਿਚਕਾਰ ਮੰਗਲਵਾਰ ਨੂੰ ਬੈਂਚਮਾਰਕ ਸੈਂਸੈਕਸ 778 ਅੰਕ ਡਿੱਗ ਗਿਆ ਜਦੋਂ ਕਿ ਵਿਆਪਕ ਸਟਾਕ ਇੰਡੈਕਸ ਨਿਫਟੀ ਪੰਜ ਮਹੀਨੇ ਦੇ ਹੇਠਲੇ ਪੱਧਰ 'ਤੇ ਬੰਦ ਹੋਇਆ।

30-ਸ਼ੇਅਰਾਂ ਵਾਲਾ ਬੀ.ਐਸ.ਈ. ਸੈਂਸੈਕਸ 777.94 ਅੰਕ ਜਾਂ 1.04 ਫ਼ੀਸਦੀ ਡਿੱਗ ਕੇ 74,003.82 ਦੇ ਤਿੰਨ ਮਹੀਨਿਆਂ ਦੇ ਹੇਠਲੇ ਪੱਧਰ 'ਤੇ ਆ ਗਿਆ। ਸੂਚਕਾਂਕ ਨੇ ਉੱਚੇ ਪੱਧਰ 'ਤੇ ਸ਼ੁਰੂਆਤ ਕੀਤੀ ਪਰ ਸਵੇਰ ਦੇ ਅੱਧ ਤੱਕ ਪਹੁੰਚਦਿਆਂ ਹੀ ਵਿਕਰੀ ਦਾ ਦੌਰ ਤੇਜ਼ ਹੋ ਗਿਆ। ਬਾਅਦ ਵਿੱਚ ਬੈਰੋਮੀਟਰ 787.73 ਅੰਕ ਭਾਵ 1.05 ਫ਼ੀਸਦੀ ਡਿੱਗ ਕੇ ਦਿਨ ਦੇ ਹੇਠਲੇ ਪੱਧਰ 73,994.03 'ਤੇ ਆ ਗਿਆ।

50-ਸ਼ੇਅਰਾਂ ਵਾਲਾ NSE ਨਿਫਟੀ 279.50 ਅੰਕ ਜਾਂ 1.19 ਫ਼ੀਸਦੀ ਡਿੱਗ ਕੇ 23,118.60 'ਤੇ ਬੰਦ ਹੋਇਆ, ਜੋ 6 ਅਪਰੈਲ ਤੋਂ ਬਾਅਦ ਦਾ ਸਭ ਤੋਂ ਹੇਠਲੇ ਪੱਧ 'ਤੇ ਬੰਦ ਹੈ।

30 ਸੈਂਸੈਕਸ ਕੰਪਨੀਆਂ ਵਿੱਚੋਂ, ਭਾਰਤ ਇਲੈਕਟ੍ਰੋਨਿਕਸ 6 ਫ਼ੀਸਦੀ (ਬਾਕੀ ਸਫ਼ਾ 2 'ਤੇ)

ਕੈਨੇਡਾ ਤੋਂ ਡਿਪੋਰਟ ਹੋਇਆ ਲਾਰੈਂਸ ਬਿਸ਼ਨੋਈ ਦਾ ਕਰੀਬੀ ਕਰਮਵੀਰ ਦਿੱਲੀ ਹਵਾਈ ਅੱਡੇ ਤੋਂ ਕਾਬੂ

- **ਕਰਨ ਔਜਲਾ ਤੇ ਸ਼ੈਰੀ ਮਾਨ ਨਾਲ ਵੀਡੀਓ ਵਾਇਰਲ ਹੋਣ ਤੋਂ ਬਾਅਦ ਚਰਚਾ 'ਚ ਆਇਆ ਸੀ ਕਰਮਵੀਰ**

ਚੰਡੀਗੜ੍ਹ, 15 ਸਤੰਬਰ
(ਪੈ.ਗਾਮ-ਏ-ਜਗਤ)

ਡਾਇਰੈਕਟਰ ਜਨਰਲ ਆਫ਼ ਪੁਲੀਸ (ਡੀਜੀਪੀ) ਗੌਰਵ ਯਾਦਵ ਨੇ ਮੰਗਲਵਾਰ ਨੂੰ ਇੱਥੇ ਦੱਸਿਆ ਕਿ ਪੰਜਾਬ ਪੁਲੀਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐੱਫ) ਨੇ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਕਰੀਬੀ ਕਰਮਵੀਰ ਸਿੰਘ ਨੂੰ ਕੈਨੇਡਾ ਤੋਂ ਡਿਪੋਰਟ ਕੀਤੇ ਜਾਣ ਤੋਂ ਬਾਅਦ ਆਪਣੀ ਹਿਰਾਸਤ ਵਿੱਚ ਲੈ ਲਿਆ ਹੈ। ਲੁਧਿਆਣਾ ਦੇ ਪਿੰਡ ਬਹਾਦਰਕੇ ਦਾ ਰਹਿਣ ਵਾਲਾ ਕਰਮਵੀਰ ਸਿੰਘ ਉਹੀ ਵਿਅਕਤੀ ਹੈ, ਜਿਸ ਦੇ ਬੇਕਰਸਫ਼ੀਲਡ, ਕੈਲੀਫ਼ੋਰਨੀਆ ਵਿੱਚ 2023 ਦੇ ਵਿਆਹ ਸਮਾਗਮ ਦੌਰਾਨ ਭਗੌੜੇ ਅਨਮੋਲ ਬਿਸ਼ਨੋਈ ਦਾ ਪੰਜਾਬੀ ਗਾਇਕਾਂ ਕਰਨ ਔਜਲਾ ਅਤੇ ਸ਼ੈਰੀ ਮਾਨ ਨਾਲ ਨੱਚਣ ਦਾ ਵੀਡੀਓ ਵਾਇਰਲ ਹੋਇਆ ਸੀ। ਉਸ ਨੂੰ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚਣ 'ਤੇ ਗ੍ਰਿਫ਼ਤਾਰ ਕੀਤਾ ਗਿਆ।



ਇਹ ਕਾਰਵਾਈ ਪੰਜਾਬ ਪੁਲੀਸ ਵੱਲੋਂ ਕੇਂਦਰੀ ਏਜੰਸੀਆਂ ਦੀ ਮਦਦ ਨਾਲ ਜੱਗੂ ਭਗਵਾਨਪੁਰੀਆ ਗੈਂਗ ਦੇ ਅਹਿਮ ਸਾਥੀ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਡਾਲਮ ਨੂੰ ਮੋਲਡੋਵਾ ਤੋਂ ਪ੍ਰਤੱਖਿਅਤ (ਐਕਸਟਰਾਡਾਈਟ) ਕਰਵਾਉਣ ਤੋਂ ਕੁਝ ਦਿਨ ਬਾਅਦ ਅਮਲ ਵਿੱਚ ਆਈ ਹੈ।

ਡੀਜੀਪੀ ਯਾਦਵ ਨੇ ਦੱਸਿਆ ਕਿ ਕਰਮਵੀਰ ਸਿੰਘ ਨੇ ਅਮਰੀਕਾ ਵਿੱਚ ਅਨਮੋਲ ਬਿਸ਼ਨੋਈ ਨੂੰ ਪਨਾਹ ਅਤੇ ਲੌਜਿਸਟਿਕ ਸਹਾਇਤਾ ਮੁਹੱਈਆ ਕਰਵਾਈ ਸੀ। ਉਹ ਭਾਰਤੀ ਦੰਡ ਸੰਹਿਤਾ, ਅਸਲਾ ਐਕਟ ਅਤੇ ਪਾਸਪੋਰਟ ਐਕਟ ਤਹਿਤ ਥਾਣਾ ਸਟੇਟ ਕ੍ਰਾਈਮ, ਐੱਸਏਐੱਸ ਨਗਰ (ਮੁਹਾਲੀ) ਵਿਖੇ ਦਰਜ ਮਾਮਲੇ ਵਿੱਚ ਲੋੜੀਂਦਾ ਸੀ। ਏਜੀਟੀਐੱਫ ਵੱਲੋਂ 3 ਸਤੰਬਰ ਨੂੰ ਉਸ ਖ਼ਿਲਾਫ਼ ਲੁੱਕ-ਆਊਟ ਸਰਕੂਲਰ ਜਾਰੀ ਕੀਤਾ ਗਿਆ ਸੀ। (ਬਾਕੀ ਸਫ਼ਾ 2 'ਤੇ)

ਸੋਨੇ ਦੀ ਕੀਮਤ 1,036 ਘਟ ਕੇ 1.51 ਲੱਖ ਰੁਪਏ ਹੋਈ

- **ਇਸ ਮਹੀਨੇ 5,000 ਰੁ. ਸਸਤਾ ਹੋਇਆ; ਅੱਜ ਚਾਂਦੀ ਦੀ ਕੀਮਤ ਵਿੱਚ 179 ਰੁ. ਦੀ ਗਿਰਾਵਟ**

ਮੁੰਬਈ, 15 ਸਤੰਬਰ (ਪੈ.ਗਾਮ-ਏ-ਜਗਤ)

15 ਸਤੰਬਰ ਨੂੰ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਗਿਰਾਵਟ ਦਰਜ ਕੀਤੀ ਗਈ। 'ਇੰਡੀਆ ਬੁਲੀਅਨ ਐਂਡ ਜਵੈਲਰਜ਼ ਐਸੋਸੀਏਸ਼ਨ' ਦੇ ਅਨੁਸਾਰ, 24-ਕੈਰੇਟ ਸੋਨੇ (10 ਗ੍ਰਾਮ) ਦੀ ਕੀਮਤ 1,036 ਰੁ. ਘਟ ਕੇ 1.51 ਰੁ. ਲੱਖ 'ਤੇ ਆ ਗਈ ਹੈ। ਚਾਂਦੀ (ਇੱਕ ਕਿਲੋਗ੍ਰਾਮ) ਦੀ ਕੀਮਤ 179 ਰੁ. ਘਟ ਕੇ ਲਗਭਗ 2.29 ਰੁ. ਲੱਖ ਹੋ ਗਈ ਹੈ। ਇਸ ਮਹੀਨੇ ਦੌਰਾਨ ਚਾਂਦੀ ਲਗਭਗ 8,000 ਰੁ. ਅਤੇ ਸੋਨਾ 5,000 ਰੁ. ਸਸਤਾ ਹੋਇਆ ਹੈ। 31 ਅਗਸਤ ਨੂੰ ਸੋਨੇ ਦੀ ਕੀਮਤ ਲਗਭਗ 1.56 ਲੱਖ ਸੀ ਅਤੇ ਚਾਂਦੀ ਦੀ ਕੀਮਤ 2.37 ਰੁ. ਲੱਖ ਸੀ।



ਇਸ ਸਾਲ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਲਗਾਤਾਰ ਉਤਰਾਅ-ਚੜ੍ਹਾਅ ਦੇਖਣ ਨੂੰ ਮਿਲਿਆ ਹੈ। ਹੁਣ ਤੱਕ ਸੋਨਾ 18,000 ਰੁ. ਮਹਿੰਗਾ ਹੋ ਚੁੱਕਾ ਹੈ। 31 ਦਸੰਬਰ 2025 ਨੂੰ 10 ਗ੍ਰਾਮ ਸੋਨੇ ਦੀ ਕੀਮਤ 1.33 ਲੱਖ ਰੁ. ਸੀ, ਜੋ (ਬਾਕੀ ਸਫ਼ਾ 2 'ਤੇ)

ਅਮਰੀਕਾ ਨੇ ਪਹਿਲੀ ਵਾਰ ਮੰਨਿਆ: ਪੁਲਾੜ ਵਿੱਚ ਹਥਿਆਰ ਤਾਇਨਾਤ ਕੀਤੇ

- **ਹਥਿਆਰਾਂ ਦੀਆਂ ਕਿਸਮਾਂ ਅਤੇ ਤਾਇਨਾਤੀ ਦੀਆਂ ਤਾਰੀਖਾਂ ਬਾਰੇ ਵੇਰਵੇ ਗੁਪਤ ਰੱਖੇ ਗਏ ਹਨ; ਪੁਲਾੜੀ ਜੰਗ ਦਾ ਖਤਰਾ ਵਧਿਆ**



ਵਾਸ਼ਿੰਗਟਨ, 15 ਸਤੰਬਰ
(ਪੈ.ਗਾਮ-ਏ-ਜਗਤ)

ਅਮਰੀਕਾ ਨੇ ਪਹਿਲੀ ਵਾਰ ਮੰਨਿਆ ਹੈ ਕਿ ਉਸਨੇ ਪੁਲਾੜ ਵਿੱਚ ਹਥਿਆਰ ਤਾਇਨਾਤ ਕੀਤੇ ਹਨ। ਅਮਰੀਕੀ ਹਵਾਈ ਸੈਨਾ ਦੇ ਸਕੱਤਰ ਟਰੌਏ ਮੇਨਕ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਅਮਰੀਕਾ ਕੋਲ ਪੁਲਾੜੀ (ਔਰਬਿਟ) ਵਿੱਚ ਅਜਿਹੇ ਹਥਿਆਰ ਮੌਜੂਦ ਹਨ ਜੋ ਲੋੜ ਪੈਣ 'ਤੇ ਅਮਰੀਕੀ ਫੌਜੀਆਂ ਨੂੰ ਦੁਸ਼ਮਣ ਦੇ ਹਮਲਿਆਂ ਤੋਂ ਬਚਾਉਣ ਦੇ ਸਮਰੱਥ ਹਨ।

ਅਮਰੀਕੀ ਅਧਿਕਾਰੀ ਨੇ ਇਨ੍ਹਾਂ ਹਥਿਆਰਾਂ ਦੀ ਕਿਸਮ ਜਾਂ ਗਿਣਤੀ ਬਾਰੇ ਅਤੇ ਨਾ ਹੀ ਇਹ ਦੱਸਿਆ ਕਿ ਇਨ੍ਹਾਂ ਨੂੰ ਕਦੋਂ ਪੁਲਾੜ ਵਿੱਚ ਭੇਜਿਆ ਗਿਆ ਸੀ। ਇਹ ਖੁਲਾਸਾ ਅਮਰੀਕਾ, ਰੂਸ ਅਤੇ ਚੀਨ ਵਿਚਕਾਰ ਪੁਲਾੜ ਵਿੱਚ ਆਪਣੀ ਸਮਰੱਥਾ ਵਧਾਉਣ ਲਈ ਚੱਲ ਰਹੀ ਦੌੜ ਦੇ ਵਿਚਕਾਰ ਸਾਹਮਣੇ ਆਇਆ ਹੈ। ਇਸ ਨਾਲ ਇਹ ਚਿੰਤਾ ਵੀ ਵਧ ਗਈ ਹੈ ਕਿ ਪੁਲਾੜ ਵਿੱਚ ਹਥਿਆਰਾਂ ਦੀ ਦੌੜ ਹੋਰ ਤੇਜ਼ ਹੋ ਸਕਦੀ ਹੈ। ਅਮਰੀਕਾ ਲੰਬੇ ਸਮੇਂ ਤੋਂ ਰੂਸ ਅਤੇ ਚੀਨ ਦੀ ਪੁਲਾੜ-ਅਧਾਰਿਤ ਫੌਜੀ ਸਮਰੱਥਾ ਵਿੱਚ ਹੋ ਰਹੇ ਵਾਧੇ 'ਤੇ ਚਿੰਤਾ ਪ੍ਰਗਟ ਕਰਦਾ ਰਿਹਾ ਹੈ। ਆਧੁਨਿਕ ਜੰਗ ਵਿੱਚ ਉਪਗ੍ਰਹਿ (ਸੈਟੇਲਾਈਟ) ਬਹੁਤ ਅਹਿਮ ਬਣ ਗਏ ਹਨ।

ਫੌਜੀ ਬਲ ਸੰਚਾਰ, ਨੇਵੀਗੇਸ਼ਨ, ਖੁਫੀਆ ਜਾਣਕਾਰੀ ਇਕੱਠੀ ਕਰਨ ਅਤੇ ਮਿਜ਼ਾਈਲ ਟਰੈਕਿੰਗ ਵਰਗੇ ਕੰਮਾਂ ਲਈ ਇਨ੍ਹਾਂ ਦੀ ਵਰਤੋਂ ਕਰਦੇ ਹਨ। ਨਤੀਜੇ ਵਜੋਂ, ਕਿਸੇ ਦੇਸ਼ ਦੇ ਉਪਗ੍ਰਹਿ 'ਤੇ ਹਮਲਾ ਉਸਦੀ ਫੌਜੀ ਤਾਕਤ ਨੂੰ ਕਮਜ਼ੋਰ ਕਰ ਸਕਦਾ ਹੈ। ਇਸ ਲਈ, ਪ੍ਰਮੁੱਖ ਫੌਜੀ ਸ਼ਕਤੀਆਂ ਹੁਣ ਸਿਰਫ਼ ਨਵੇਂ ਉਪਗ੍ਰਹਿ ਬਣਾਉਣ 'ਤੇ ਹੀ ਧਿਆਨ ਨਹੀਂ ਦੇ ਰਹੀਆਂ; ਉਹ ਆਪਣੇ ਉਪਗ੍ਰਹਿਆਂ ਨੂੰ ਦੁਸ਼ਮਣ ਦੇ ਹਮਲਿਆਂ ਤੋਂ ਬਚਾਉਣ ਅਤੇ ਲੋੜ ਪੈਣ 'ਤੇ (ਬਾਕੀ ਸਫ਼ਾ 2 'ਤੇ)



ਰਵਿੰਦਰ ਸਿੰਘ ਬ੍ਰਹਮਪੁਰਾ ਸ਼੍ਰੋਮਣੀ ਅਕਾਲੀ ਦਲ ਦੀ ਮੁਢਲੀ ਮੈਂਬਰਸ਼ਿਪ ਤੋਂ ਖਾਰਜ

- **ਸੀਨੀਅਰ ਆਗੂ ਮਰਹੂਮ ਰਣਜੀਤ ਸਿੰਘ ਬ੍ਰਹਮਪੁਰਾ ਦੇ ਸਪੁੱਤਰ ਅਤੇ ਸਾਬਕਾ ਵਿਧਾਇਕ ਹਨ ਰਵਿੰਦਰ ਸਿੰਘ ਬ੍ਰਹਮਪੁਰਾ**

ਸ੍ਰੀ ਗੋਇੰਦਵਾਲ ਸਾਹਿਬ, 15 ਸਤੰਬਰ
(ਪੈ.ਗਾਮ-ਏ-ਜਗਤ)

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਹਲਕਾ ਖਡੂਰ ਸਾਹਿਬ ਤੋਂ ਪਾਰਟੀ ਤੋਂ ਮਰਹੂਮ ਸੀਨੀਅਰ ਆਗੂ ਰਣਜੀਤ ਸਿੰਘ ਬ੍ਰਹਮਪੁਰਾ ਦੇ ਸਪੁੱਤਰ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੂੰ ਪਾਰਟੀ ਤੋਂ ਬਾਹਰ ਦਾ ਰਸਤਾ ਦਿਖਾ ਦਿੱਤਾ ਹੈ।



ਪਿਛਲੇ ਲੰਮੇ ਸਮੇ ਤੋਂ ਪਾਰਟੀ ਵਿਰੋਧੀ ਗਤੀਵਿਧੀਆਂ ਕਰਨ ਕਰਕੇ ਬ੍ਰਹਮਪੁਰਾ ਨੂੰ ਪਾਰਟੀ ਦੀ ਮੁੱਢਲੀ ਮੈਂਬਰਸ਼ਿੱਪ ਤੋਂ ਖਾਰਜ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ ਇਸ ਸਬੰਧੀ ਲਿਖਤੀ ਸ਼ਿਕਾਇਤਾਂ ਹਲਕਾ ਖਡੂਰ ਸਾਹਿਬ ਦੇ ਵਰਕਰਾਂ ਵੱਲੋਂ ਪ੍ਰਾਪਤ ਹੋਈਆਂ ਸਨ ਅਤੇ 13 ਸਤੰਬਰ ਨੂੰ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਹੋਈ ਪੰਜਾਬ ਬਚਾਓ ਰੈਲੀ ਸਮੇਂ ਵੀ ਸਥਾਨਕ ਲੀਡਰਸ਼ਿਪ ਨੇ ਰਵਿੰਦਰ ਸਿੰਘ ਬ੍ਰਹਮਪੁਰਾ ਵੱਲੋਂ ਪਾਰਟੀ ਖ਼ਿਲਾਫ਼ ਕੀਤੀਆਂ ਜਾ ਰਹੀਆਂ ਸਾਜਿਸ਼ਾਂ ਸਬੰਧੀ ਮਿਲ ਕੇ ਵੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਸੀ।

ਬਾਦਲ ਨੇ ਕਿਹਾ ਕਿ ਪਾਰਟੀ ਅਨੁਸ਼ਾਸ਼ਨ ਹਰ ਹੀਲੇ ਕਾਇਮ ਰੱਖਿਆ ਜਾਵੇਗਾ ਅਤੇ ਅੱਜ ਇਸ ਸਬੰਧੀ ਪਾਰਟੀ ਦੇ ਸੀਨੀਅਰ ਆਗੂਆਂ ਨਾਲ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਰਵਿੰਦਰ ਸਿੰਘ ਬ੍ਰਹਮਪੁਰਾ ਨੂੰ ਪਾਰਟੀ ਵਿਰੋਧੀ ਕਾਰਵਾਈਆਂ ਕਰਨ ਕਰਕੇ ਪਾਰਟੀ ਦੀ ਮੁਢਲੀ ਮੈਂਬਰਸ਼ਿੱਪ ਤੋਂ ਖਾਰਜ ਕਰ ਦਿੱਤਾ। ਜ਼ਿਕਰਯੋਗ ਹੈ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਖਡੂਰ ਸਾਹਿਬ ਦਾ ਇੰਚਾਰਜ ਬੀਬਾ ਰਮਨਦੀਪ ਕੌਰ ਨੂੰ ਥਾਪੇ ਜਾਣ ਤੋਂ ਬਾਅਦ ਰਵਿੰਦਰ ਸਿੰਘ ਬ੍ਰਹਮਪੁਰਾ ਲਗਾਤਾਰ ਪਾਰਟੀ ਨਾਲ ਨਰਾਜ਼ ਚੱਲਦੇ ਆ ਰਹੇ ਸਨ ਅਤੇ ਲਗਾਤਾਰ ਬੀਬਾ (ਬਾਕੀ ਸਫ਼ਾ 2 'ਤੇ)

ਗੁਰੂਗ੍ਰਾਮ ਹਿੱਟ ਐਂਡ ਰਨ ਮਾਮਲੇ ਦਾ ਮੁਲਜ਼ਮ ਰਾਜਸਥਾਨ ਤੋਂ ਗ੍ਰਿ.ਫਤਾਰ

ਕਤਲ ਦੀ ਕੋਸ਼ਿਸ਼ ਦਾ ਚੱਲੇਗਾ ਕੇਸ

ਗੁਰੂਗ੍ਰਾਮ, 15 ਸਤੰਬਰ
(ਪੈ.ਗਾਮ-ਏ-ਜਗਤ)

ਮਹਿਲਾ ਸਪੋਰਟਸ ਬਾਈਕ ਸਵਾਰ ਨੂੰ ਟੱਕਰ ਮਾਰਨ ਦੇ ਦੋਸ਼ੀ ਕਾਰ ਡਰਾਈਵਰ ਕਲਿਆਨ ਬੈਂਸਲਾ ਨੇ ਮੰਗਲਵਾਰ ਨੂੰ ਰਾਜਸਥਾਨ ਵਿੱਚ ਰਾਜਗੜ੍ਹ-ਦੌਸਾ ਰੋਡ ਤੋਂ ਫੜੇ ਜਾਣ ਸਮੇਂ ਪਿਸ਼ਾਬ ਕਰਨ ਦੇ ਬਹਾਨੇ ਪੁਲੀਸ ਹਿਰਾਸਤ ਵਿੱਚੋਂ ਭੱਜਣ ਦੀ ਕੋਸ਼ਿਸ਼ ਵੀ ਕੀਤੀ। ਇਸ ਕੋਸ਼ਿਸ਼ ਦੌਰਾਨ ਡਿੱਗਣ ਕਾਰਨ ਉਸ ਨੂੰ ਮਾਮੂਲੀ ਸੱਟਾਂ ਲੱਗੀਆਂ ਅਤੇ ਪੁਲੀਸ ਵੱਲੋਂ ਗ੍ਰਿਫ਼ਤਾਰ ਕਰਨ ਤੋਂ ਪਹਿਲਾਂ ਉਸ ਨੂੰ ਹਸਪਤਾਲ ਵਿੱਚ ਮੁੱਢਲੀ ਸਹਾਇਤਾ ਦਿੱਤੀ ਗਈ।

ਘਟਨਾ ਵਿੱਚ ਵਰਤੀ ਗਈ ਕਾਰ, ਜੋ ਕਿ ਦੋਸ਼ੀ ਦੇ ਇੱਕ ਜਾਣਕਾਰ ਦੇ ਨਾਂ 'ਤੇ ਰਜਿਸਟਰਡ ਹੈ, ਮੁਲਜ਼ ਦੇ ਕਬਜ਼ੇ ਵਿੱਚੋਂ ਬਰਾਮਦ ਕਰ ਲਈ ਗਈ ਹੈ। ਪੁਲੀਸ ਨੇ ਬੈਂਸਲਾ ਦੇ ਇੱਕ ਦੋਸਤ ਨੂੰ ਵੀ ਹਿਰਾਸਤ ਵਿੱਚ ਲਿਆ ਹੈ, ਜਿਸ ਦੀ ਪਛਾਣ ਲਵਨੀਸ਼ ਵਜੋਂ ਹੋਈ ਹੈ, ਜੋ ਘਟਨਾ ਸਮੇਂ ਬੈਂਸਲਾ ਦੇ ਨਾਲ ਸੀ। ਉਹ ਬੈਂਸਲਾ ਦਾ ਦੂਰ ਦਾ ਚਚੇਰਾ ਭਰਾ ਹੈ ਅਤੇ ਪੁਲੀਸ ਪੂਰੀ ਘਟਨਾ ਵਿੱਚ ਲਵਨੀਸ਼ ਦੀ ਭੂਮਿਕਾ ਦੀ ਜਾਂਚ ਕਰ ਰਹੀ ਹੈ।



ਪੁਲੀਸ ਅਨੁਸਾਰ, ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਦੀ ਪਛਾਣ ਕਲਿਆਨ ਬੈਂਸਲਾ (33) ਵਜੋਂ ਹੋਈ ਹੈ, ਜੋ ਪਲਵਲ ਜ਼ਿਲ੍ਹੇ ਦੇ ਚੰਦਹਾਟ ਦਾ ਰਹਿਣ ਵਾਲਾ ਹੈ। ਉਹ ਇੱਕ ਜਿੰਮ ਸੰਚਾਲਕ ਹੈ ਅਤੇ ਪ੍ਰਾਪਰਟੀ ਦੇ (ਬਾਕੀ ਸਫ਼ਾ 2 'ਤੇ)

ਨਿਊਯਾਰਕ: ਦੋਸਤ ਸਣੇ ਟਰੇਨ ਦੀ ਚਪੇਟ 'ਚ ਆਈ ਭਾਰਤੀ ਮੂਲ ਦੀ ਮੁਟਿਆਰ

- **'ਪਟੜੀ 'ਤੇ ਬੈਠ ਕੇ ਕਰ ਰਹੇ ਸੀ ਹਾਸਾ-ਮਜ਼ਾਕ'**

ਨਿਊਯਾਰਕ, 15 ਸਤੰਬਰ
(ਪੈ.ਗਾਮ-ਏ-ਜਗਤ)

ਮੀਡੀਆ ਰਿਪੋਰਟਾਂ ਅਨੁਸਾਰ ਲੋਅਰ ਮੈਨਹੈਟਨ ਦੇ ਇੱਕ ਸਬਵੇਅ ਸਟੇਸ਼ਨ 'ਤੇ ਪਟੜੀਆਂ 'ਤੇ ਬੈਠਣ ਦੌਰਾਨ ਟਰੇਨ ਦੀ ਚਪੇਟ 'ਚ ਆਉਣ ਨਾਲ ਭਾਰਤੀ ਮੂਲ ਦੀ ਇੱਕ ਮੁਟਿਆਰ ਅਤੇ ਉਸ ਦੇ ਨੇਪਾਲੀ-ਅਮਰੀਕੀ ਦੋਸਤ (ਦੋਵਾਂ ਦੀ ਉਮਰ 24 ਸਾਲ) ਦੀ ਮੌਤ ਹੋ ਗਈ।



ਨਿਊਯਾਰਕ ਪੁਲੀਸ ਵਿਭਾਗ (ਐੱਨਵਾਈਪੀਡੀ) ਨੇ ਦੱਸਿਆ ਕਿ ਡੇਟਨ, ਨਿਊ ਜਰਸੀ ਦੀ ਰਹਿਣ ਵਾਲੀ ਮਲਾਇਕਾ ਚਿਤ੍ਰੇ ਅਤੇ ਸੇਅਰੇਵਿਲੇ, ਨਿਊ ਜਰਸੀ ਦਾ ਰਹਿਣ ਵਾਲਾ ਨਵਮ ਕੌਲ ਸਪ੍ਰਿੰਗ ਸਟ੍ਰੀਟ ਸਬਵੇਅ ਸਟੇਸ਼ਨ ਉੱਤੇ ਪਟੜੀ 'ਤੇ ਮੌਜੂਦ ਸਨ, ਜਦੋਂ ਤੜਕੇ ਲਗਪਗ 3:15 ਵਜੇ ਦੱਖਣ ਵੱਲ ਜਾ ਰਹੀ 4 ਨੰਬਰ ਟਰੇਨ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ।

ਇੱਕ ਰਾਹਗੀਰ ਵੱਲੋਂ ਰਿਕਾਰਡ ਕੀਤੀ ਗਈ ਅਤੇ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਵੀਡੀਓ ਵਿੱਚ ਦਿੱਤਾ ਕਿ ਟਰੇਨ ਦੀ ਟੱਕਰ ਤੋਂ ਕੁਝ ਸੈਕਿੰਡ ਪਹਿਲਾਂ ਦੋਵੇਂ ਦੋਸਤ ਪਟੜੀ 'ਤੇ ਆਰਾਮ ਨਾਲ ਬੈਠੇ ਹੋਏ ਸਨ। 'ਨਿਊਯਾਰਕ ਪੋਸਟ' ਵੱਲੋਂ ਹਵਾਲਾ ਦਿੱਤੇ ਸਰੋਤਾਂ ਅਨੁਸਾਰ, ਟਰੇਨ ਚਾਲਕ ਨੇ ਅਧਿਕਾਰੀਆਂ ਨੂੰ ਦੱਸਿਆ ਕਿ ਜਦੋਂ ਦੋਵੇਂ ਪਟੜੀ 'ਤੇ ਬੈਠੇ ਸਨ ਤਾਂ ਚਿਤ੍ਰੇ ਹੱਸ ਰਹੀ ਜਾਪਦੀ ਸੀ ਅਤੇ ਉਹ ਕੌਲ ਨੂੰ ਆਪਣੀ ਵੱਲ ਖਿੱਚ ਰਹੀ ਸੀ। ਕਾਨੂੰਨ ਲਾਗੂ ਕਰਨ ਵਾਲੇ ਸਰੋਤਾਂ ਨੇ ਦੱਸਿਆ ਕਿ ਦੋਵਾਂ ਪੀੜਤਾਂ ਵਿੱਚੋਂ ਇੱਕ ਸ਼ਾਇਦ ਪਟੜੀ 'ਤੇ ਡਿੱਗ ਪਿਆ ਸੀ ਜਾਂ ਹੇਠਾਂ ਉਤਰ ਗਿਆ ਸੀ, ਜਿਸ ਤੋਂ ਬਾਅਦ ਦੂਜਾ ਉਸ ਦੀ ਮਦਦ ਲਈ ਹੇਠਾਂ ਗਿਆ ਹੋ ਸਕਦਾ ਹੈ। ਟਰੇਨ ਚਾਲਕ ਨੇ ਕਥਿਤ ਤੌਰ 'ਤੇ ਅਧਿਕਾਰੀਆਂ ਨੂੰ ਦੱਸਿਆ ਕਿ ਉਸ ਨੇ ਚਿਤ੍ਰੇ ਅਤੇ ਕੌਲ ਨੂੰ ਪਟੜੀਆਂ 'ਤੇ ਦੇਖਿਆ ਅਤੇ (ਬਾਕੀ ਸਫ਼ਾ 2 'ਤੇ)

ਸੀਆਈਏ ਅਸੰਧ ਦੀ ਵੱਡੀ ਕਾਰਵਾਈ, ਦੁਕਾਨ ਦਾ ਸ਼ਟਰ ਤੋੜ ਕੇ ਲੱਖਾਂ ਰੁਪਏ ਦੀ ਨਕਦੀ ਚੋਰੀ ਕਰਨ ਵਾਲੇ ਦੋ ਦੋਸ਼ੀ ਗ੍ਰਿਫ਼ਤਾਰ

ਕਬਜ਼ੇ ਵਿੱਚ ਲਗਭਗ 21 ਹਜ਼ਾਰ ਰੁਪਏ ਨਕਦ ਅਤੇ ਚੋਰੀ ਦੇ ਰੁਪਇਆਂ ਨਾਲ ਖਰੀਦੀ ਗਈ ਗੱਡੀ ਬਰਾਮਦ

ਪੈ.ਗਾਮ-ਏ-ਜਗਤ/ਕਰਨਾਲ
15 ਸਤੰਬਰ (ਪ੍ਰਵੀਨ ਵਾਲੀਆ)

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਪੁਲਿਸ ਸੁਪਰਡੈਂਟ ਕਰਨਾਲ ਸ੍ਰੀ ਕਰਨ ਗੋਇਲ, ਆਈਪੀਐਸ ਦੀ ਕੁਸ਼ਲ ਅਗਵਾਈ ਅਤੇ ਦਿਸ਼ਾ-ਨਿਰਦੇਸ਼ਾਂ ਵਿੱਚ ਚੋਰੀ, ਸੰਨ੍ਹਮਾਰੀ ਅਤੇ ਹੋਰ ਜਾਇਦਾਦ ਸਬੰਧੀ ਅਪਰਾਧਾਂ ਵਿੱਚ ਸ਼ਾਮਲ ਦੋਸ਼ੀਆਂ ਵਿਰੁੱਧ ਲਗਾਤਾਰ ਸਖ਼ਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਸੀਆਈਏ ਅਸੰਧ ਦੀ ਟੀਮ ਨੇ ਦੁਕਾਨ ਦਾ ਸ਼ਟਰ ਤੋੜ ਕੇ ਲਗਭਗ 6 ਲੱਖ ਰੁਪਏ ਦੀ ਨਕਦੀ ਚੋਰੀ ਕਰਨ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੋ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਦੋਸ਼ੀਆਂ ਦੇ ਕਬਜ਼ੇ ਵਿੱਚੋਂ ਚੋਰੀ ਦੀ ਰਕਮ ਵਿੱਚੋਂ ਲਗਭਗ 21 ਹਜ਼ਾਰ ਰੁਪਏ ਦੀ ਨਕਦੀ ਅਤੇ ਚੋਰੀ ਦੇ ਰੁਪਇਆਂ ਨਾਲ ਖਰੀਦੀ ਗਈ ਇੱਕ ਗੱਡੀ ਬਰਾਮਦ ਕੀਤੀ ਗਈ ਹੈ। ਗ੍ਰਿਫ਼ਤਾਰ ਦੋਸ਼ੀਆਂ ਦੀ ਪਛਾਣ ਨਰੇਂਦਰ ਪੁੱਤਰ ਨਰੇਸ਼ ਨਿਵਾਸੀ ਬੇਰੀਖੇੜਾ, ਥਾਣਾ ਪਿੱਲੂਖੇੜਾ, ਜ਼ਿਲ੍ਹਾ ਜੀਂਦ ਅਤੇ ਹਰੀਕੇਸ਼ ਉਰਫ਼ ਕੇਸੂ ਪੁੱਤਰ ਸੰਜੇ ਨਿਵਾਸੀ ਕਬੂਲਪੁਰ, ਥਾਣਾ ਸ਼ਿਵਾਜੀ ਕਾਲੋਨੀ, ਜ਼ਿਲ੍ਹਾ ਰੋਹਤਕ ਵਜੋਂ ਹੋਈ ਹੈ। ਇਸ ਸਬੰਧ ਵਿੱਚ ਪ੍ਰੈੱਸ ਵਾਰਤਾ ਨੂੰ ਸੰਬੋਧਨ ਕਰਦਿਆਂ ਡੀਐਸਪੀ ਅਸੰਧ ਸ੍ਰੀ ਗੋਰਖਪਾਲ ਨੇ ਦੱਸਿਆ ਕਿ ਥਾਣਾ ਨਿਸਿੰਗ ਵਿੱਚ ਖੜਗ ਸਿੰਘ



ਪੁੱਤਰ ਮੋਹਨ ਲਾਲ ਨਿਵਾਸੀ ਨਿਸਿੰਗ ਦੀ ਸ਼ਿਕਾਇਤ 'ਤੇ ਮਿਤੀ 08 ਸਤੰਬਰ 2026 ਨੂੰ ਚੋਰੀ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸ ਦੀ ਓਰੀਐਂਟਲ ਬੈਂਕ ਦੇ ਨੇੜੇ ਕਪੂਰ ਜਨਰਲ ਸਟੋਰ ਦੇ ਨਾਂ 'ਤੇ ਕੱਪੜੇ ਦੀ ਦੁਕਾਨ ਹੈ। ਮਿਤੀ 07 ਅਗਸਤ 2026 ਦੀ ਰਾਤ ਨੂੰ ਉਹ ਦੁਕਾਨ ਬੰਦ ਕਰਕੇ ਘਰ ਚਲਾ ਗਿਆ ਸੀ। ਅਗਲੇ ਦਿਨ ਸਵੇਰੇ ਦੁਕਾਨ 'ਤੇ ਪਹੁੰਚਣ 'ਤੇ ਸ਼ਟਰ/ਰੋਲਰ ਟੁੱਟਿਆ ਹੋਇਆ ਮਿਲਿਆ। ਦੁਕਾਨ ਦੀ ਜਾਂਚ ਕਰਨ 'ਤੇ ਗੱਲੇ ਵਿੱਚ ਰੱਖੀ ਲਗਭਗ 6 ਲੱਖ ਰੁਪਏ ਦੀ ਨਕਦੀ ਚੋਰੀ ਹੋਣ ਦੀ ਜਾਣਕਾਰੀ ਸਾਹਮਣੇ ਆਈ।

ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਸੀਆਈਏ ਅਸੰਧ ਦੀ ਟੀਮ ਵੱਲੋਂ ਦੋਸ਼ੀਆਂ ਦੀ ਧਰਪਕੜ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਸਨ। ਇਸ ਦੌਰਾਨ ਸੀਆਈਏ ਅਸੰਧ ਇੰਚਾਰਜ ਸਬ ਇੰਸਪੈਕਟਰ ਸਲਿੰਦਰ ਸਿੰਘ ਦੀ ਅਗਵਾਈ ਵਿੱਚ ਗਠਿਤ ਪੁਲਿਸ ਟੀਮ ਨੇ ਉਪਲਬਧ ਭਰੋਸੇਯੋਗ ਸਬੂਤਾਂ ਅਤੇ ਤਕਨੀਕੀ ਜਾਂਚ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਦੋਵਾਂ ਦੋਸ਼ੀਆਂ ਨੂੰ ਹਾਈਵੇ 152-ਡੀ, ਅਸੰਧ-ਜੀਂਦ ਰੋਡ, ਰਕਬਾ ਪਿੰਡ ਬਾਹਰੀ, ਥਾਣਾ ਅਸੰਧ ਖੇਤਰ ਦੇ ਨੇੜੇ ਤੋਂ ਕਾਬੂ ਕੀਤਾ।

ਪੁਲਿਸ ਟੀਮ ਵੱਲੋਂ ਦੋਸ਼ੀਆਂ ਦੇ ਕਬਜ਼ੇ ਵਿੱਚੋਂ ਲਗਭਗ 21 ਹਜ਼ਾਰ ਰੁਪਏ ਦੀ ਨਕਦੀ ਬਰਾਮਦ ਕੀਤੀ ਗਈ। ਇਸ ਤੋਂ ਇਲਾਵਾ, ਦੋਸ਼ੀਆਂ ਵੱਲੋਂ ਚੋਰੀ ਕੀਤੇ ਰੁਪਇਆਂ ਨਾਲ ਖਰੀਦੀ ਗਈ ਇੱਕ ਗੱਡੀ ਵੀ ਬਰਾਮਦ ਕੀਤੀ ਗਈ ਹੈ। ਡੀਐਸਪੀ ਅਸੰਧ ਨੇ ਦੱਸਿਆ ਕਿ ਦੋਵਾਂ ਦੋਸ਼ੀਆਂ ਵਿਰੁੱਧ ਪਹਿਲਾਂ ਵੀ ਹੋਰ ਅਪਰਾਧਿਕ ਮਾਮਲੇ ਦਰਜ ਹਨ। ਬਰਾਮਦਗੀ ਸਬੰਧੀ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

ਥੈਲੇਸੀਮਿਕ ਚੈਰੀਟੇਬਲ ਟਰੱਸਟ ਨੇ 341ਵੇਂ ਖ਼ੂਨਦਾਨ ਕੈਂਪ ਦਾ ਕੀਤਾ ਆਯੋਜਨ, 58 ਯੂਨਿਟ ਖ਼ੂਨ ਇਕੱਠਾ

ਪੈ.ਗਾਮ-ਏ-ਜਗਤ/ਚੰਡੀਗੜ੍ਹ
(ਹਰਮਿੰਦਰ ਸਿੰਘ ਨਾਗਪਾਲ)





ਥੈਲੇਸੀਮਿਕ ਚੈਰੀਟੇਬਲ ਟਰੱਸਟ ਅਤੇ ਪੀਜੀਆਈਐਮਈਆਰ ਦੇ ਟਰਾਂਸਫਿਊਜ਼ਨ ਮੈਡੀਸਨ ਵਿਭਾਗ ਨੇ ਮਾਨਵਤਾ ਕਲਿਆਣ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ 13 ਸਤੰਬਰ 2026 ਨੂੰ ਸ਼੍ਰੀ ਸਿੱਧ ਬਾਬਾ ਬਾਲਕ ਨਾਥ ਮੰਦਰ, ਸੈਕਟਰ 29, ਚੰਡੀਗੜ੍ਹ ਵਿੱਚ ਇੱਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ। ਇਹ TCT ਦਾ 341ਵਾਂ ਖ਼ੂਨਦਾਨ ਕੈਂਪ ਸੀ। ਕੈਂਪ ਦਾ ਉਦਘਾਟਨ ਚੰਡੀਗੜ੍ਹ ਨਗਰ ਨਿਗਮ ਦੇ ਕੌਂਸਲਰ ਸ਼੍ਰੀ ਰਾਜਿੰਦਰ ਕੁਮਾਰ ਸ਼ਰਮਾ ਨੇ ਕੀਤਾ। ਇਸ ਮੌਕੇ ਕੌਂਸਲਰ ਅਤੇ ਸਾਬਕਾ ਡਿਪਟੀ ਮੇਅਰ ਸ਼੍ਰੀਮਤੀ ਤਰੁਣਾ ਮਹਿਤਾ ਨੇ ਖ਼ੂਨਦਾਨੀਆਂ ਦਾ ਹੌਸਲਾ ਵਧਾਇਆ। ਉਨ੍ਹਾਂ ਨੇ ਲੋਕਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਥੈਲੇਸੀਮੀਆ ਅਤੇ ਹੋਰ ਗੰਭੀਰ ਬਿਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਦੀ ਜਾਨ ਬਚਾਉਣ ਲਈ ਨਿਯਮਤ ਖ਼ੂਨਦਾਨ ਬਹੁਤ ਜ਼ਰੂਰੀ ਹੈ। ਕੈਂਪ ਵਿੱਚ ਵਿਆਹ ਤੋਂ ਪਹਿਲਾਂ ਐਚਪੀਐਲਸੀ ਜਾਂਚ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਇੱਕ ਥੈਲੇਸੀਮੀਆ ਜਾਗਰੂਕਤਾ ਡੈਸਕ ਵੀ ਲਗਾਇਆ ਗਿਆ।

ਮਾਨਵਤਾ ਕਲਿਆਣ ਸੇਵਾ ਸੁਸਾਇਟੀ ਦੇ ਇਸ ਪਹਿਲੇ ਖ਼ੂਨਦਾਨ ਕੈਂਪ ਵਿੱਚ 58 ਖ਼ੂਨਦਾਨੀਆਂ ਨੇ ਸਵੈ-ਇੱਛਾ ਨਾਲ ਖ਼ੂਨਦਾਨ ਕੀਤਾ। ਟਰੱਸਟ ਵੱਲੋਂ ਸੁਸਾਇਟੀ ਦੇ ਪ੍ਰਧਾਨ ਸ਼੍ਰੀ ਪਵਨ ਸ਼ਰਮਾ ਅਤੇ ਉਨ੍ਹਾਂ ਦੀ ਟੀਮ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਕੈਂਪ ਨੂੰ ਸਫਲ ਬਣਾਉਣ ਵਿੱਚ ਟਰੱਸਟ ਦੇ ਮੈਂਬਰ ਸਕੱਤਰ ਸ਼੍ਰੀ ਰਾਜਿੰਦਰ ਕਲਰਾ, ਸੀਨੀਅਰ ਉਪ-ਪ੍ਰਧਾਨ ਸ਼੍ਰੀ ਏ.ਪੀ. ਸਿੰਘ ਅਤੇ ਸ਼੍ਰੀ ਵਿਕਾਸ ਮੱਕੜ ਨੇ ਅਹਿਮ ਭੂਮਿਕਾ ਨਿਭਾਈ। ਟਰਾਂਸਫਿਊਜ਼ਨ ਮੈਡੀਸਨ ਵਿਭਾਗ ਦੇ ਵਿਭਾਗ ਮੁਖੀ ਪ੍ਰੋ. (ਡਾ.) ਆਰ.ਆਰ. ਸ਼ਰਮਾ ਅਤੇ ਸ਼੍ਰੀ ਰਾਜਿੰਦਰ ਕਲਰਾ ਨੇ ਸਾਰੇ ਖ਼ੂਨਦਾਨੀਆਂ, ਪ੍ਰਬੰਧਕਾਂ ਅਤੇ ਪੀਜੀਆਈ ਦੀ ਮੈਡੀਕਲ ਟੀਮ ਦਾ ਧੰਨਵਾਦ ਕੀਤਾ।

ਕੌਂਸਲਰ ਹਰਦੀਪ ਸਿੰਘ ਬੁਟੇਰਲਾ ਨੇ ਸ਼ੁਰੂ ਕਰਵਾਇਆ ਪੇਵਰ ਬਲਾਕ ਲਗਵਾਉਣ ਦਾ ਕੰਮ

ਪੈ.ਗਾਮ-ਏ-ਜਗਤ/ਚੰਡੀਗੜ੍ਹ
15 ਸਤੰਬਰ (ਹਰਮਿੰਦਰ ਸਿੰਘ ਨਾਗਪਾਲ)

ਨਗਰ ਨਿਗਮ ਚੰਡੀਗੜ੍ਹ ਦੇ ਵਾਰਡ ਨੰਬਰ 30 ਤੋਂ ਇਲਾਕਾ ਕੌਂਸਲਰ ਹਰਦੀਪ ਸਿੰਘ ਬੁਟੇਰਲਾ ਵੱਲੋਂ ਅੱਜ ਆਪਣੇ ਵਾਰਡ ਅਧੀਨ ਆਉਂਦੇ ਖੇਤਰ ਸੈਕਟਰ 41-ਡੀ ਦੇ ਮਕਾਨ ਨੰਬਰ 3001 ਦੇ ਨੇੜੇ (ਜੰਗਲ ਰੋਡ) ਉਤੇ ਪੇਵਰ ਬਲਾਕ ਲਗਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਕੌਂਸਲਰ ਬੁਟੇਰਲਾ ਨੇ ਕਿਹਾ ਕਿ ਇਸ ਥਾਂ ਉਤੇ ਪੇਵਰ ਲਗਾਉਣ ਨਾਲ ਜਿੱਥੇ ਵਾਰਡ ਦੀ ਦਿੱਖ ਹੋਰ ਸੋਹਣੀ ਹੋਵੇਗੀ ਉੱਥੇ ਹੀ ਗੱਡੀਆਂ ਖੜੋਣ ਦੀ ਪਾਰਕਿੰਗ ਲਈ ਲੋਕਾਂ ਨੂੰ ਵੀ ਸੁਵਿਧਾ ਹੋਵੇਗੀ। ਥੋੜ੍ਹੇ ਜਿਹੇ ਜੰਗਲੀ ਖੇਤਰ ਤੇ ਨਾਲ ਤੋਂ ਗੁਜ਼ਰ ਰਹੀ ਇਸ ਸੜਕ ਉੱਤੇ ਕੁਝ ਜੰਗਲੀ ਜੀਵਾਂ ਕਰਕੇ ਆ ਰਹੀ ਸਮੱਸਿਆ ਦੇ ਹੱਲ ਵਾਸਤੇ ਕੌਂਸਲਰ ਬੁਟੇਰਲਾ ਨੇ ਦੱਸਿਆ ਕਿ ਇੱਥੇ ਲੱਗੀ ਹੋਈ ਰੇਲਿੰਗ ਨੂੰ ਹੋਰ ਉੱਚਾ ਕਰਵਾ ਦਿੱਤਾ ਜਾਵੇਗਾ ਤਾਂ ਕਿ ਜੰਗਲੀ ਜੀਵਾਂ ਦੀ ਵਜ?ਹਾ ਨਾਲ ਲੋਕਾਂ ਨੂੰ ਆ ਰਹੀ ਸਮੱਸਿਆ ਦਾ ਹੱਲ ਹੋ ਸਕੇ। ਇਸ ਮੌਕੇ ਹਰੀਆ, ਜਸਪਾਲ ਸਿੰਘ, ਮਨਪ੍ਰੀਤ ਸਿੰਘ, ਲੱਖਾ, ਪਰਵਿੰਦਰ ਸਿੰਘ ਨੰਬਰਦਾਰ, ਗੁਰਬਖ਼ਸ਼ ਸਿੰਘ, ਸੁਰਜੀਤ ਸਿੰਘ, ਅਵਤਾਰ ਸਿੰਘ, ਹਰਸ਼ਪ੍ਰੀਤ ਸਿੰਘ ਆਦਿ ਵੀ ਹਾਜ਼ਰ ਸਨ।

'ਪਰਯੂਸ਼ਣ' ਮਹਾਂਪਰਵ ਸਵੈ-ਸ਼ੁੱਧੀ ਅਤੇ ਅਹਿੰਸਾ ਦਾ ਤਿਉਹਾਰ ਹੈ : ਸਾਧਵੀ ਭਾਗਯਵਤੀ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

- **ਤੇਰਾਪੰਥ ਭਵਨ ਵਿੱਚ ਜੈਨ ਅਨੁਯਾਈਆਂ ਨੇ ਮਨਾਈ ਸੰਵਤਸਰੀ**



ਤੇਰਾਪੰਥ ਭਵਨ ਵਿੱਚ ਸਾਧਵੀ ਸ਼੍ਰੀ ਭਾਗਯਵਤੀ ਦੀ ਹਾਜ਼ਰੀ ਵਿੱਚ ਸੰਵਤਸਰੀ ਮਨਾਈ ਗਈ ਇਹ ਪਰਯੂਸ਼ਣ ਮਹਾਂਪਰਵ ਦਾ ਵਿਸ਼ੇਸ਼ ਦਿਨ ਹੈ ਜਿਸ ਨੂੰ ਜੈਨ ਸਮਾਜ ਵੱਲੋਂ ਮਨਾਇਆ ਜਾਂਦਾ ਹੈ ਉਕਤ ਜਾਣਕਾਰੀ ਤੇਰਾਪੰਥ ਸਭਾ ਮੀਡੀਆ ਇੰਚਾਰਜ ਸਚਿਨ ਜੈਨ ਨੇ ਦਿੱਤੀ।

ਸਾਧਵੀ ਭਾਗਯਵਤੀ ਨੇ ਸ਼ਰਧਾਲੂਆਂ ਨੂੰ ਪ੍ਰਵਚਨ ਦਿੰਦਿਆਂ ਕਿਹਾ ਕਿ ਜੈਨ ਧਰਮ ਵਿੱਚ ਪਰਯੂਸ਼ਣ ਦਾ ਅਹਿਮ ਮਹੱਤਵ ਹੈ ਜਿਸ ਦੌਰਾਨ ਅਨੁਯਾਈ ਪੂਰਾ ਹਫ਼ਤਾ ਜਪ ਕਰਦੇ ਹਨ ਅਤੇ ਤਿਆਗ ਵਜੋਂ ਆਪਣੀਆਂ-ਆਪਣੀਆਂ ਪਸੰਦੀਦਾ ਵਸਤੂਆਂ ਦਾ ਤਿਆਗ ਕਰਦੇ ਹਨ, ਅੱਜ ਇਹ ਤਿਉਹਾਰ ਸੰਵਤਸਰੀ ਵਜੋਂ ਮਨਾਇਆ ਜਾ ਰਿਹਾ ਹੈ ਇਸ ਦਿਨ ਅਨੁਯਾਈ ਵਰਤ ਰੱਖਦੇ ਹਨ ਅਤੇ ਅਗਲੀ ਸਵੇਰ ਵਰਤ ਨੂੰ ਸਮਾਪਤ ਕਰਦੇ ਹਨ ਅਤੇ ਹਰ ਪ੍ਰਾਣੀ ਮਾਤਰ ਤੋਂ ਮਾਫ਼ੀ ਮੰਗਦੇ ਹਨ

ਇਸ ਮੌਕੇ ਤੇਰਾਪੰਥ ਸਭਾ ਦੇ ਪ੍ਰਧਾਨ ਸੁਭਾਸ਼ ਜੈਨ ਨੇ ਕਿਹਾ ਕਿ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਇਨ੍ਹਾਂ ਪਵਿੱਤਰ ਦਿਨਾਂ ਵਿੱਚ ਅਹਿੰਸਾ, ਜੀਵ ਦਇਆ ਅਤੇ ਸੱਚ ਦੇ ਰਾਹ 'ਤੇ ਚੱਲਣ ਦਾ ਪ੍ਰਣ ਲੈਣ ਅਤੇ ਰਾਤ ਦੇ ਭੋਜਨ ਦਾ ਤਿਆਗ ਕਰਨ।

ਮੌਕੇ 'ਤੇ ਤੇਰਾਪੰਥ ਸਭਾ, ਤੇਰਾਪੰਥ ਮਹਿਲਾ ਮੰਡਲ, ਤੇਰਾਪੰਥ ਯੁਵਕ ਪ੍ਰੀਸ਼ਦ, ਤੇਰਾਪੰਥ ਪ੍ਰੋਫੈਸ਼ਨਲ ਫੋਰਮ ਅਤੇ ਤੁਲਸੀ ਕਲਿਆਣ ਕੇਂਦਰ ਦੇ ਮੈਂਬਰ ਮੌਜੂਦ ਰਹੇ।

ਤਿੱਬਤ ਤੋਂ ਆਏ ਪਦ ਯਾਤਰੀ ਤੇਸਰਿੰਗ ਥਾਰਚਿਨ ਦਾ ਮੇਅਰ ਨੇ ਕੀਤਾ ਨਿੱਘਾ ਸਵਾਗਤ

ਪੈ.ਗਾਮ-ਏ-ਜਗਤ
ਕਰਨਾਲ (ਪ੍ਰਵੀਨ ਵਾਲੀਆ)

ਤਿੱਬਤ ਤੋਂ ਪੈਦਲ ਭਾਰਤ ਭ੍ਰਮਣ 'ਤੇ ਨਿਕਲੇ ਪਦਯਾਤਰੀ ਤੇਸਰਿੰਗ ਥਾਰਚਿਨ ਦਾ ਦਾਨਵੀਰ ਕਰਨ ਦੀ ਨਗਰੀ ਕਰਨਾਲ ਵਿੱਚ ਨਿੱਘਾ ਸਵਾਗਤ ਹੋਇਆ। ਮੇਅਰ ਰੇਣੂ ਬਾਲਾ ਗੁਪਤਾ ਨੇ ਚੌਧਰੀ ਕਾਲੋਨੀ ਸਥਿਤ ਆਪਣੇ ਨਿਵਾਸ ਸਥਾਨ 'ਤੇ ਪਹੁੰਚੇ ਤੇਸਰਿੰਗ ਥਾਰਚਿਨ ਦਾ ਨਿੱਘੇ ਦਿਲ

- **'ਭਾਈ-ਭਾਈ ਭਾਰਤ' ਦਾ ਸੰਦੇਸ਼ ਲੈ ਕੇ ਧਰਮਸ਼ਾਲਾ ਤੋਂ ਨਵੀਂ ਦਿੱਲੀ ਦੀ ਪਦਯਾਤਰਾ 'ਤੇ ਨਿਕਲੇ ਹਨ ਤੇਸਰਿੰਗ ਥਾਰਚਿਨ**

ਨਾਲ ਸਵਾਗਤ ਅਤੇ ਅਭਿਨੰਦਨ ਕੀਤਾ ਅਤੇ ਉਨ੍ਹਾਂ ਦੀ ਯਾਤਰਾ ਦੇ ਉਦੇਸ਼ ਬਾਰੇ ਵਿਸਥਾਰਪੂਰਵਕ ਜਾਣਕਾਰੀ ਲਈ।

ਜ਼ਿਕਰਯੋਗ ਹੈ ਕਿ ਤੇਸਰਿੰਗ ਥਾਰਚਿਨ 'ਭਾਈ-ਭਾਈ ਭਾਰਤ' ਦਾ ਸੰਦੇਸ਼ ਲੈ ਕੇ ਤਿੱਬਤ ਤੋਂ ਭਾਰਤ ਦੀ ਪੈਦਲ ਯਾਤਰਾ 'ਤੇ ਨਿਕਲੇ ਹੋਏ ਹਨ। ਉਨ੍ਹਾਂ ਵੱਲੋਂ ਸਾਂਝੇ ਕੀਤੇ ਗਏ ਯਾਤਰਾ ਸੰਦੇਸ਼ ਅਨੁਸਾਰ ਉਨ੍ਹਾਂ ਨੇ 20 ਅਗਸਤ 2026 ਨੂੰ ਧਰਮਸ਼ਾਲਾ ਤੋਂ ਆਪਣੀ ਪਦਯਾਤਰਾ ਸ਼ੁਰੂ ਕੀਤੀ ਹੈ ਅਤੇ ਨਵੀਂ ਦਿੱਲੀ ਤੱਕ ਪੈਦਲ ਪਹੁੰਚਣ ਦਾ ਟੀਚਾ ਰੱਖਿਆ ਹੈ। ਯਾਤਰਾ ਦੌਰਾਨ ਉਹ ਕਾਂਗੜਾ, ਅੰਬ, ਊਨਾ, ਮੋਹਾਲੀ, ਪੰਚਕੂਲਾ, ਚੰਡੀਗੜ੍ਹ, ਅੰਬਾਲਾ, ਕਰਨਾਲ ਅਤੇ ਸੋਨੀਪਤ ਹੁੰਦੇ ਹੋਏ ਦਿੱਲੀ ਜਾਣਗੇ।

ਮੇਅਰ ਰੇਣੂ ਬਾਲਾ ਗੁਪਤਾ ਨੇ ਮੰਗਲਵਾਰ ਨੂੰ ਆਪਣੇ ਨਿਵਾਸ ਸਥਾਨ 'ਤੇ ਪਹੁੰਚੇ ਤੇਸਰਿੰਗ ਥਾਰਚਿਨ ਦਾ ਸਵਾਗਤ ਕਰਦਿਆਂ ਕਿਹਾ ਕਿ ਭਾਰਤ ਦੀ ਸੰਸਕ੍ਰਿਤੀ ਸਦੈਵ ਸ਼ਾਂਤੀ, ਕਰੁਣਾ, ਮਾਨਵਤਾ ਅਤੇ 'ਵਸੁਧੈਵ ਕੁਟੁੰਬਕਮ' ਦੇ ਸੰਦੇਸ਼



ਦੀ ਪੱਖਧਰ ਰਹੀ ਹੈ। ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਲੰਘਦਿਆਂ ਭਾਈਚਾਰੇ ਅਤੇ ਸ਼ਾਂਤੀ ਦਾ ਸੰਦੇਸ਼ ਜਨ-ਜਨ ਤੱਕ ਪਹੁੰਚਾਉਣ ਦਾ ਉਨ੍ਹਾਂ ਦਾ ਯਤਨ ਸ਼ਲਾਘਾਯੋਗ ਹੈ। ਅਜਿਹੀਆਂ ਯਾਤਰਾਵਾਂ ਸਿਰਫ਼ ਇੱਕ ਥਾਂ ਤੋਂ ਦੂਜੀ ਥਾਂ ਤੱਕ ਪਹੁੰਚਣ ਦਾ ਮਾਧਿਅਮ ਨਹੀਂ ਹੁੰਦੀਆਂ, ਸਗੋਂ ਲੋਕਾਂ ਨੂੰ ਆਪਸ ਵਿੱਚ ਜੋੜਨ ਅਤੇ ਮਾਨਵੀ ਸੰਵੇਦਨਾਵਾਂ ਨੂੰ ਮਜ਼ਬੂਤ ਕਰਨ ਦਾ ਸੰਦੇਸ਼ ਵੀ ਦਿੰਦੀਆਂ ਹਨ।

ਉਨ੍ਹਾਂ ਕਿਹਾ ਕਿ ਕਰਨਾਲ ਆਉਣ ਵਾਲੇ ਹਰ ਮਹਿਮਾਨ ਦਾ ਸਵਾਗਤ ਇੱਥੋਂ ਦੀ ਨਿੱਘੀ ਪਰੰਪਰਾ ਦਾ ਹਿੱਸਾ ਹੈ। ਖਾਸ ਤੌਰ 'ਤੇ ਜਦੋਂ ਕੋਈ ਵਿਅਕਤੀ ਸਦਭਾਵ, ਸ਼ਾਂਤੀ ਅਤੇ ਭਾਈਚਾਰੇ ਦਾ ਸੰਦੇਸ਼ ਲੈ ਕੇ ਲੰਬੀ ਪਦਯਾਤਰਾ ਕਰ ਰਿਹਾ ਹੋਵੇ ਤਾਂ ਉਸ ਦਾ ਹੌਸਲਾ ਵਧਾਉਣਾ ਸਮਾਜ ਦੀ ਸਮੂਹਿਕ ਜ਼ਿੰਮੇਵਾਰੀ ਬਣ ਜਾਂਦੀ ਹੈ। ਉਨ੍ਹਾਂ ਨੇ ਤੇਸਰਿੰਗ ਥਾਰਚਿਨ ਨੂੰ ਉਨ੍ਹਾਂ ਦੀ ਯਾਤਰਾ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਇਹ ਸੰਕਲਪ ਸੁਰੱਖਿਅਤ ਅਤੇ ਸਫਲਤਾਪੂਰਵਕ ਪੂਰਾ ਹੋਵੇ ਅਤੇ 'ਭਾਈ-ਭਾਈ ਭਾਰਤ' ਦਾ ਸੰਦੇਸ਼ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚੇ।

ਧਿਆਨ ਦੇਣ ਯੋਗ ਹੈ ਕਿ ਤੇਸਰਿੰਗ ਥਾਰਚਿਨ ਨੇ ਆਪਣੇ ਯਾਤਰਾ ਸੰਦੇਸ਼ ਵਿੱਚ ਤਿੱਬਤ ਦੀਆਂ ਸਥਿਤੀਆਂ, ਉੱਥੋਂ ਦੀ ਸੰਸਕ੍ਰਿਤੀ, ਪਛਾਣ ਅਤੇ ਵਾਤਾਵਰਨ ਨਾਲ ਜੁੜੇ ਵਿਸ਼ਿਆਂ ਨੂੰ ਵੀ ਉਠਾਇਆ ਹੈ। ਉਨ੍ਹਾਂ ਨੇ ਆਪਣੀ ਯਾਤਰਾ ਨੂੰ ਤਿੱਬਤੀ ਸੁਤੰਤਰਤਾ ਲਈ ਬਲੀਦਾਨ ਦੇਣ ਵਾਲੇ ਲੋਕਾਂ ਨੂੰ ਸ਼ਰਧਾਂਜਲੀ ਅਤੇ ਦੁਨੀਆ ਅਤੇ ਭਾਰਤ ਦਾ ਧਿਆਨ ਤਿੱਬਤ ਨਾਲ ਜੁੜੇ ਮੁੱਦਿਆਂ ਵੱਲ ਖਿੱਚਣ ਦਾ ਯਤਨ ਦੱਸਿਆ। ਇਸੇ ਦ੍ਰਿਸ਼ਟੀਕੋਣ ਨਾਲ ਉਨ੍ਹਾਂ ਦੇ ਸੰਦੇਸ਼ ਵਿੱਚ ਤਿੱਬਤ ਦੇ ਵਾਤਾਵਰਨ, ਨਦੀਆਂ, ਗਲੇਸ਼ੀਅਰਾਂ ਅਤੇ ਹਿਮਾਲਿਆਈ ਪਾਰਿਸਥਿਤਿਕੀ ਦੀ ਰੱਖਿਆ ਦਾ ਸੱਦਾ ਵੀ ਦਿੱਤਾ ਗਿਆ ਹੈ।

ਮੇਅਰ ਰੇਣੂ ਬਾਲਾ ਗੁਪਤਾ ਨੇ ਕਿਹਾ ਕਿ ਹਿਮਾਲਿਆਈ ਖੇਤਰ ਦਾ ਵਾਤਾਵਰਨ ਭਾਰਤ ਸਮੇਤ ਪੂਰੇ ਖੇਤਰ ਲਈ ਬਹੁਤ ਮਹੱਤਵਪੂਰਨ ਹੈ। ਨਦੀਆਂ, ਪਹਾੜੀ ਵਾਤਾਵਰਨ ਅਤੇ ਕੁਦਰਤੀ ਸਰੋਤਾਂ ਦੀ ਸੁਰੱਖਿਆ ਆਉਣ ਵਾਲੀਆਂ ਪੀੜ੍ਹੀਆਂ ਦੇ ਹਿੱਤ ਨਾਲ ਜੁੜਿਆ ਵਿਸ਼ਾ ਹੈ। ਉਨ੍ਹਾਂ ਨੇ ਤੇਸਰਿੰਗ ਥਾਰਚਿਨ ਦੇ ਸੰਕਲਪ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਉੱਜਵਲ ਅਤੇ ਸੁਰੱਖਿਅਤ ਯਾਤਰਾ-ਮਾਰਗ ਦੀ ਕਾਮਨਾ ਕੀਤੀ।

ਕਰਨਾਲ ਦੀ ਨਿੱਘਤਾ ਤੋਂ ਪ੍ਰਭਾਵਿਤ

ਕਰਨਾਲ ਵਿੱਚ ਮਿਲੇ ਨਿੱਘੇ ਸਵਾਗਤ ਲਈ ਤੇਸਰਿੰਗ ਥਾਰਚਿਨ ਨੇ ਮੇਅਰ ਰੇਣੂ ਬਾਲਾ ਗੁਪਤਾ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਲੰਬੀ ਪਦਯਾਤਰਾ ਦੌਰਾਨ ਵੱਖ-ਵੱਖ ਸ਼ਹਿਰਾਂ ਵਿੱਚ ਲੋਕਾਂ ਨੂੰ ਮਿਲਣ ਅਤੇ ਉਨ੍ਹਾਂ ਦਾ ਸਨੇਹ ਪ੍ਰਾਪਤ ਕਰਨ ਨਾਲ ਉਨ੍ਹਾਂ ਨੂੰ ਨਵੀਂ ਊਰਜਾ ਮਿਲਦੀ ਹੈ। ਕਰਨਾਲ ਵਿੱਚ ਮਿਲੇ ਸਨਮਾਨ ਅਤੇ ਨਿੱਘ ਨੂੰ ਉਹ ਆਪਣੀ ਯਾਤਰਾ ਦੀਆਂ ਸੁਖਦ ਯਾਦਾਂ ਵਿੱਚ ਸੰਜੋ ਕੇ ਅੱਗੇ ਵਧਣਗੇ। ਉਨ੍ਹਾਂ ਨੇ 'ਭਾਈ-ਭਾਈ ਭਾਰਤ' ਅਤੇ ਸ਼ਾਂਤੀ-ਸਦਭਾਵ ਦੇ ਸੰਦੇਸ਼ ਨੂੰ ਅੱਗੇ ਵਧਾਉਣ ਵਿੱਚ ਸਹਿਯੋਗ ਲਈ ਮੇਅਰ ਦਾ ਧੰਨਵਾਦ ਕੀਤਾ।

ਨਸ਼ਿਆਂ ਖ਼ਿਲਾਫ਼ ਊਨਾ ਵਿੱਚ ਇੱਕੋ ਵਾਰ ਉੱਠਣਗੇ ਹਜ਼ਾਰਾਂ ਕਦਮ, ਮੁੱਖ ਮੰਤਰੀ ਦੀ ਅਗਵਾਈ ਵਿੱਚ ਐਂਟੀ-ਚਿੱਟਾ ਵਾਕਾਥਾਨ

ਊਨਾ, 15 ਸਤੰਬਰ
(ਪੈ.ਗਾਮ-ਏ-ਜਗਤ)



ਨਸ਼ਿਆਂ ਖ਼?ਲਾਫ਼ ਊਨਾ ਵਿੱਚ 16 ਸਤੰਬਰ ਨੂੰ ਇੱਕੋ ਵਾਰ ਹਜ਼ਾਰਾਂ ਕਦਮ ਉੱਠਣਗੇ। ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਦੀ ਅਗਵਾਈ ਵਿੱਚ ਹੋਣ ਵਾਲੇ ਐਂਟੀ-ਚਿੱਟਾ ਵਾਕਾਥਾਨ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਨੇ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਭਾਗੀਦਾਰਾਂ ਦੀ ਸਹੂਲਤ, ਸੁਰੱਖਿਆ ਅਤੇ ਸਿਹਤ ਸੇਵਾਵਾਂ ਦੇ ਨਾਲ-ਨਾਲ ਆਮ ਲੋਕਾਂ ਦੀ ਸਹੂਲਤ ਅਤੇ ਸ਼ਹਿਰ ਵਿੱਚ ਆਵਾਜਾਈ ਨੂੰ ਸੁਚਾਰੂ ਬਣਾਈ ਰੱਖਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਪ੍ਰੋਗਰਾਮ ਸਥਾਨ ਅਤੇ ਵਾਕਾਥਾਨ ਮਾਰਗ ਦਾ ਨਿਰੀਖਣ ਕਰਕੇ ਪ੍ਰਬੰਧਾਂ ਨੂੰ ਅੰਤਿਮ ਰੂਪ ਦੇ ਦਿੱਤਾ ਹੈ।

ਮੁੱਖ ਮੰਤਰੀ ਵਾਕਾਥਾਨ ਨੂੰ ਹਰੀ ਝੰਡੀ ਦਿਖਾਉਣਗੇ। ਉਹ ਨੌਜਵਾਨਾਂ ਨਾਲ ਸੰਵਾਦ ਕਰਨਗੇ ਅਤੇ ਭਾਗੀਦਾਰਾਂ ਦੇ ਨਾਲ ਖੁਦ ਵਾਕਾਥਾਨ ਵਿੱਚ ਚੱਲ ਕੇ ਨਸ਼ਿਆਂ ਖ਼?ਲਾਫ਼ ਜਾਗਰੂਕਤਾ ਦਾ ਸੰਦੇਸ਼ ਦੇਣਗੇ। ਇਸ ਮੌਕੇ ਮੁੱਖ ਮੰਤਰੀ ਭਾਗੀਦਾਰਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਵਾਤਾਵਰਣ ਸੰਭਾਲ ਦੀ ਸਹੁੰ ਵੀ ਚੁਕਾਉਣਗੇ। ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ, ਵਿਧਾਇਕਗਣ ਅਤੇ ਹੋਰ ਪਤਵੰਤੇ ਵੀ ਪ੍ਰੋਗਰਾਮ ਵਿੱਚ ਸ਼ਾਮਲ ਹੋਣਗੇ।

ਡਿਪਟੀ ਕਮਿਸ਼ਨਰ ਜਤਿਨ ਲਾਲ ਨੇ ਜ਼ਿਲ੍ਹਾ ਵਾਸੀਆਂ ਨੂੰ ਐਂਟੀ-ਚਿੱਟਾ ਵਾਕਾਥਾਨ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼?ਲਾਫ਼ ਜਨ ਜਾਗਰੂਕਤਾ ਨੂੰ ਮਜ਼ਬੂਤ ਕਰਨ ਲਈ ਸਮਾਜ ਦੇ ਹਰ ਵਰਗ ਦੀ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਨੌਜਵਾਨਾਂ, ਵਿਦਿਆਰਥੀਆਂ, ਮਾਪਿਆਂ ਅਤੇ ਆਮ ਲੋਕਾਂ ਨੂੰ ਇਸ ਮੁਹਿੰਮ ਦਾ ਹਿੱਸਾ ਬਣ ਕੇ ਨਸ਼ਿਆਂ ਖ਼ਿਲਾਫ਼ ਸਮੂਹਿਕ ਸੰਕਲਪ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 8 ਵਜੇ ਇੰਦਰਾ ਗਾਂਧੀ ਖੇਡ ਮੈਦਾਨ ਊਨਾ ਤੋਂ ਹੋਵੇਗੀ। ਪ੍ਰੋਗਰਾਮ ਦੌਰਾਨ ਪ੍ਰਸਿੱਧ ਪੁਲਿਸ ਬੈਂਡ 'ਹਾਰਮਨੀ ਆਫ਼ ਦੀ ਪਾਈਨਜ਼' ਦੀ ਪੇਸ਼ਕਾਰੀ ਹੋਵੇਗੀ। ਕਰੀਬ ਦੋ ਘੰਟਿਆਂ ਦੇ ਸੱਭਿਆਚਾਰਕ ਅਤੇ ਜਾਗਰੂਕਤਾ ਪ੍ਰੋਗਰਾਮ ਤੋਂ ਬਾਅਦ ਮੁੱਖ ਮੰਤਰੀ ਵਾਕਾਥਾਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ। ਵਾਕਾਥਾਨ ਇੰਦਰਾ ਗਾਂਧੀ ਖੇਡ ਮੈਦਾਨ ਤੋਂ ਆਈਐਸਬੀਟੀ ਊਨਾ ਤੱਕ ਜਾਵੇਗੀ ਅਤੇ ਉੱਥੋਂ ਵਾਪਸ ਖੇਡ ਮੈਦਾਨ ਪਹੁੰਚੇਗੀ।

ਵਾਕਾਥਾਨ ਵਿੱਚ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ, ਆਈਟੀਆਈ ਅਤੇ ਕਾਲਜਾਂ ਦੇ ਵਿਦਿਆਰਥੀਆਂ ਦੇ ਨਾਲ-ਨਾਲ ਆਮ ਲੋਕਾਂ ਦੀ ਵਿਆਪਕ ਭਾਗੀਦਾਰੀ ਰਹੇਗੀ। ਡਿਪਟੀ ਕਮਿਸ਼ਨਰ ਨੇ ਸਾਰੇ ਸਿੱਖਿਆ ਸੰਸਥਾਨਾਂ ਨੂੰ ਆਪਣੇ ਸੰਸਥਾਨ ਦੇ ਬੈਨਰ ਨਾਲ ਵਾਕਾਥਾਨ ਵਿੱਚ ਭਾਗ ਲੈਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਪਲੇਕਾਰਡ ਜਾਂ ਬੋਰਡ ਨਾ ਲਿਆਂਦੇ ਜਾਣ, ਜਿਨ੍ਹਾਂ ਵਿੱਚ ਲੱਕੜ ਜਾਂ ਅਜਿਹੀ ਸਮੱਗਰੀ ਦੀ ਵਰਤੋਂ ਹੋਵੇ ਜਿਸ ਨਾਲ ਭਾਗੀਦਾਰਾਂ ਨੂੰ ਸੱਟ ਲੱਗਣ ਦੀ ਸੰਭਾਵਨਾ ਹੋਵੇ। ਵੱਖ-ਵੱਖ ਖੇਤਰਾਂ ਤੋਂ ਆਉਣ ਵਾਲੀਆਂ ਬੱਸਾਂ 'ਤੇ ਵੀ ਐਂਟੀ-ਚਿੱਟਾ ਜਾਗਰੂਕਤਾ ਸਬੰਧੀ ਬੈਨਰ ਲਗਾਏ ਜਾਣਗੇ। ਭਾਗੀਦਾਰਾਂ ਦੀ ਸਹੂਲਤ ਅਤੇ ਸੁਰੱਖਿਅਤ ਆਵਾਜਾਈ ਲਈ ਪੀਣ ਵਾਲੇ ਪਾਣੀ, ਪਖਾਨਿਆਂ, ਜਲਪਾਨ, ਸਿਹਤ ਸੇਵਾਵਾਂ, ਪਾਰਕਿੰਗ ਅਤੇ ਸੁਰੱਖਿਆ ਦੇ ਢੁਕਵੇਂ ਪ੍ਰਬੰਧ ਕੀਤੇ ਗਏ ਹਨ। ਕਾਨੂੰਨ-ਵਿਵਸਥਾ ਅਤੇ ਆਵਾਜਾਈ ਪ੍ਰਬੰਧਾਂ 'ਤੇ ਨਿਗਰਾਨੀ ਲਈ ਲੋੜੀਂਦੀ ਪੁਲਿਸ ਫੋਰਸ ਤਾਇਨਾਤ ਰਹੇਗੀ ਅਤੇ ਡਰੋਨ ਰਾਹੀਂ ਵੀ ਨਿਗਰਾਨੀ ਕੀਤੀ ਜਾਵੇਗੀ।

ਐਂਟੀ-ਚਿੱਟਾ ਵਾਕਾਥਾਨ ਦੌਰਾਨ 16 ਸਤੰਬਰ ਨੂੰ ਸਵੇਰੇ 8 ਵਜੇ ਤੋਂ ਦੁਪਹਿਰ 3 ਵਜੇ ਤੱਕ ਊਨਾ ਸ਼ਹਿਰ ਵਿੱਚ ਵਿਸ਼ੇਸ਼ ਆਵਾਜਾਈ ਪ੍ਰਬੰਧ ਲਾਗੂ ਰਹੇਗਾ।

ਦੋ ਦੋਸਤਾਂ ਦੀ ਸ਼ਰਾਬ ਦੀ ਸਾਂਝ ਖ਼ੂਨੀ ਲੜਾਈ ਵਿਚ ਬਦਲੀ

ਪੈ.ਗਾਮ-ਏ-ਜਗਤ
ਅੰਬਾਲਾ, 15 ਸਤੰਬਰ (ਆਰ.ਸਿੰਘ)

ਅੰਬਾਲਾ ਸ਼ਹਿਰ ਦੇ ਜੰਡਲੀ ਖੇਤਰ ਵਿਚ ਇਕੱਠੇ ਬਹਿ ਕੇ ਸ਼ਰਾਬ ਪੀ ਰਹੇ ਦੋ ਦੋਸਤਾਂ ਦੀ ਸਾਂਝ ਮਾਮੂਲੀ ਤਕਰਾਰ ਤੋਂ ਖ਼ੂਨੀ ਲੜਾਈ ਵਿੱਚ ਬਦਲ ਗਈ। ਝਗੜੇ ਤੋਂ ਬਾਅਦ ਵਿਵੇਕ ਨਾਮ ਦੇ ਨੌਜਵਾਨ ਨੇ ਆਪਣੇ ਦੋਸਤ ਸ਼ਿਵ ਬਹਾਦਰ 'ਤੇ ਚਾਕੂ ਨਾਲ ਜਾਨਲੇਵਾ ਹਮਲਾ ਕਰ ਦਿੱਤਾ।

ਰਿਪੋਰਟਾਂ ਅਨੁਸਾਰ ਵਿਵੇਕ ਅਤੇ ਸ਼ਿਵ ਬਹਾਦਰ ਇਕੱਠੇ ਬਹਿ ਕੇ ਸ਼ਰਾਬ ਪੀ ਰਹੇ ਸਨ। ਇਸ ਦੌਰਾਨ ਕਿਸੇ ਮਾਮੂਲੀ ਗੱਲ ਨੂੰ ਲੈ ਕੇ ਉਨ੍ਹਾਂ ਵਿਚਕਾਰ ਝਗੜਾ ਹੋ ਗਿਆ। ਝਗੜਾ ਇਸ ਹੱਦ ਤੱਕ ਵਧ ਗਿਆ ਕਿ ਵਿਵੇਕ ਨੇ ਤੈਸ਼ ਵਿਚ ਆ ਕੇ ਨੇੜੇ ਪਿਆ ਚਾਕੂ ਚੁੱਕਿਆ ਅਤੇ ਸ਼ਿਵ ਬਹਾਦਰ ਦੀ ਗਰਦਨ ਤੇ ਵਾਰ ਕਰ ਦਿੱਤਾ। ਚਾਕੂ ਸਿੱਧਾ ਸ਼ਿਵ ਬਹਾਦਰ ਦੀ ਗਰਦਨ ਦੇ ਨੇੜੇ ਲੱਗਿਆ ਜਿਸ ਨਾਲ ਉਹ ਲਹੂ-ਲੁਹਾਨ ਹੋ ਗਿਆ। ਜ਼ਖ਼ਮੀ ਹਾਲਤ ਵਿਚ ਉਸ ਨੂੰ ਤੁਰੰਤ ਅੰਬਾਲਾ ਸ਼ਹਿਰ ਦੇ ਸਿਵਲ ਹਸਪਤਾਲ ਲਿਜਾਇਆ ਗਿਆ। ਡਾਕਟਰਾਂ ਨੇ ਸੱਟ ਗੰਭੀਰ ਦੱਸੀ ਹੈ ਪਰ ਰਾਹਤ ਦੀ ਗੱਲ ਇਹ ਹੈ ਕਿ ਉਸ ਦੀ ਹਾਲਤ ਇਸ ਸਮੇਂ ਖ਼ਤਰੇ ਤੋਂ ਬਾਹਰ ਹੈ।

ਹਸਪਤਾਲ ਤੋਂ ਮਿਲੀ ਜਾਣਕਾਰੀ ਦੇ ਆਧਾਰ 'ਤੇ ਪੁਲੀਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ।

ਪੁਲੀਸ ਪਰਿਵਾਰਕ ਮੈਂਬਰਾਂ ਅਤੇ ਚਸ਼ਮਦੀਦਾਂ ਦੇ ਬਿਆਨ ਦਰਜ ਕਰ ਰਹੀ ਹੈ ਅਤੇ ਦੋਸ਼ੀ ਵਿਵੇਕ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

ਸ.ਫ਼ਾ 1 ਦਾ ਬਾਕੀ...

ਜਦੋਂ ਤੱਕ ਪੰਜਾਬ...

ਉਨ੍ਹਾਂ ਦੱਸਿਆ ਕਿ ਪਿਛਲੇ ਇੱਕ ਸਾਲ ਤੋਂ ਵੱਧ ਸਮੇਂ ਦੌਰਾਨ ਇਸ ਐਪ ਰਾਹੀਂ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ ਲਗਭਗ 19,310 ਐਫ.ਆਰ.ਆਰਜ਼ ਦਰਜ ਕੀਤੀਆਂ ਗਈਆਂ ਹਨ ਅਤੇ 25,138 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਅੰਕੜੇ ਦਰਸਾਉਂਦੇ ਹਨ ਕਿ ਨਸ਼ਿਆਂ ਵਿਰੁੱਧ ਲੜਾਈ ਹੁਣ ਸਿਰਫ ਥਾਣਿਆਂ ਜਾਂ ਸਰਕਾਰੀ ਦਫਤਰਾਂ ਤੱਕ ਸੀਮਤ ਨਹੀਂ ਰਹੀ, ਸਗੋਂ ਇਹ ਲੋਕ-ਲਹਿਰ ਦਾ ਰੂਪ ਲੈ ਕਰ ਚੁੱਕੀ ਹੈ ਜੋ ਹਰ ਪਿੰਡ ਅਤੇ ਮੁਹੱਲੇ ਵਿੱਚ ਲੜੀ ਜਾ ਰਹੀ ਹੈ।" ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਪਹਿਲਾਂ ਹੀ ਨਸ਼ਿਆਂ ਦੀ ਸਪਲਾਈ ਦੇ ਨੈੱਟਵਰਕ ਦਾ ਲੱਕ ਤੋੜਨ ਵਿੱਚ ਸਫਲ ਹੋ ਚੁੱਕੀ ਹੈ ਅਤੇ ਵੱਡੀ ਗਿਣਤੀ ਵਿੱਚ ਤਸਕਰਾਂ ਤੇ ਸਪਲਾਇਰਾਂ ਨੂੰ ਜੇਲ ਾਂ ਵਿੱਚ ਸੁੱਟਿਆ ਜਾ ਚੁੱਕਿਆ ਹੈ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਇਸ ਲੜਾਈ ਨੂੰ ਉਦੋਂ ਤੱਕ ਖਤਮ ਨਹੀਂ ਮੰਨਿਆ ਜਾ ਸਕਦਾ, ਜਦੋਂ ਤੱਕ ਸਪਲਾਈ ਲੜੀ ਨੂੰ ਮੁਕੰਮਲ ਤੌਰ 'ਤੇ ਤੋੜ ਨਹੀਂ ਦਿੱਤਾ ਜਾਂਦਾ ਅਤੇ ਹਰ ਪਿੰਡ ਨੂੰ ਨਸ਼ਾ-ਮੁਕਤ ਨਹੀਂ ਬਣਾਇਆ ਜਾਂਦਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬਾ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਨੂੰ ਪੂਰੀ ਤਰ੍ਹਾਂ ਤੋੜ ਦਿੱਤਾ ਹੈ, ਪਰ ਇਹ ਚੌਕਸੀ ਘਟਾਉਣ ਦਾ ਸਮਾਂ ਨਹੀਂ ਹੈ।"

ਉਨ੍ਹਾਂ ਨੇ ਸਪੱਸਟ ਤੌਰ 'ਤੇ ਕਿਹਾ, "ਨਸਾ ਵੇਚਣ ਵਾਲਿਆਂ, ਸਪਲਾਈ ਕਰਨ ਵਾਲਿਆਂ ਅਤੇ ਤਸਕਰਾਂ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ ਪੰਜਾਬ ਵਿੱਚ ਉਨ੍ਹਾਂ ਲਈ ਕੋਈ ਥਾਂ ਨਹੀਂ ਹੈ ਅਤੇ ਪੰਜਾਬ ਸਰਕਾਰ ਉਨ੍ਹਾਂ ਵਿਰੁੱਧ ਸਖਤ ਕਾਰਵਾਈ ਕਰੇਗੀ।" ਮੁੱਖ ਮੰਤਰੀ ਨੇ ਸਿਵਲ ਅਤੇ ਪੁਲਿਸ ਪ੍ਰਸਾਸਨ ਨੂੰ ਪਿੰਡ ਸੁਰੱਖਿਆ ਕਮੇਟੀਆਂ (ਵੀ.ਡੀ.ਸੀ.) ਦੀ ਫੀਡਬੈਕ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਅਤੇ ਹੇਠਲੇ ਪੱਧਰ ਤੋਂ ਮਿਲੀ ਜਾਣਕਾਰੀ 'ਤੇ ਤੁਰੰਤ ਕਾਰਵਾਈ ਯਕੀਨੀ ਬਣਾਉਣ ਲਈ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਦੀ ਰਿਪੋਰਟਿੰਗ ਕਰਨ ਦੀ ਸਮੁੱਚੀ ਪ੍ਰਣਾਲੀ ਨੂੰ ਹੋਰ ਸਰਲ ਅਤੇ ਸੁਖਾਲਾ ਬਣਾਇਆ ਜਾਣਾ ਚਾਹੀਦਾ ਹੈ ਤਾਂ ਜੋ ਬਿਨਾਂ ਕਿਸੇ ਝਿਜਕ ਦੇ ਅਸਲ ਸ਼ਿਕਾਇਤਾਂ ਦਰਜ ਕੀਤੀਆਂ ਜਾ ਸਕਣ ਅਤੇ ਨਸਾ ਤਸਕਰਾਂ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾ ਸਕੇ। ਇਸ ਦੇ ਨਾਲ ਹੀ ਉਨ੍ਹਾਂ ਨੇ ਵੀ.ਡੀ.ਸੀ. ਦੇ ਜ਼ਿੰਮੇਵਾਰਾਨਾ ਕੰਮਕਾਜ ਦੀ ਲੋੜ 'ਤੇ ਜੋਰ ਦਿੰਦਿਆਂ ਮੈਂਬਰਾਂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਸਮੇਂ ਯੋਗ ਰਵੱਈਆ ਅਪਣਾਉਣ ਦੇ ਨਿਰਦੇਸ ਦਿੱਤੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਪੱਸਟ ਤੌਰ 'ਤੇ ਕਿਹਾ, "ਨਸ਼ਿਆਂ ਵਿਰੁੱਧ ਜੰਗ ਵਿੱਚ ਅਧਿਕਾਰੀਆਂ ਨੂੰ ਆਪੋ-ਆਪਣੇ ਜ਼ਿਲਿ ਆਂ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਅਪਨਾਏ ਗਏ ਬਿਹਤਰ ਢੰਗ-ਤਰੀਕਿਆਂ ਦੀ ਪਛਾਣ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਨੂੰ ਸਾਂਝਾ ਕਰਨਾ ਚਾਹੀਦਾ ਹੈ ਤਾਂ ਜੋ ਅਜਿਹੇ ਸਫਲ ਮਾਡਲਾਂ ਨੂੰ ਪੂਰੇ ਪੰਜਾਬ ਵਿੱਚ ਲਾਗੂ ਕੀਤਾ ਜਾ ਸਕੇ।"

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਹਰਪਾਲ ਸਿੰਘ ਚੀਮਾ, ਡਾ. ਬਲਬੀਰ ਸਿੰਘ, ਹਰਭਜਨ ਸਿੰਘ ਈ.ਟੀ.ਓ., ਗੁਰਮੀਤ ਸਿੰਘ ਖੁੱਡੀਆ, ਹਰਦੀਪ ਸਿੰਘ ਮੁੰਡੀਆਂ ਅਤੇ ਬਰਿੰਦਰ ਗੋਇਲ ਤੋਂ ਇਲਾਵਾ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਡੀ.ਜੀ.ਪੀ. ਗੌਰਵ ਯਾਦਵ ਅਤੇ ਹੋਰ ਅਧਿਕਾਰੀ ਵੀ ਹਾਜਰ ਸਨ।

ਸਚਿਨ ਪਾਇਲਟ ਦਾ...

ਕਰਨ ਲਈ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪੰਜਾਬ ਵਿੱਚ ਆਪਣਾ ਸਿਆਸੀ ਗ੍ਰਾਫ਼ ਮੁੜ ਉੱਪਰ ਲਿਜਾਣ ਵਿੱਚ ਸਫ਼ਲ ਰਹੇਗੀ ਅਤੇ 2027 ਵਿੱਚ ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਕੀਤੇ ਭ੍ਰਿਸ਼ਟਾਚਾਰ ਅਤੇ ਬੇਨਿਯਮੀਆਂ ਦੀ ਜਾਂਚ ਕਰਵਾਈ ਜਾਵੇਗੀ। ਸੂਬੇ ਵਿੱਚ ਕਾਨੂੰਨ ਦਾ ਰਾਜ ਸਥਾਪਿਤ ਕੀਤਾ ਜਾਵੇਗਾ ਅਤੇ ਕਿਸਾਨਾਂ, ਮੁਲਾਜ਼ਮਾਂ, ਵਪਾਰੀਆਂ ਤੇ ਦਲਿਤਾਂ ਸਮੇਤ ਹਰ ਵਰਗ ਨੂੰ ਉਨ੍ਹਾਂ ਦੇ ਬਣਦੇ ਹੱਕ ਦਿੱਤੇ ਜਾਣਗੇ। ਇਸ ਮੌਕੇ ਸਚਿਨ ਪਾਇਲਟ ਨੇ ਵੀ ਵਰਕਰਾਂ ਦਾ ਹੌਸਲਾ ਵਧਾਉਂਦਿਆਂ ਉਨ੍ਹਾਂ ਨੂੰ ਆਪਸੀ ਮਤਭੇਦ ਭੁਲਾ ਕੇ ਪਾਰਟੀ ਦੀ ਮਜ਼ਬੂਤੀ ਲਈ ਇਕੱਠੇ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ।

2000 ਤੱਕ ਦੇ...

ਵਪਾਰਕ ਲੈਣ-ਦੇਣ 'ਤੇ ਹੀ ਲਾਗੂ ਹੋਵੇਗਾ। ਐੱਮ.ਡੀ.ਆਰ. ਉਹ ਚਾਰਜ ਹੁੰਦਾ ਹੈ ਜੋ ਕੋਈ ਵਪਾਰੀ ਡਿਜੀਟਲ ਭੁਗਤਾਨ ਨੂੰ ਸੰਭਾਲਣ ਲਈ ਬੈਂਕਾਂ ਨੂੰ ਦਿੰਦਾ ਹੈ, ਜਦਕਿ ਕ੍ਰੈਡਿਟ ਕਾਰਡਾਂ 'ਤੇ ਇਹ 1 ਤੋਂ 3 ਫ਼ੀਸਦੀ ਤੱਕ ਹੋ ਸਕਦਾ ਹੈ।

ਇਸ ਤੋਂ ਪਹਿਲਾਂ ਲੋਕ ਸਭਾ ਵਿੱਚ ਰੌਲੇ-ਰੱਪੇ ਅਤੇ ਬਿਨਾਂ ਕਿਸੇ ਚਰਚਾ ਦੇ ਇੱਕ ਅਹਿਮ ਬਿੱਲ ਪਾਸ ਕਰ ਦਿੱਤਾ ਗਿਆ ਸੀ ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਯੂ.ਪੀ.ਆਈ. ਅਤੇ ਹੋਰ ਡਿਜੀਟਲ ਭੁਗਤਾਨਾਂ ਉੱਤੇ ਫ਼ੀਸ ਲੱਗਣ ਦਾ ਰਾਹ ਸਾਫ਼ ਹੋ ਗਿਆ ਸੀ। ਸਦਨ ਨੇ ਪੇਮੈਂਟ ਐਂਡ ਸੈਟਲਮੈਂਟ ਸਿਸਟਮਜ਼ ਐਕਟ, 2007 ਵਿੱਚ ਸੋਧ ਕਰਨ ਵਾਲੇ ਇਸ ਬਿੱਲ ਨੂੰ ਜ਼ੁਬਾਨੀ ਵੋਟਾਂ ਰਾਹੀਂ ਪਾਸ ਕੀਤਾ ਸੀ।

ਇਸ ਸੋਧ ਦਾ ਮੁੱਖ ਮਕਸਦ ਉਸ ਮੌਜੂਦਾ ਕਾਨੂੰਨੀ ਪ੍ਰਬੰਧ ਨੂੰ ਖ਼ਤਮ ਕਰਨਾ ਹੈ ਜੋ ਬੈਂਕਾਂ ਅਤੇ ਭੁਗਤਾਨ ਸੇਵਾ ਪ੍ਰਦਾਤਾਵਾਂ ਨੂੰ ਨੋਟੀਫਾਈਡ ਇਲੈਕਟ੍ਰਾਨਿਕ ਭੁਗਤਾਨ ਤਰੀਕਿਆਂ ਉੱਤੇ ਮਰਚੈਂਟ ਡਿਸਕਾਊਂਟ ਰੇਟ ਯਾਨੀ ਵਪਾਰਕ ਛੋਟ ਦਰ ਵਸੂਲਣ ਤੋਂ ਰੋਕਦਾ ਸੀ। ਇਹ ਪ੍ਰਸਤਾਵਿਤ ਬਦਲਾਅ ਮੰਗਲਵਾਰ ਨੂੰ ਸਦਨ ਵਿੱਚ ਪੇਸ਼ ਕੀਤੇ ਗਏ ਟੈਕਸੇਸ਼ਨ ਨਾਲ ਜੁੜੇ ਇੱਕ ਵਿਆਪਕ ਕਾਨੂੰਨ ਦਾ ਹੀ ਹਿੱਸਾ ਹਨ।

ਦੁਬਈ ਜਾਣ ਵਾਲੀਆਂ...

ਸਪਾਈਸਜੈੱਟ ਦਾ ਸਮੇਂ ਸਿਰ ਉਡਾਣ ਭਰਨ ਦਾ ਰਿਕਾਰਡ ਬਾਕੀ ਸਾਰੀਆਂ ਪ੍ਰਮੁੱਖ ਏਅਰਲਾਈਨਾਂ ਦੇ ਮੁਕਾਬਲੇ ਖਰਾਬ ਰਿਹਾ ਹੈ; ਜੁਲਾਈ ਵਿੱਚ, ਸਪਾਈਸਜੈੱਟ ਦੀਆਂ ਸਿਰਫ਼ 34.5% ਉਡਾਣਾਂ ਹੀ ਸਮੇਂ ਸਿਰ ਸਨ। ਸਪਾਈਸਜੈੱਟ ਅਨੁਸਾਰ, ਇੱਕ ਜਹਾਜ਼ ਨੂੰ ਜ਼ਮੀਨ 'ਤੇ ਰੋਕੇ ਜਾਣ (ਗਰਾਊਂਡ ਕੀਤੇ ਜਾਣ) ਤੋਂ ਬਾਅਦ ਸੰਚਾਲਨ ਸੰਬੰਧੀ ਕਾਰਨਾਂ ਕਰਕੇ ਦੋਵਾਂ ਉਡਾਣਾਂ ਵਿੱਚ ਦੇਰੀ ਹੋਈ। ਏਅਰਲਾਈਨ ਨੇ ਪ੍ਰਭਾਵਿਤ ਯਾਤਰੀਆਂ ਨੂੰ ਬਦਲਵੀਂਆਂ ਉਡਾਣਾਂ ਰਾਹੀਂ ਭੇਜਣ ਲਈ ਪ੍ਰਬੰਧ ਸ਼ੁਰੂ ਕਰ ਦਿੱਤੇ ਹਨ।

9.5 ਕਿਲੋ ਹੈਰੋਇਨ..

ਦਾ ਵੀ ਪਤਾ ਲਗਾ ਲਿਆ ਹੈ।

ਡੀਜੀਪੀ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਅਤੇ ਨਸ਼ੀਲੇ ਪਦਾਰਥ ਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ।

ਪੁਲੀਸ ਕਮਿਸ਼ਨਰ(ਸੀ.ਪੀ.) ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਪੁਲੀਸ ਨੇ ਵਿਸ਼ੇਸ਼ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਰਜਿੰਦਰ ਸਿੰਘ ਨੂੰ ਇੱਕ .30 ਬੋਰ ਦੇ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ। ਪੁੱਛਗਿੱਛ ਦੇ ਅਧਾਰ 'ਤੇ ਉਸਦੇ ਸਾਥੀ ਵਿਨੈ ਨੂੰ 4.2 ਕਿਲੋ ਅਫੀਮ ਸਮੇਤ ਗ੍ਰਿਫਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਵਿਨੈ ਵੱਲੋਂ ਦਿੱਤੀ ਗਈ ਜਾਣਕਾਰੀ ਦੇ ਆਧਾਰ 'ਤੇ ਇੱਕ ਹੋਰ ਸਾਥੀ ਪ੍ਰਦੀਪ ਸਿੰਘ ਨੂੰ 1.2 ਕਿਲੋ ਹੋਰ ਅਫੀਮ ਸਮੇਤ ਗ੍ਰਿਫ਼ਤਾਰ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਮੁਲਜ਼ਮ ਪ੍ਰਦੀਪ ਸਿੰਘ ਅਤੇ ਉਸ ਦੀ ਪਤਨੀ ਦੇ ਬੈਂਕ ਖਾਤਿਆਂ ਵਿੱਚ ਮੌਜੂਦ 62 ਲੱਖ ਰੁਪਏ ਫ੍ਰੀਜ਼ ਕਰ ਦਿੱਤੇ ਗਏ ਹਨ।

ਸ਼ੇਅਰ ਮਾਰਕੀਟ 'ਚ...

ਡਿੱਗ ਗਿਆ। ਇੰਡੀਗੋ ਏਵੀਏਸ਼ਨ, ਟਾਈਟਨ, ਬਜਾਜ ਫਿਨਸਰਵ, ਅਡਾਨੀ ਪੋਰਟਸ, ਮਹਿੰਦਰਾ ਐਂਡ ਮਹਿੰਦਰਾ ਅਤੇ ਸਟੇਟ ਬੈਂਕ ਆਫ਼ ਇੰਡੀਆ ਵੀ ਘਾਟੇ ਵਿੱਚ ਰਹਿਣ ਵਾਲਿਆਂ ਵਿੱਚ ਸ਼ਾਮਲ ਸਨ। ਐਕਸਚੇਂਜ ਦੇ ਅੰਕੜਿਆਂ ਅਨੁਸਾਰ, ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਨੇ ਸ਼ੁੱਕਰਵਾਰ ਨੂੰ 930.90 ਕਰੋੜ ਰੁਪਏ ਦੇ ਇਕੁਇਟੀ ਸ਼ੇਅਰ ਵੇਚੇ।

ਕੈਨੇਡਾ ਤੋਂ ਡਿਪੋਰਟ...

ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲੀਸ (ਏਡੀਜੀਪੀ) ਪ੍ਰਮੋਦ ਬਾਨ ਨੇ ਦੱਸਿਆ ਕਿ ਕਰਮਵੀਰ ਸਿੰਘ ਦਾ ਪੰਜਾਬ ਵਿੱਚ ਲੰਮਾ ਅਪਰਾਧਿਕ ਰਿਕਾਰਡ ਹੈ, ਜਿਸ ਖ਼ਿਲਾਫ਼ ਕਤਲ, ਕਤਲ ਦੀ ਕੋਸ਼ਿਸ਼, ਹਥਿਆਰਬੰਦ ਲੁੱਟ-ਖੋਹ, ਰੰਗਦਾਰੀ-ਐਕਸਟੋਰਸ਼ਨ ਅਤੇ ਅਸਲਾ ਐਕਟ ਦੀਆਂ ਧਾਰਾਵਾਂ ਤਹਿਤ ਘੱਟੋ-ਘੱਟ ਪੰਜ ਮਾਮਲੇ ਦਰਜ ਹਨ। ਉਨ੍ਹਾਂ ਦੱਸਿਆ ਕਿ ਉਸ ਦੇ ਨੈੱਟਵਰਕ, ਫੰਡਿੰਗ ਦੇ ਸਰੋਤਾਂ ਅਤੇ ਹੋਰ ਗੈਂਗ ਮੈਂਬਰਾਂ ਨਾਲ ਸਬੰਧਾਂ ਦਾ ਪਤਾ ਲਗਾਉਣ ਲਈ ਅੱਗੇ ਤਫ਼ਤੀਸ਼ ਜਾਰੀ ਹੈ।

ਸੋਨੇ ਦੀ ਕੀਮਤ...

ਹੁਣ 1.51 ਲੱਖ ਰੁ. ਤੱਕ ਪਹੁੰਚ ਗਈ ਹੈ। ਇਸ ਦੇ ਨਾਲ ਹੀ, 31 ਦਸੰਬਰ 2025 ਨੂੰ ਚਾਂਦੀ ਦੀ ਕੀਮਤ 2.30 ਲੱਖ ਰੁ. ਪ੍ਰਤੀ ਕਿਲੋਗ੍ਰਾਮ ਸੀ, ਜੋ ਹੁਣ ਘਟ ਕੇ ਲਗਭਗ 2.28 ਲੱਖ ਰੁ. 'ਤੇ ਆ ਗਈ ਹੈ। ਇਸ ਸਮੇਂ ਦੌਰਾਨ, ਸੋਨਾ 1.76 ਲੱਖ ਰੁ. ਦੇ ਸਰਵ-ਕਾਲੀ ਉੱਚ ਪੱਧਰ 'ਤੇ ਪਹੁੰਚ ਗਿਆ ਸੀ ਅਤੇ 29 ਜਨਵਰੀ ਨੂੰ ਚਾਂਦੀ ਦੀ ਕੀਮਤ 3.86 ਲੱਖ ਰੁ. ਤੱਕ ਪਹੁੰਚ ਗਈ ਸੀ।

ਅਮਰੀਕਾ ਨੇ ਪਹਿਲੀ...

ਦੂਜੇ ਦੇਸ਼ਾਂ ਦੇ ਪੁਲਾੜ ਪ੍ਰਣਾਲੀਆਂ ਨੂੰ ਨਕਾਰਾ ਕਰਨ ਦੀ ਸਮਰੱਥਾ ਵੀ ਵਿਕਸਤ ਕਰ ਰਹੀਆਂ ਹਨ। ਮਾਹਰਾਂ ਨੂੰ ਖਦਸ਼ਾ ਹੈ ਕਿ ਅਮਰੀਕਾ ਦੇ ਇਸ ਖੁਲਾਸੇ ਤੋਂ ਬਾਅਦ ਰੂਸ ਅਤੇ ਚੀਨ ਵੀ ਪੁਲਾੜ ਵਿੱਚ ਆਪਣੀ ਫੌਜੀ ਸਮਰੱਥਾ ਵਧਾ ਸਕਦੇ ਹਨ। ਉਹ ਨਵੀਂ ਤਕਨਾਲੋਜੀ ਅਤੇ ਹਥਿਆਰਾਂ ਦੇ ਵਿਕਾਸ ਨੂੰ ਜਾਇਜ਼ ਠਹਿਰਾਉਣ ਲਈ ਅਮਰੀਕਾ ਦੇ ਇਸ ਕਦਮ ਨੂੰ ਆਪਣੀ ਸੁਰੱਖਿਆ ਲਈ ਖਤਰਾ ਦੱਸ ਸਕਦੇ ਹਨ। ਇਸ ਤਰ੍ਹਾਂ, ਇੱਕ ਦੇਸ਼ ਦੀਆਂ ਫੌਜੀ ਤਿਆਰੀਆਂ ਦੂਜੇ ਦੇਸ਼ਾਂ ਨੂੰ ਆਪਣੀ ਸਮਰੱਥਾ ਮਜ਼ਬੂਤ ਕਰਨ ਲਈ ਪ੍ਰੇਰਿਤ ਕਰ ਸਕਦੀਆਂ ਹਨ, ਜਿਸ ਨਾਲ ਪੁਲਾੜ ਵਿੱਚ ਹਥਿਆਰਾਂ ਦੀ ਦੌੜ ਤੇਜ਼ ਹੋ ਸਕਦੀ ਹੈ।

ਰਵਿੰਦਰ ਸਿੰਘ ਬ੍ਰਹਮਪੁਰਾ...

ਰਮਨਦੀਪ ਕੌਰ ਅਤੇ ਅਵਤਾਰ ਸਿੰਘ ਬਿੱਲਾਂ ਸ਼ੇਰੋਂ ਦੀ ਵਿਰੋਧਤਾ ਕਰ ਰਹੇ ਸਨ। ਜਿਸ ਦੇ ਚੱਲਦਿਆ ਅੱਜ ਪ੍ਰੈੱਸ ਨੋਟ ਜਾਰੀ ਕਰਦਿਆ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲੇਰੇ ਡਾਕਟਰ ਦਲਜੀਤ ਸਿੰਘ ਚੀਮਾ ਨੇ ਰਵਿੰਦਰ ਸਿੰਘ ਬ੍ਰਹਮਪੁਰਾ ਨੂੰ ਪਾਰਟੀ ਤੋਂ ਬਾਹਰ ਕੀਤੇ ਜਾਣ ਬਾਰੇ ਜਾਣਕਾਰੀ ਸਾਂਝੀ ਕੀਤੀ ਹੈ।

ਗੁਰੂਗ੍ਰਾਮ ਹਿੱਟ ਐਂਡ...

ਕਾਰੋਬਾਰ ਵਿੱਚ ਵੀ ਲੱਗਿਆ ਹੋਇਆ ਹੈ।

ਡੀ.ਸੀ.ਪੀ. ਪੂਰਬ, ਸੰਦੀਪ ਕੁਮਾਰ ਨੇ ਕਿਹਾ ਕਿ ਇਸ ਮਾਮਲੇ ਸੰਬੰਧੀ ਮੀਡੀਆ ਨੂੰ ਇੰਟਰਵਿਊ ਦੇਣ ਤੋਂ ਬਾਅਦ ਮੁਲਜ਼ਮ ਕਾਰ ਡਰਾਈਵਰ ਨੇ ਆਪਣਾ ਮੋਬਾਈਲ ਫ਼ੋਨ ਬੰਦ ਕਰ ਦਿੱਤਾ ਅਤੇ ਪੁਲੀਸ ਤੋਂ ਬਚਣ ਲਈ ਫਰਾਰ ਹੋ ਗਿਆ। ਤਿੰਨ ਟੀਮਾਂ ਬਣਾਈਆਂ ਗਈਆਂ ਸਨ ਅਤੇ ਆਖ਼ਰਕਾਰ ਉਸ ਨੂੰ ਰਾਜਸਥਾਨ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲੀਸ ਅਨੁਸਾਰ, 14 ਸਤੰਬਰ ਦੀ ਸਵੇਰ ਨੂੰ, ਇੱਕ ਮਹਿਲਾ ਬਾਈਕ ਸਵਾਰ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਇੱਕ ਵੀਡੀਓ ਸਾਂਝੀ ਕੀਤੀ ਜਿਸ ਵਿੱਚ ਦਿਖਾਇਆ ਗਿਆ ਕਿ ਉਸਨੂੰ ਪਿਛਲੀ ਸਵੇਰ (13 ਸਤੰਬਰ) ਗੋਲਫ ਕੋਰਸ ਰੋਡ 'ਤੇ ਇੱਕ ਕਾਰ ਨੇ ਟੱਕਰ ਮਾਰ ਦਿੱਤੀ ਸੀ।

ਨਿਊਯਾਰਕ: ਦੋਸਤ ਸਣੇ...

ਐਮਰਜੈਂਸੀ ਬ੍ਰੇਕ ਲਗਾਉਣ ਦੀ ਕੋਸ਼ਿਸ਼ ਕੀਤੀ ਪਰ ਸਮੇਂ ਸਿਰ ਟਰੇਨ ਨੂੰ ਰੋਕ ਨਹੀਂ ਸਕੇ। ਸਟੇਸ਼ਨ 'ਤੇ ਦੋ ਵਿਅਕਤੀਆਂ ਨੂੰ ਮਦਦ ਦੀ ਲੋੜ ਹੋਣ ਦੀ ਸੂਚਨਾ ਮਿਲਣ 'ਤੇ ਪਹੁੰਚੀ ਪੁਲੀਸ ਨੇ ਦੋਵਾਂ ਮੁਟਿਆਰਾਂ/ਨੌਜਵਾਨਾਂ ਨੂੰ ਟੱਕਰ ਤੋਂ ਬਾਅਦ ਪਟੜੀ 'ਤੇ ਪਾਇਆ। ਪੁਲੀਸ ਨੇ ਦੱਸਿਆ ਕਿ ਉਨ੍ਹਾਂ ਨੂੰ ਮੌਕੇ 'ਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਖੇਡਾਂ ਵਤਨ ਪੰਜਾਬ ਦੀਆਂ ਬਲਾਕ ਪੱਧਰ ਕ੍ਰਿਕਟ ਟੂਰਨਾਮੈਂਟ ਬੀਨੇਵਾਲ ਨੇ ਜਿੱਤਿਆ



ਗੜ੍ਹਸ਼ੰਕਰ, 15 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਦੁਆਰਾ ਖੇਡਾਂ ਵਤਨ ਪੰਜਾਬ ਦੀਆਂ ਬਲਾਕ ਪੱਧਰ ਜਿਲਾ ਹੁਸ਼ਿਆਰਪੁਰ ਦੇ ਪਿੰਡ ਸਾਧੋਵਾਲ ਵਿਖੇ ਧੂਮ ਧਾਮ ਨਾਲ ਸੰਪੰਨ ਹੋਈਆਂ। ਫਾਈਨਲ ਮੁਕਾਬਲਾ ਬੀਨੇਵਾਲ ਅਤੇ ਸਾਧੋਵਾਲ ਟੀਮਾਂ ਦੇ ਵਿਚਕਾਰ ਹੋਇਆ। ਜਿਸ ਵਿੱਚ ਬੀਨੇਵਾਲ ਦੀ ਟੀਮ ਜੇਤੂ ਰਹੀ।

ਹੈਪੀ ਸਾਧੋਵਾਲ ਸਰਪੰਚ ਸੁਮਨ ਨੇ ਕਿਹਾ ਕਿ ਇਹੋ ਜਿਹੀਆਂ ਖੇਡਾਂ ਹਰ ਸਾਲ ਬਲਾਕ ਪੱਧਰ ਤੇ ਹੋਣੀਆਂ ਚਾਹੀਦੀਆਂ ਨੇ ਤੇ ਨਾਲ ਹੀ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ, ਮੋਹਨ ਸਿੰਘ ਲੈਕਚਰਾਰ ਫਿਜੀਕਲ ਐਜੂਕੇਸ਼ਨ ਜੀ ਐਸ ਐਸ ਗੜ੍ਹਸ਼ੰਕਰ, ਕੋਚ ਸਰਫਰਾਜ ਮਾਹਿਲਪੁਰ, ਮਾਸਟਰ ਚਮਕੌਰ ਸਿੰਘ ਐਸ ਐਸ , ਦੀ ਅਗਵਾਈ ਚ ਇਹ ਮੈਚ ਖੇਡੇ ਗਏ,ਇਸ ਮੌਕੇ ਦਰਸ਼ਕਾਂ ਚ ਵੀ ਉਤਸ਼ਾਹ ਦੇਖਣ ਲਾਇਕ ਸੀ,ਇਸ ਤਰਾਂ ਇਹ 2 ਦਿਨ ਦਾ ਖੇਡ ਮੇਲਾ ਧੂਮ ਧਾਮ ਨਾਲ ਸਮਾਪਤ ਹੋਇਆ।





ਭਾਰਤ ਫਿਰ ਬਣੇਗਾ ਜਗਦਗੁਰੂ : ਸ਼੍ਰੀ ਹਰੀ ਚੈਤੰਨ ਮਹਾਂਪ੍ਰਭੂ

- **ਹੁਸ਼ਿਆਰਪੁਰ ਪਹੁੰਚਣ 'ਤੇ ਤੀਕਸ਼ਨ ਸੂਦ, ਯਸ਼ਪਾਲ ਸ਼ਰਮਾ ਸਮੇਤ ਪਤਵੰਤੇ ਲੋਕਾਂ ਨੇ ਕੀਤਾ ਸ਼ਾਨਦਾਰ ਸਵਾਗਤ**



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪ੍ਰੇਮਾਵਤਾਰ, ਯੁਗਦ੍ਰਿਸ਼ਟਾ, ਸ਼੍ਰੀ ਹਰੀ ਕਿਰਪਾ ਪੀਠਾਧੀਸ਼ਵਰ ਅਤੇ ਵਿਸ਼ਵ ਪ੍ਰਸਿੱਧ ਸੰਤ ਸਵਾਮੀ ਹਰੀ ਚੈਤੰਨ ਪੁਰੀ ਜੀ ਮਹਾਰਾਜ ਨੇ ਇੰਦਰਾ ਕਾਲੋਨੀ ਵਿੱਚ ਭਗਤ ਭਾਈਚਾਰੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਵਿਸ਼ਵ ਭਾਈਚਾਰੇ ਅਤੇ ਵਿਸ਼ਵ ਭਲਾਈ ਦੀ ਭਾਵਨਾ ਰੱਖਣ ਵਾਲਾ ਰਾਸ਼ਟਰ ਹੈ। ਉਨ੍ਹਾਂ ਕਿਹਾ ਕਿ ਭਾਰਤ ਨੂੰ ਖੁਸ਼ਹਾਲ ਅਤੇ ਖੁਸ਼ਹਾਲ ਬਣਾਉਣ ਦੇ ਨਾਲ-ਨਾਲ ਦੇਸ਼ ਵਿੱਚ ਆਪਸੀ ਪਿਆਰ, ਏਕਤਾ ਅਤੇ ਸਦਭਾਵ ਨੂੰ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਪੂਰੀ ਦੁਨੀਆ ਸੰਭਾਵਿਤ ਯੁੱਧ ਦੇ ਸੰਕਟ ਵਿੱਚੋਂ ਲੰਘ ਰਹੀ ਹੈ। ਅਜਿਹੇ ਸਮੇਂ ਵਿੱਚ ਸਾਰੇ ਦੇਸ਼ ਵਾਸੀਆਂ ਨੂੰ ਤੰਗ-ਦਿਲੀ ਅਤੇ ਮਤਭੇਦਾਂ ਨੂੰ ਤਿਆਗ ਕੇ ਆਪਸੀ ਪਿਆਰ, ਏਕਤਾ ਅਤੇ ਫਿਰਕੂ ਸਦਭਾਵ ਬਣਾਈ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਆਤਮ-ਮੰਥਨ ਕਰਨਾ ਚਾਹੀਦਾ ਹੈ ਕਿ ਰਾਸ਼ਟਰ ਦੇ ਉਥਾਨ, ਵਿਕਾਸ, ਸੁਤੰਤਰਤਾ ਨੂੰ ਬਣਾਈ ਰੱਖਣ ਅਤੇ ਸ਼ਾਂਤੀ ਸਥਾਪਤ ਕਰਨ ਵਿੱਚ ਉਨ੍ਹਾਂ ਦਾ ਕੀ ਯੋਗਦਾਨ ਹੈ। ਉਨ੍ਹਾਂ ਨੇ ਲੋਕਾਂ ਨੂੰ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਵਿਅਰਥ ਨਾ ਜਾਣ ਦੇਣ ਅਤੇ ਅਧਿਕਾਰਾਂ ਦੇ ਨਾਲ ਆਪਣੇ ਫਰਜ਼ਾਂ ਦੀ ਵੀ ਪਾਲਣਾ ਕਰਨ ਦਾ ਸੱਦਾ ਦਿੱਤਾ।

ਸ਼੍ਰੀ ਹਰੀ ਚੈਤੰਨ ਪੁਰੀ ਜੀ ਮਹਾਰਾਜ ਨੇ ਕਿਹਾ ਕਿ ਭਾਰਤ ਸਦੈਵ ਜਗਦਗੁਰੂ ਰਿਹਾ ਹੈ ਅਤੇ ਅੱਜ ਕਮੀਆਂ ਭਾਰਤ ਵਿੱਚ ਨਹੀਂ, ਸਗੋਂ ਭਾਰਤ ਵਾਸੀਆਂ ਦੇ ਵਿਚਾਰਾਂ ਅਤੇ ਆਚਰਣ ਵਿੱਚ ਆਈਆਂ ਹਨ। ਜੇਕਰ ਇਨ੍ਹਾਂ ਕਮੀਆਂ ਨੂੰ ਦੂਰ ਕੀਤਾ ਜਾਵੇ ਤਾਂ ਭਾਰਤ ਫਿਰ ਤੋਂ ਜਗਦਗੁਰੂ ਦੇ ਅਹੁਦੇ 'ਤੇ ਸਥਾਪਿਤ ਹੋਵੇਗਾ। ਪਾਕਿਸਤਾਨ ਨੂੰ ਆਪਣੇ ਨਾਪਾਕ ਇਰਾਦੇ ਬਦਲਣ ਦੀ ਚੇਤਾਵਨੀ ਦਿੰਦਿਆਂ ਉਨ੍ਹਾਂ ਕਿਹਾ ਕਿ ਭਾਰਤ ਨੇ ਕਦੇ ਯੁੱਧ ਨਹੀਂ ਚਾਹਿਆ, ਸਗੋਂ ਉਸ 'ਤੇ ਯੁੱਧ ਥੋਪੇ ਗਏ ਹਨ। ਉਨ੍ਹਾਂ ਨੇ ਚੀਨ ਨੂੰ ਵੀ ਚੇਤਾਵਨੀ ਦਿੰਦਿਆਂ ਕਿਹਾ ਕਿ ਭਾਰਤ ਦੀ ਫੌਜੀ ਸ਼ਕਤੀ ਅੱਜ ਬਹੁਤ ਮਜ਼ਬੂਤ ਹੈ।

ਉਨ੍ਹਾਂ ਨੇ ਗਊ ਹੱਤਿਆ 'ਤੇ ਪੂਰਨ ਪਾਬੰਦੀ ਲਗਾਉਣ ਦੀ ਲੋੜ ਜਤਾਉਂਦਿਆਂ ਕਿਹਾ ਕਿ ਸ਼੍ਰੀ ਰਾਮ ਅਤੇ ਸ਼੍ਰੀ ਕ੍ਰਿਸ਼ਨ ਵਰਗੇ ਅਵਤਾਰਾਂ ਦੀ ਧਰਤੀ 'ਤੇ ਗਾਵਾਂ ਦੀ ਦੁਰਦਸ਼ਾ ਅਤੇ ਗਊ ਹੱਤਿਆ ਸ਼ਰਮਨਾਕ ਹੈ। ਉਨ੍ਹਾਂ ਨੇ ਕੰਨਿਆ ਭਰੂਣ ਹੱਤਿਆ ਨੂੰ ਵੀ ਘਿਨਾਉਣਾ ਅਪਰਾਧ ਦੱਸਦਿਆਂ ਇਸ ਵਿਰੁੱਧ ਸਖ਼ਤ ਕਾਨੂੰਨ ਅਤੇ ਸਮਾਜਿਕ ਜਾਗਰੂਕਤਾ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਧਰਮ ਸਿਰਫ਼ ਰਸਮਾਂ ਦਾ ਵਿਸ਼ਾ ਨਹੀਂ, ਸਗੋਂ ਆਚਰਣ ਦਾ ਵਿਸ਼ਾ ਹੈ। ਕਥਾ, ਪ੍ਰਵਚਨ, ਯੋਗ, ਆਯੁਰਵੇਦ, ਚਿਕਿਤਸਾ ਅਤੇ ਸਿੱਖਿਆ ਦੇ ਵਪਾਰੀਕਰਨ ਨੂੰ ਉਨ੍ਹਾਂ ਨੇ ਦੁਖਦ ਦੱਸਿਆ। ਮਹਾਰਾਜ ਦੇ ਦਰਸ਼ਨ ਅਤੇ ਪ੍ਰਵਚਨ ਸੁਣਨ ਲਈ ਸਥਾਨਕ, ਖੇਤਰੀ ਅਤੇ ਦੂਰ-ਦੁਰਾਡੇ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਪਹੁੰਚੇ। ਉਨ੍ਹਾਂ ਦੇ ਪ੍ਰਵਚਨਾਂ ਨਾਲ ਮਾਹੌਲ ਭਗਤੀਭਰਿਆ ਹੋ ਗਿਆ ਅਤੇ ਸ਼ਰਧਾਲੂਆਂ ਨੇ ਜੈਕਾਰਿਆਂ ਨਾਲ ਉਨ੍ਹਾਂ ਦਾ ਸਵਾਗਤ ਕੀਤਾ। ਹੁਸ਼ਿਆਰਪੁਰ ਪਹੁੰਚਣ 'ਤੇ ਤੀਕਸ਼ਨ ਸੂਦ, ਯਸ਼ਪਾਲ ਸ਼ਰਮਾ ਸਮੇਤ ਪਤਵੰਤੇ ਲੋਕਾਂ ਨੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ। ਇਸ ਤੋਂ ਪਹਿਲਾਂ ਚੰਡੀਗੜ੍ਹ, ਰੂਪਨਗਰ ਅਤੇ ਗੜ੍ਹਸ਼ੰਕਰ ਵਿੱਚ ਵੀ ਹਜ਼ਾਰਾਂ ਸ਼ਰਧਾਲੂਆਂ ਨੇ ਫੁੱਲ ਮਾਲਾਵਾਂ, ਫੁੱਲਾਂ ਦੀ ਵਰਖਾ ਅਤੇ ਆਰਤੀ ਨਾਲ ਉਨ੍ਹਾਂ ਦਾ ਸਵਾਗਤ ਕੀਤਾ।

ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਵੱਲੋਂ ਪਿੰਡ ਸਲੇਮਪੁਰ ਵਿਖੇ ਝੋਨੇ ਦੀ ਪਰਾਲੀ ਪ੍ਰਬੰਧਨ ਸਬੰਧੀ ਸਿਖਲਾਈ ਕਰਵਾਈ ਗਈ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਹਰ ਸਾਲ ਦੀ ਤਰ੍ਹਾਂ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਕੇਂਦਰ ਤੇ ਰਾਜ ਸਰਕਾਰ ਵੱਲੋਂ ਸੂਬਾ ਤੇ ਜ਼ਿਲਾ ਪੱਧਰ ਤੇ ਮੁਹਿੰਮ ਤੌਰ ਤੇ ਕੰਮ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਹੁਸ਼ਿਆਰਪੁਰ-2 ਬਲਾਕ ਦੇ ਪਰਾਲੀ ਪ੍ਰਬੰਧਨ ਮੁਹਿੰਮ ਤਹਿਤ ਅਪਣਾਏ ਪਿੰਡ ਸਲੇਮਪੁਰ ਦੇ ਕਿਸਾਨਾਂ ਲਈ ਪਿੰਡ ਸਲੇਮਪੁਰ ਅਤੇ ਕੇ.ਵੀ.ਕੇ. ਵਿਖੇ ਝੋਨੇ ਦੀ ਪਰਾਲੀ ਪ੍ਰਬੰਧਨ ਬਾਬਤ ਸਿਖਲਾਈ ਕਰਵਾਈ ਗਈ।

ਇਸ ਸਿਖਲਾਈ ਦੀ ਸ਼ੁਰੂਆਤ ਵਿੱਚ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ), ਡਾ. ਮਨਿੰਦਰ ਸਿੰਘ ਬੌਂਸ ਨੇ ਪਹੁੰਚੇ ਕਿਸਾਨਾਂ ਨੂੰ ਜੀ ਆਇਆਂ ਕਿਹਾ ਅਤੇ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਨਾਲ ਹੋਣ ਵਾਲੇ ਨੁਕਸਾਨ ਤੇ ਜ਼ਮੀਨ ਦੀ ਸਿਹਤ ਤੇ ਅਸਰ ਬਾਰੇ ਜਾਗਰੂਕ ਕਰਦੇ ਹੋਏ ਅੱਗ ਲਗਾਉਣ ਦੇ ਰੁਝਾਨ ਨੂੰ ਹੋਰ ਘਟਾਉਣ ਲਈ ਲਾਮਬੰਦ ਕੀਤਾ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਅੱਗ ਲਾਉਣ ਦੇ ਕੇਸ ਸੰਨ 2025 ਵਿੱਚ 29 ਤੋਂ ਘੱਟ ਕੇ 18 ਹੀ ਦਰਜ ਕੀਤੇ ਗਏ ਸੀ। ਡਾ. ਬੌਂਸ ਨੇ ਦੱਸਿਆ ਕਿ ਹੁਸ਼ਿਆਰਪੁਰ ਜ਼ਿਲ੍ਹਾ ਅਗੇਤੇ ਮਟਰ ਅਤੇ ਅਗੇਤੇ ਆਲੂ ਦੀ ਲੁਆਈ ਵਿੱਚ ਮੋਢੀ ਹੈ ਅਤੇ ਕਿਸਾਨ ਵੀਰ ਝੋਨੇ ਦੀ ਵਾਢੀ ਤੋਂ ਬਾਅਦ ਝੋਨੇ ਦੀ ਪਰਾਲੀ ਨੂੰ ਕੁਤਰਨ ਤੇ ਖਿਲਾਰਨ ਲਈ ਪਰਾਲੀ ਵਾਲਾ ਚੌਪਰ/ਮਲਚਰ ਵਰਤ ਸਕਦੇ ਹਨ ਅਤੇ ਕੁਤਰੀ ਹੋਈ ਪਰਾਲੀ ਨੂੰ ਉਲਟਾਵੇਂ ਹਲਾਂ ਦੀ ਮਦਦ ਨਾਲ ਖੇਤ ਵਿੱਚ ਮਿਲਾਇਆ ਜਾ ਸਕਦਾ ਹੈ ਇਸ ਤੋਂ ਬਾਅਦ ਰੋਟਾਵੇਟਰ ਜਾਂ ਤਵੀਆਂ ਨਾਲ ਵਾਹ ਕੇ ਖੇਤ ਆਲੂ, ਸਬਜ਼ੀਆਂ ਅਤੇ ਹੋਰ ਫ਼ਸਲਾਂ ਦੀ ਬਿਜਾਈ ਲਈ ਆਸਾਨੀ ਨਾਲ ਤਿਆਰ ਹੋ ਜਾਂਦਾ ਹੈ।ਡਾ. ਬੌਂਸ ਨੇ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ ਮਿਤੀ 18 ਤੇ 19 ਸਤੰਬਰ, 2026 ਨੂੰ ਹੋਣ ਵਾਲੇ ਰਾਜ ਪੱਧਰੀ ਕਿਸਾਨ ਮੇਲੇ ਵਿੱਚ ਭਰਵੀਂ ਸ਼ਮੂਲੀਅਤ ਲਈ ਸੱਦਾ ਵੀ ਦਿੱਤਾ।

ਕੇਂਦਰ ਦੇ ਸਹਿਯੋਗੀ ਪ੍ਰੋਫੈਸਰ (ਪਸ਼ੂ ਵਿਗਿਆਨ), ਡਾ. ਪਰਮਿੰਦਰ ਸਿੰਘ ਨੇ ਪਰਾਲੀ ਵਿੱਚ ਮੌਜੂਦ ਵੱਖ-ਵੱਖ ਤੱਤਾਂ ਦੀ ਮਹਤੱਤਾ ਅਤੇ ਝੋਨੇ ਦੀ ਪਰਾਲੀ ਦੀ ਬਾਇਓ ਗੈਸ ਪਲਾਂਟ, ਖਾਦ, ਊਰਜਾ, ਗੱਤਾ ਉਦਯੋਗ, ਖੁੰਬ ਉਤਪਾਦਨ, ਮਲਚ ਤੇ ਪਸ਼ੂ ਖੁਰਾਕ ਵਜੋਂ ਵਰਤੋਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਪਸ਼ੂਆਂ ਦੇ ਮੌਸਮੀ ਪ੍ਰਬੰਧਨ ਬਾਰੇ ਵੀ ਗੱਲਬਾਤ ਕੀਤੀ।

ਸਹਾਇਕ ਪ੍ਰੋਫੈਸਰ (ਖੇਤੀਬਾੜੀ ਇੰਜੀਨਿਅਰਿੰਗ), ਡਾ. ਅਜੈਬ ਸਿੰਘ ਨੇ ਝੋਨੇ ਦੀ ਪਰਾਲੀ ਪ੍ਰਬੰਧਨ ਬਾਰੇ ਤਕਨੀਕੀ ਜਾਣਕਾਰੀ ਸਾਂਝੀ ਕੀਤੀ ਅਤੇ ਝੋਨੇ ਦੀ ਪਰਾਲੀ ਪ੍ਰਬੰਧਨ ਸਬੰਧੀ ਮਸ਼ੀਨਰੀ ਦੀ ਉੱਤਮ ਕਾਰਜਕੁਸ਼ਲਤਾ ਸਬੰਧੀ ਪਹਿਲੂਆਂ ਬਾਰੇ ਵੀ ਜਾਣੂੰ ਕਰਵਾਇਆ।ਡਾ. ਅਜੈਬ ਨੇ ਇਸ ਗੱਲ ਤੇ ਵੀ ਜੋਰ ਦਿੱਤਾ ਕਿ ਕਿਸਾਨ ਪਰਾਲੀ ਪ੍ਰਬੰਧਨ ਸਬੰਧਤ ਮਸ਼ੀਨਰੀ ਦੀ ਵਰਤੋਂ ਸਾਂਝੇ ਤੌਰ ਤੇ ਕਰਨ ਤਾਂ ਜੋ ਇਸ ਦਾ ਪੂਰਾ ਫਾਇਦਾ ਲਿਆ ਜਾ ਸਕੇ।

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਬਲਾਕ ਹੁਸ਼ਿਆਰਪੁਰ-2 ਦੇ ਖੇਤੀ ਵਿਕਾਸ ਅਫਸਰ, ਡਾ. ਧਰਮਵੀਰ ਸ਼ਾਰਦ ਵੱਲੋਂ ਵਿਭਾਗੀ ਕਿਸਾਨ ਭਲਾਈ ਸਕੀਮਾਂ ਬਾਰੇ ਚਾਨਣਾ ਪਾਇਆ ਗਿਆ ਤੇ ਬਲਾਕ ਵਿੱਚ ਬਣਾਏ ਪਰਾਲੀ ਪ੍ਰਬੰਧਨ ਮਸ਼ੀਨਰੀ ਸੈਂਟਰਾਂ ਵਿਖੇ ਉਪਲਬਧ ਮਸ਼ੀਨਰੀ ਨੂੰ ਵੱਧ ਤੋਂ ਵੱਧ ਵਰਤਣ ਲਈ ਪ੍ਰੇਰਿਆ ਗਿਆ।

ਕਿਸਾਨਾਂ ਦੀ ਸਹੂਲਤ ਲਈ ਸਰਦੀ ਦੀਆਂ ਸਬਜੀਆਂ ਦੀਆਂ ਕਿੱਟਾਂ, ਪਸ਼ੂਆਂ ਲਈ ਧਾਤਾਂ ਦਾ ਚੂਰਾ, ਪਸ਼ੂ ਚਾਟ ਇੱਟ ਅਤੇ ਖੇਤੀ ਸਾਹਿੱਤ ਵੀ ਉਪਲਬਧ ਕਰਵਾਇਆ ਗਿਆ।ਕਿਸਾਨਾਂ ਨੇ ਮਾਹਿਰਾਂ ਨਾਲ ਪਰਾਲੀ ਪ੍ਰਬੰਧਨ ਅਤੇ ਫਸਲਾਂ ਦੀ ਕਾਸ਼ਤ ਸਬੰਧੀ ਆਪਣੇ ਖਦਸ਼ਿਆਂ ਬਾਬਤ ਵਿਚਾਰ-ਚਰਚਾ ਵੀ ਕੀਤੀ।

ਅੰਤ ਵਿੱਚ ਪਿੰਡ ਸਲੇਮਪੁਰ ਦੇ ਸਰਪੰਚ ਮੇਜਰ ਸਿੰਘ ਵੱਲੋਂ ਮਾਹਿਰਾਂ ਦਾ ਧੰਨਵਾਦ ਕੀਤਾ ਗਿਆ ਤੇ ਸਮੂਹ ਪਿੰਡ ਵਾਸੀਆ ਵੱਲੋਂ ਇਸ ਮੁਹਿੰਮ ਵਿੱਚ ਪੂਰਣ ਸਹਿਯੋਗ ਦਾ ਭਰੋਸਾ ਦਿੱਤਾ ਗਿਆ।

ਬਾਰਾਪੁਰ ਦੀ ਛਿੰਝ ਵਿੱਚ ਸ਼ਕਤੀ ਯਾਦਵ ਕੋਟਲਾ ਦਾ ਦਬਦਬਾ, 71 ਹਜ਼ਾਰ ਦੀ ਪਟਕੇ ਦੀ ਕੁਸ਼ਤੀ ਜਿੱਤੀ

- **ਮਨੀਸ਼ ਭਵਾਨੀ ਹਰਿਆਣਾ ਨੂੰ ਚਿੱਤ ਕਰ ਦਰਜ ਕੀਤੀ ਸ਼ਾਨਦਾਰ ਜਿੱਤ, ਵੱਖ-ਵੱਖ ਸੂਬਿਆਂ ਤੋਂ ਪਹੁੰਚੇ ਕਰੀਬ 250 ਪਹਿਲਵਾਨ**

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਪਿੰਡ ਬਾਰਾਪੁਰ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਛਿੰਝ ਮੇਲੇ ਦਾ ਆਯੋਜਨ ਕੀਤਾ ਗਿਆ। ਮੇਲੇ ਵਿੱਚ ਵੱਖ-ਵੱਖ ਸੂਬਿਆਂ ਤੋਂ ਪਹੁੰਚੇ ਕਰੀਬ 250 ਪਹਿਲਵਾਨਾਂ ਨੇ ਕੁਸ਼ਤੀ ਮੁਕਾਬਲਿਆਂ ਵਿੱਚ ਹਿੱਸਾ ਲਿਆ। ਇਸ ਦੌਰਾਨ ਕੁੱਲ 130 ਕੁਸ਼ਤੀਆਂ ਕਰਵਾਈਆਂ ਗਈਆਂ, ਜਿਨ੍ਹਾਂ ਨੂੰ ਦੇਖਣ ਲਈ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਪਹੁੰਚੇ।

ਮੇਲੇ ਦੀ ਮੁੱਖ 71 ਹਜ਼ਾਰ ਰੁਪਏ ਦੀ ਪਟਕੇ ਦੀ ਕੁਸ਼ਤੀ ਵਿੱਚ ਪਹਿਲਵਾਨ ਸ਼ਕਤੀ ਯਾਦਵ ਕੋਟਲਾ ਨੇ ਮਨੀਸ਼ ਭਵਾਨੀ, ਹਰਿਆਣਾ ਨੂੰ ਚਿੱਤ ਕਰਕੇ ਸ਼ਾਨਦਾਰ ਜਿੱਤ ਦਰਜ ਕੀਤੀ। ਪਟਕੇ ਦੀ ਕੁਸ਼ਤੀ ਦਾ ਉਦਘਾਟਨ ਪੰਚਾਇਤ ਸਮਿਤੀ ਮੈਂਬਰ ਸਰਵਣ ਕਿਸਾਨਾ ਵੱਲੋਂ ਕੀਤਾ ਗਿਆ।

ਇਸ ਮੌਕੇ ਜਸਪਾਲ ਸਿੰਘ ਨੇ ਕਿਹਾ ਕਿ ਪਿੰਡ ਵਾਸੀਆਂ ਅਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਹਰ ਸਾਲ ਛਿੰਝ ਮੇਲਾ ਕਰਵਾਇਆ ਜਾਂਦਾ ਹੈ। ਉਨ੍ਹਾਂ ਨੇ ਮੇਲੇ ਦੀ ਸਫਲਤਾ ਲਈ ਸਹਿਯੋਗ ਦੇਣ ਵਾਲੇ ਸਮੂਹ ਪਿੰਡ ਵਾਸੀਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।

ਸਾਬਕਾ ਸਰਪੰਚ ਬਲਦੇਵ ਸਿੰਘ ਅਤੇ ਸਾਬਕਾ ਸਰਪੰਚ ਸੁਰਿੰਦਰ ਪਾਲ ਨੇ ਪਿੰਡ ਵਾਸੀਆਂ ਨੂੰ ਛਿੰਝ ਮੇਲੇ ਦੀ ਸਫਲਤਾ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਮੇਲੇ ਪੇਂਡੂ ਖੇਤਰਾਂ ਵਿੱਚ ਕੁਸ਼ਤੀ ਅਤੇ ਰਵਾਇਤੀ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਇਸ ਮੌਕੇ ਸਾਬਕਾ ਸਰਪੰਚ ਬਲਦੇਵ ਸਿੰਘ, ਸਾਬਕਾ ਸਰਪੰਚ ਸੁਰਿੰਦਰ ਪਾਲ, ਜਸਪਾਲ ਸਿੰਘ, ਚਰਨਜੀਤ ਕਾਕਾ, ਬੱਬੂ ਫੌਜੀ, ਕੁਲਵੰਤ ਫੌਜੀ, ਸ਼੍ਰੀਰਾਮ, ਜੋਗਿੰਦਰ ਜਿੰਦੀ, ਸੋਮਾ ਸਿੰਘ, ਜਸਵੀਰ ਸ਼ੀਰਾ, ਅਜਮੇਲ ਸਿੰਘ, ਅਵਤਾਰ ਬੱਗਾ, ਸੁਖਵਿੰਦਰ ਸੂਖਾ, ਅਜੈ ਕੁਮਾਰ, ਪ੍ਰਦੀਪ ਕਾਲਾ, ਨਿਰਮਲ ਪੰਚ, ਸੁਭਾਸ਼ ਚੰਦਰ, ਅਮਰਜੀਤ ਅੰਬੀ, ਪ੍ਰੀਤਮ ਲੰਬੜ, ਜੀਤ ਸਿੰਘ, ਮੱਖਣ ਸਿੰਘ, ਚਰਨਜੀਤ ਚੰਨੀ, ਸੂਖਾ ਬਾਬਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਪੱਛਮੀ ਕਮਾਂਡ ਨੇ ਆਪਣਾ 80ਵਾਂ ਸਥਾਪਨਾ ਦਿਵਸ ਮਨਾਇਆ

ਪੈ.ਗਾਮ-ਏ-ਜਗਤ/ਅੰਬਾਲਾ
15 ਸਤੰਬਰ (ਆਰ.ਸਿੰਘ)



ਭਾਰਤੀ ਫੌਜ ਦੀ ਪੱਛਮੀ ਕਮਾਂਡ ਨੇ 15 ਸਤੰਬਰ 2026 ਨੂੰ ਚੰਡੀਮੰਦਰ ਵਿਖੇ ਆਪਣਾ 80ਵਾਂ ਸਥਾਪਨਾ ਦਿਵਸ ਮਨਾਇਆ ਜੋ ਕਿ ਰਾਸ਼ਟਰ ਦੀ ਰੱਖਿਆ ਵਿੱਚ ਅੱਠ ਦਹਾਕਿਆਂ ਦੀ ਸ਼ਾਨਦਾਰ ਸੇਵਾ, ਬਹਾਦਰੀ ਅਤੇ ਕੁਰਬਾਨੀ ਦਾ ਪ੍ਰਤੀਕ ਹੈ। ਇਸ ਪਵਿੱਤਰ ਮੌਕੇ 'ਤੇ ਲੈਫ਼ਟੀਨੈਂਟ ਜਨਰਲ ਪੁਸ਼ਪਿੰਦਰ ਸਿੰਘ, ਏਵੀਐਸਐਮ, ਐਸਐਮ, ਜਨਰਲ ਅਫਸਰ ਕਮਾਂਡਿੰਗ-ਇਨ-ਚੀਫ ਪੱਛਮੀ ਕਮਾਂਡ ਨੇ ਵੀਰ ਸਿਮ੍ਰਿਤੀ ਯੁੱਧ ਸਮਾਰਕ 'ਤੇ ਫੁੱਲ ਮਾਲਾ ਭੇਟ ਕਰਕੇ ਸ਼ਹੀਦੀ ਪ੍ਰਾਪਤ ਕਰਨ ਵਾਲੇ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਜਨਰਲ ਵੀਪੀ ਮਲਿਕ, ਪੀਵੀਐਸਐਮ, ਏਵੀਐਸਐਮ (ਸੇਵਾਮੁਕਤ), ਸਾਬਕਾ ਫੌਜ ਮੁਖੀ ਨੇ ਵੀ ਉਨ੍ਹਾਂ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਿਨ੍ਹਾਂ ਦੀ ਸਰਵਉੱਚ ਕੁਰਬਾਨੀ ਨੇ ਕਮਾਂਡ ਦੀ ਸ਼ਾਨਦਾਰ ਵਿਰਾਸਤ ਨੂੰ ਅਮੀਰ ਬਣਾਇਆ ਹੈ। ਪੱਛਮੀ ਕਮਾਂਡ ਦੀ ਸ਼ੁਰੂਆਤ 1905 ਦੇ ਕਿਚਨਰ ਸੁਧਾਰਾਂ ਅਧੀਨ ਭਾਰਤੀ ਫੌਜ ਦੇ ਪੁਨਰਗਠਨ ਨਾਲ ਹੋਈ ਸੀ। ਆਜ਼ਾਦੀ ਅਤੇ ਵੰਡ ਤੋਂ ਬਾਅਦ ਸਤੰਬਰ 1947 ਵਿੱਚ ਸਾਬਕਾ ਉੱਤਰੀ ਫੌਜ ਦੇ ਪੂਰਬੀ ਵਿੰਗ ਨੂੰ ਦਿੱਲੀ ਅਤੇ ਪੂਰਬੀ ਪੰਜਾਬ ਕਮਾਂਡ ਵਜੋਂ ਪੁਨਰ ਗਠਿਤ ਕੀਤਾ ਗਿਆ ਸੀ ਜੋ ਬਾਅਦ ਵਿੱਚ ਜਨਵਰੀ 1948 ਵਿੱਚ ਪੱਛਮੀ ਕਮਾਂਡ ਵਿੱਚ ਵਿਕਸਤ ਹੋਈ। ਉਦੋਂ ਤੋਂ ਕਮਾਂਡ ਨੇ 1947-48, 1962, 1965 ਅਤੇ 1971 ਦੀਆਂ ਜੰਗਾਂ ਸਮੇਤ ਕਈ ਬਾਅਦ ਦੇ ਕਾਰਜਾਂ ਵਿੱਚ ਆਪਣੇ ਆਪ ਨੂੰ ਸਿੱਧ ਕੀਤਾ ਹੈ। ਹਾਲ ਹੀ ਵਿੱਚ ਆਪ੍ਰੇਸ਼ਨ ਸਿੰਦੂਰ ਦੌਰਾਨ ਪੱਛਮੀ ਕਮਾਂਡ ਨੇ ਪੱਛਮੀ ਮੋਰਚੇ 'ਤੇ ਆਪਣੇ ਨਿਰਧਾਰਿਤ ਕਾਰਜਾਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਅਮਲ ਵਿੱਚ ਲਿਆਉਣ ਲਈ ਸ਼ਾਨਦਾਰ ਸੰਚਾਲਨ ਤਿਆਰੀ, ਪੇਸ਼ੇਵਰਤਾ ਅਤੇ ਸਾਂਝੇ ਤਾਲਮੇਲ ਦਾ ਪ੍ਰਦਰਸ਼ਨ ਕੀਤਾ। ਇਹ ਅਟੁੱਟ ਵਚਨਬੱਧਤਾ 2025 ਵਿੱਚ ਆਪ੍ਰੇਸ਼ਨ ਰਾਹਤ ਦੌਰਾਨ ਵੀ ਸਪੱਸ਼ਟ ਸੀ ਜਦੋਂ ਕਮਾਂਡ ਨੇ ਪ੍ਰਭਾਵਿਤ ਭਾਈਚਾਰਿਆਂ ਨੂੰ ਸਮੇਂ ਸਿਰ ਬਚਾਅ, ਰਾਹਤ ਅਤੇ ਸਹਾਇਤਾ ਪ੍ਰਦਾਨ ਕਰਨ ਲਈ ਆਪਣੇ ਸਰੋਤਾਂ ਨੂੰ ਤੇਜ਼ੀ ਨਾਲ ਜੁਟਾ ਲਿਆ। ਇਹ ਸਾਰੇ ਓਪਰੇਸ਼ਨ ਕਮਾਂਡ ਦੀ ਕਾਰਜਸ਼ੀਲ ਤੌਰ 'ਤੇ ਨਿਰਨਾਇਕ ਅਤੇ ਸੇਵਾ-ਸੰਵੇਦਨਸ਼ੀਲ ਰਹਿਣ ਦੀ ਯੋਗਤਾ ਨੂੰ ਦਰਸਾਉਂਦੇ ਹਨ ਅਤੇ ਰਾਸ਼ਟਰ ਲਈ ਬਹਾਦਰੀ, ਕੁਰਬਾਨੀ ਅਤੇ ਸੇਵਾ ਦੀ ਆਪਣੀ ਸਥਾਈ ਵਿਰਾਸਤ ਨੂੰ ਬਰਕਰਾਰ ਰੱਖਦੇ ਹਨ। ਪੱਛਮੀ ਕਮਾਂਡ ਦੇ ਇਤਿਹਾਸ ਦੇ ਪੰਨੇ ਅਸਾਧਾਰਨ ਹਿੰਮਤ, ਡਿਊਟੀ ਪ੍ਰਤੀ ਅਟੁੱਟ ਸਮਰਪਣ ਅਤੇ ਸਰਵਉੱਚ ਕੁਰਬਾਨੀ ਦੀ ਗਵਾਹੀ ਭਰਦੇ ਹਨ। ਇਸ ਦੇ ਬਹਾਦਰ ਸੈਨਿਕਾਂ ਨੇ ਜੋ ਕਿ ਡਿਊਟੀ ਪ੍ਰਤੀ ਅਸਾਧਾਰਨ ਹਿੰਮਤ ਅਤੇ ਸਮਰਪਣ ਦਾ ਪ੍ਰਦਰਸ਼ਨ ਕਰਦੇ ਹਨ, ਨੇ 11 ਪਰਮਵੀਰ ਚੱਕਰ, ਇੱਕ ਅਸ਼ੋਕ ਚੱਕਰ ਅਤੇ 143 ਮਹਾਂਵੀਰ ਚੱਕਰ, ਹੋਰ ਬਹਾਦਰੀ ਅਤੇ ਵਿਲੱਖਣ ਸੇਵਾ ਪੁਰਸਕਾਰਾਂ ਦੇ ਨਾਲ ਪ੍ਰਾਪਤ ਕੀਤੇ ਹਨ। ਇਹ ਸਨਮਾਨ ਭਾਰਤੀ ਫੌਜ ਦੀਆਂ ਉੱਚਤਮ ਪਰੰਪਰਾਵਾਂ ਦਾ ਪ੍ਰਤੀਕ ਹਨ ਅਤੇ ਸੈਨਿਕਾਂ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੇ ਰਹਿੰਦੇ ਹਨ। ਦਹਾਕਿਆਂ ਤੋਂ ਪੱਛਮੀ ਕਮਾਂਡ ਨੇ ਹੌਲੀ-ਹੌਲੀ ਆਪਣੇ ਆਪ ਨੂੰ ਇੱਕ ਆਧੁਨਿਕ, ਚੁਸਤ, ਤਕਨਾਲੋਜੀ-ਸਮਰੱਥ ਅਤੇ ਲੜਾਈ-ਤਿਆਰ ਫੋਰਸ ਵਿੱਚ ਬਦਲਿਆ ਹੈ ਜੋ ਯੁੱਧ ਦੇ ਬਦਲਦੇ ਦ੍ਰਿਸ਼ ਦਾ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦੇਣ ਦੇ ਸਮਰੱਥ ਹੈ। ਇਸ ਦੀ ਨਿਰੰਤਰ ਤਰੱਕੀ ਸਮਰੱਥਾ ਵਧਾਉਣ, ਤਕਨਾਲੋਜੀ ਪ੍ਰੇਰਨਾ, ਨਵੀਨਤਾ, ਸੰਯੁਕਤਤਾ, ਯਥਾਰਥਵਾਦੀ ਸਿਖਲਾਈ, ਮਜ਼ਬੂਤ ਬੁਨਿਆਦੀ ਢਾਂਚੇ ਅਤੇ ਨਿਰੰਤਰ ਸੰਚਾਲਨ ਤਿਆਰੀ 'ਤੇ ਅਧਾਰਿਤ ਹੈ। ਆਪਣੀ ਅਮੀਰ ਵਿਰਾਸਤ ਤੋਂ ਤਾਕਤ ਪ੍ਰਾਪਤ ਕਰਦੇ ਹੋਏ ਅਤੇ ਭਵਿੱਖ ਦੀਆਂ ਸੰਚਾਲਨ ਚੁਣੌਤੀਆਂ 'ਤੇ ਦ੍ਰਿੜ੍ਹ?ਹਤਾ ਨਾਲ ਕੇਂਦਰਿਤ ਰਹਿੰਦੇ ਹੋਏ ਪੱਛਮੀ ਕਮਾਂਡ ਦੇਸ਼ ਦੀਆਂ ਪੱਛਮੀ ਸਰਹੱਦਾਂ ਦੀ ਰੱਖਿਆ ਲਈ ਦ੍ਰਿੜ੍ਹ ਅਤੇ ਵਚਨਬੱਧ ਹੈ।

ਨੌਜਵਾਨ ਖੂਨਦਾਨੀ ਜੋੜਾ ਆਯੂਸ਼ ਅਤੇ ਅੰਕਿਤਾ ਵੱਲੋਂ ਨੇਤਰ ਦਾਨ ਸੇਵਾ ਰਾਹੀਂ ਨੇਤਰਹੀਣ ਲੋਕਾਂ ਦੀ ਜ਼ਿੰਦਗੀ ਨੂੰ ਰੋਸ਼ਨੀ ਪ੍ਰਦਾਨ ਕਰਨ ਦਾ ਲਿਆ ਸੰਕਲਪ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਸਮਾਜ ਸੇਵੀ ਆਯੂਸ਼ ਅਤੇ ਅੰਕਿਤਾ ਜਿਨ੍ਹਾਂ ਨੇ ਆਪਣੇ ਵਿਆਹ ਦੀ ਰੀਸੈਪਸ਼ਨ ਦੇ ਮੌਕੇ ਤੇ ਖੂਨ ਦਾਨ ਕੈਂਪ ਅਯੋਜਨ ਕੀਤਾ ਜਿਸ ਵਿੱਚ ਆਪ ਖੂਨ ਦਾਨ ਕੀਤਾ ਅਤੇ ਆਪਣੇ ਦੋਸਤਾਂ ਮਿੱਤਰਾਂ ਅਤੇ ਰਿਸ਼ਤੇਦਾਰਾਂ ਨੂੰ ਵੀ ਇਸ ਮਹਾਨ ਸੇਵਾ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਹੁਣ ਉਨ੍ਹਾਂ ਨੇ ਨੇਤਰ ਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਵਿਖੇ ਨੇਤਰ ਦਾਨ ਕਰਨ ਦਾ ਪ੍ਰਣ ਲਿਆ ਅਤੇ ਸੰਕਲਪ ਲਿਆ ਕੇ ਉਹ ਖੂਨ ਦਾਨ ਸੇਵਾ ਦੇ ਨਾਲ ਨਾਲ ਨੇਤਰਹੀਣ ਲੋਕਾਂ ਦੀ ਜ਼ਿੰਦਗੀ ਨੂੰ ਰੋਸ਼ਨੀ ਪ੍ਰਦਾਨ ਕਰਨ ਲਈ ਆਪਣੀਆਂ ਸੇਵਾਵਾਂ ਦੇਣਗੇ ਅਤੇ ਖੂਨ ਦਾਨ, ਨੇਤਰ ਦਾਨ ਅਤੇ ਅੰਗ ਦਾਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਆਪਣੀਆਂ ਸੇਵਾਵਾਂ ਦੇਣਗੇ। ਇਸ ਮਹਾਨ ਸੇਵਾ ਕਾਰਜ ਲਈ ਡਾਕਟਰ ਨੇਹਾ ਪੋਲ ਸੀਨੀਅਰ ਮੈਡੀਕਲ ਅਫ਼ਸਰ ਵੱਲੋਂ ਮੁਬਾਰਕਾਂ ਦਿੱਤੀਆਂ ਗਈਆਂ ਅਤੇ ਨੇਤਰ ਦਾਨ ਸਨਮਾਨਿਤ ਸਾਰਟੀਫੀਕੇਟ ਪ੍ਰਦਾਨ ਕੀਤੇ ਗਏ।

ਇਸ ਤੇ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਅਤੇ ਬਲਜੀਤ ਸਿੰਘ ਪਨੇਸਰ ਵੱਲੋਂ ਵੀ ਇਸ ਜੋੜੀ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਜੇਕਰ ਨੌਜਵਾਨ ਵਰਗ ਆਪਣੇ ਜੀਵਨ ਦੀਆਂ ਪ੍ਰੀਵਾਰਕ ਜੁਮੇਵਾਰੀਆਂ ਦੇ ਨਾਲ-ਨਾਲ ਸਮਾਜਿਕ ਭਲਾਈ ਦੇ ਕਾਰਜਾਂ ਨਾਲ ਜੁੜਨ ਆਪਣੇ ਆਸ ਪਾਸ ਦੇ ਸਮਾਜ ਅਤੇ ਇਲਾਕੇ ਦੀਆਂ ਸਮੱਸਿਆਂਵਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ ਲਈ ਲੋਕਾਂ ਨਾਲ ਵਿਚਾਰ ਵਟਾਂਦਰੇ ਕਰਨ, ਗਰੀਬ ਪਰਿਵਾਰਾਂ ਦੀ ਮਦਦ ਕਰਨ ਉਨ੍ਹਾਂ ਨੂੰ ਵਿਦਿਆ ਪ੍ਰਾਪਤ ਕਰਨ ਲਈ ਉਤਸ਼ਾਹਿਤ ਕਰਨ, ਸਮਾਜ ਵਿਚ ਖੂਨ ਦਾਨ, ਨੇਤਰ ਦਾਨ ਅਤੇ ਅੰਗ ਦਾਨ ਦੀ ਮਹੱਤਤਾ ਸਬੰਧੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ ਤਾਂ ਸਮਾਜ ਵਿਚ ਨਵੀਂ ਕ੍ਰਾਂਤੀ ਪੈਦਾ ਹੋ ਸਕਦੀ ਹੈ।

ਗੁਰਸ਼ਰਨ ਸਿੰਘ ਮੈਮੋਰੀਅਲ ਗੈਲਰੀ 'ਚ ਮਨਾਇਆ ਜਨਮ ਦਿਨ

ਮੋਹਾਲੀ, 15 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬੀ ਰੰਗਮੰਚ ਦੇ ਸ਼ਾਹ ਅਸਵਾਰ ਗੁਰਸ਼ਰਨ ਸਿੰਘ ਦਾ ਜਨਮ ਦਿਨ ਗੁਰਸ਼ਰਨ ਸਿੰਘ ਮੈਮੋਰੀਅਲ ਗੈਲਰੀ, ਸੈਕਟਰ 70 ਮੋਹਾਲੀ ਵਿੱਚ ਮਨਾਇਆ ਗਿਆ, ਜੋ ਸੁਚੇਤਕ ਸਕੂਲ ਆਫ਼ ਐਕਟਿੰਗ ਵਿੱਚ ਸਥਾਪਤ ਕੀਤੀ ਗਈ ਹੈ। ਇਸਦੀ ਸੰਚਾਲਕ ਅਨੀਤਾ ਸ਼ਬਦੀਸ਼ ਨੇ ਦੱਸਿਆ ਕਿ ਇਸਦੀ ਸਥਾਪਨਾ 2012 ਰਮਾ ਤਰਨ ਦੇ

- **ਸੁਚੇਤਕ ਰੰਗਮੰਚ ਸ਼ਤਾਬਦੀ ਸਾਲ ਦੀ ਕਰੇਗਾ ਖ਼ਾਸ ਤਿਆਰੀ**

ਸਹਿਯੋਗ ਨਾਲ ਸਾਰੰਗ ਲੋਕ ਮੋਹਾਲੀ ਵਿੱਚ ਕੀਤੀ ਗਈ ਸੀ। ਇਹ ਗੈਲਰੀ 2019 ਗੁਰਸ਼ਰਨ ਸਿੰਘ ਹੁਰਾਂ ਦੀ ਰਹਾਇਸ਼ ਸੈਕਟਰ 43-ਬੀ ਵਿੱਚ ਸ਼ਿਫਟ ਕੀਤੀ ਗਈ ਸੀ। ਉਸ ਘਰ ਦੀ ਵਿਕਰੀ ਹੋਣ ਤੋਂ ਬਾਅਦ ਚਾਰ ਸਾਲ ਪਹਿਲਾਂ ਦੁਬਾਰਾ ਸ਼ਿਫਟ ਕਰਨੀ ਪਈ ਸੀ। ਇਸ ਗੈਲਰੀ ਵਿੱਚ 2012 ਤੋਂ ਹੀ ਜਨਮ ਦਿਨ ਮਨਾਇਆ ਜਾ ਰਿਹਾ ਹੈ, ਜੋ 16 ਸਤੰਬਰ ਨੂੰ ਹੁੰਦਾ ਹੈ। ਇਹ ਦਿਨ ਉਨ੍ਹਾਂ ਦੇ ਜੱਦੀ ਘਰ ਅੰਮ੍ਰਿਤਸਰ ਵਿੱਚ ਵੀ ਮਨਾਇਆ ਜਾ ਰਿਹਾ ਹੈ। ਅਸੀਂ ਉਸ ਵਿੱਚ ਸ਼ਿਰਕਤ ਕਰਨ ਜਾ ਰਹੇ ਹਾਂ। ਇਹ ਲਗਾਤਾਰਤਾ ਬਣਾਈ ਰੱਖਣ ਲਈ ਹੀ ਇੱਕ ਦਿਨ ਪਹਿਲਾਂ ਮੋਹਾਲੀ ਗੈਲਰੀ



ਵਿੱਚ ਦਿਨ ਮਨਾਇਆ ਜਾ ਰਿਹਾ ਹੈ।

ਇਸ ਮੌਕੇ 'ਤੇ ਸੁਰਿੰਦਰ ਗਿੱਲ, ਡਾ. ਰੌਣਕੀ ਰਾਮ, ਸੁਨੀਲ ਸਿਨਹਾ, ਰੌਬਿਨ ਬਤਰਾ, ਗੁਰਨਾਮ ਕੰਵਰ, ਸਰਦਾਰਾ ਸਿੰਘ ਚੀਮਾ, ਭੁਪਿੰਦਰ ਸਿੰਘ ਮਲਿਕ ਨੇ ਸ਼ਿਰਕਤ ਕੀਤੀ।

ਕੇਂਦਰੀ ਪੰਜਾਬੀ ਲੇਖਕ ਸਭਾ (ਰਾਜਿ.) ਦੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ ਨੇ ਬੋਲਦਿਆਂ ਕਿਹਾ ਕਿ ਗੁਰਸ਼ਰਨ ਸਿੰਘ ਸਾਲ ਦੇ 365 ਦਿਨਾਂ 'ਚੋਂ 280 ਦਿਨ ਪਿੰਡਾਂ ਵਿੱਚ ਨਾਟਕ ਕਰਨ ਜਾਂਦੇ ਹਨ। ਉਹ ਇਸ ਪੱਖ ਤੋਂ ਇਤਿਹਾਸਕ ਹਸਤੀ ਹਨ, ਜਿਸਦਾ ਮੁਕਾਬਲਾ ਸ਼ਾਇਦ ਹੀ ਕੋਈ ਨਾਟਕਕਾਰ ਕਰ ਸਕੇਗਾ। ਇਸ ਤੋਂ ਵੱਡੀ ਗੱਲ ਹੈ ਕਿ ਉਹ ਹਰ ਨਾਟਕ ਵਿੱਚ ਕੋਈ ਨਾ ਕੋਈ ਸਵਾਲ ਉਠਾਉਂਦੇ ਸਨ। ਇਹ ਤੁਸੀਂ ਅੱਜ ਖੇਡੇ 'ਨਵਾਂ ਜਨਮ' ਨਾਟਕ ਵਿੱਚ ਵੀ ਵੇਖ ਸਕਦੇ ਹੋ। ਡਾ. ਰੌਣਕੀ ਰਾਮ, ਗੁਰਨਾਮ ਕੰਵਰ ਤੇ ਸੁਰਿੰਦਰ ਗਿੱਲ ਨੇ ਆਪੋ-ਆਪਣੇ ਸਮੇਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ। ਇਸ ਗੱਲਬਾਤ ਇੱਕੋ ਵੇਲੇ ਕਈ ਪੀੜ੍ਹੀਆਂ ਦਾ ਅਨੁਭਵ ਸੀ, ਜਿਸਨੇ ਨਵੇਂ ਕਲਾਕਾਰਾਂ ਪ੍ਰਭਾਵਤ ਕੀਤਾ। ਗੁਰਸ਼ਰਨ ਸਿੰਘ ਨੂੰ ਯਾਦ ਕਰਦਿਆਂ ਸ਼ਬਦੀਸ਼ ਨੇ ਕਿਹਾ ਕਿ 2029 ਉਨ੍ਹਾਂ ਦਾ ਸ਼ਤਾਬਦੀ ਸਾਲ ਹੈ ਤੇ ਅਸੀਂ ਹੁਣੇ ਤੋਂ ਸੋਚ ਰਹੇ ਹਾਂ ਕਿ ਉਸ ਸਾਲ ਨੂੰ ਕਿਵੇਂ ਮਨਾਇਆ ਜਾਵੇਗਾ?

ਇਸ ਅਵਸਰ 'ਤੇ ਗੁਰਸ਼ਰਨ ਸਿੰਘ ਦਾ ਨਾਟਕ 'ਨਵਾਂ ਜਨਮ' ਖੇਡਿਆ ਗਿਆ। ਇਹ ਨਾਟਕ ਸਰਵਮੀਤ ਦੀ ਕਹਾਣੀ 'ਕਲਾਣ' 'ਤੇ ਅਧਾਰਤ ਹੈ, ਜੋ ਜਾਤ ਦਾ ਸਾਂਸੀ ਹੈ ਅਤੇ ਪਿੰਡ ਦੇ ਵੱਡੇ ਲੋਕਾਂ ਦੀ ਬੁੱਤੀਆਂ ਕਰਨ ਨੂੰ ਆਪਣੇ ਵੱਡ-ਵਡੇਰਿਆਂ ਦੀ ਵਿਰਾਸਤ ਸਮਝਦਾ ਸਮਝ ਕੇ ਸੇਵਾ-ਭਾਵ ਨਾਲ ਕਰਦਾ ਹੈ। ਜਦ ਉਸਨੂੰ ਅਹਿਸਾਸ ਹੁੰਦਾ ਹੈ ਕਿ ਉੱਚ ਜਾਤੀ ਲੋਕਾਂ ਦਾ ਘੁਮੰਡ ਤਾਂ ਉਸਨੂੰ ਗੁਲਾਮ ਸਮਝਦਾ ਹੈ। ਜਦੋਂ ਉਨ੍ਹਾਂ ਦਾ ਪੁੱਤਰ ਬਲਦੇਵ ਸਿੰਘ 50ਵਾਂ ਜਨਮ ਦਿਨ ਮਨਾਉਂਦਾ ਹੈ ਤਾਂ ਉਹ ਐਲਾਨ ਕਰਦਾ ਹੈ ਕਿ ਹੁਣ ਸਾਂਸੀਆਂ ਦਾ ਸ਼ਿੱਬੂ ਨਹੀਂ ਹਾਂ, ਨਸੀਬ ਸਿੰਘ ਮਾਹਲਾ ਬਣ ਗਿਆ ਹਾਂ, ਕਿਉਂਕਿ ਪੰਜਾਹ ਸਾਲਾਂ ਬਾਅਦ ਮੇਰਾ ਨਵਾਂ ਜਨਮ ਦਿਨ ਹੋਇਆ ਹੈ। ਇਸ ਨਾਟਕ ਵਿੱਚ ਨਿਰਦੇਸ਼ਕਾ ਅਨੀਤਾ ਸ਼ਬਦੀਸ਼, ਇਕੱਤਰ ਸਿੰਘ, ਤਜਿੰਦਰ ਸਿੰਘ, ਰਾਹੁਲ ਰਾਏ ਤੇ ਮਹਿੰਦਰ ਸਿੰਘ ਨੇ ਭੂਮਿਕਾਵਾਂ ਅਦਾ ਕੀਤੀਆਂ।

ਜੈਨ ਜੀ ਦੇ ਪ੍ਰਭਾਵ ਨੂੰ ਮੰਨ ਕੇ ਨੌਜਵਾਨਾਂ ਨੂੰ ਨਾਲ ਲੈ ਕੇ ਅੱਗੇ ਵਧੋ : ਬੁਵਾਨੀਵਾਲਾ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)



ਅਗਰਵਾਲ ਵੈਸ਼ ਸਮਾਜ ਵੱਲੋਂ ਸਥਾਨਕ ਜੈਨ ਧਰਮਸ਼ਾਲਾ ਦੇ ਸਭਾ-ਘਰ ਵਿੱਚ ਸੰਗਠਨ ਸੰਵਾਦ ਪ੍ਰੋਗਰਾਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਜੀਂਦ ਅਤੇ ਜ਼ਿਲ੍ਹਾ ਹਾਂਸੀ ਦੀ ਕਾਰਜਕਾਰਨੀ ਅਤੇ ਪ੍ਰਦੇਸ਼ ਕਾਰਜਕਾਰਨੀ ਨੇ ਭਾਗ ਲਿਆ। ਪ੍ਰੋਗਰਾਮ ਵਿੱਚ ਅਗਰਵਾਲ ਵੈਸ਼ ਸਮਾਜ ਦੇ ਪ੍ਰਦੇਸ਼ ਪ੍ਰਧਾਨ ਅਸ਼ੋਕ ਬੁਵਾਨੀਵਾਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਸ਼ੁਭਾਰੰਭ ਮਹਾਰਾਜਾ ਅਗਰਸੈਨ ਦੀ ਮੂਰਤੀ ਦੇ ਸਾਹਮਣੇ ਦੀਵਾ ਜਗਾ ਕੇ ਕੀਤਾ ਗਿਆ। ਇਸ ਮੌਕੇ ਹਾਂਸੀ ਸਮਾਜ ਵੱਲੋਂ ਅਸ਼ੋਕ ਬੁਵਾਨੀਵਾਲਾ ਨੂੰ ਪੱਗ ਬੰਨ੍ਹ ਕੇ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਨਾਲ ਹੀ ਪ੍ਰਦੇਸ਼ ਕਾਰਜਕਾਰਨੀ ਅਤੇ ਹੋਰ ਜ਼ਿਲ੍ਹਿਆਂ ਦੇ ਅਹੁਦੇਦਾਰਾਂ ਦਾ ਵੀ ਸਨਮਾਨ ਅਤੇ ਸਵਾਗਤ ਕੀਤਾ ਗਿਆ। ਮੰਚ ਸੰਚਾਲਨ ਸਮਾਜ ਦੇ ਉਪ-ਪ੍ਰਧਾਨ ਮੋਹਨ ਲਾਲ ਬੰਸਲ ਨੇ ਕੀਤਾ ਆਪਣੇ ਸੰਬੋਧਨ ਵਿੱਚ ਪ੍ਰਦੇਸ਼ ਪ੍ਰਧਾਨ ਬੁਵਾਨੀਵਾਲਾ ਨੇ ਪੰਜ ਸੰਕਲਪਾਂ ਨਾਲ ਮਜ਼ਬੂਤ ਭਵਿੱਖ ਦੀ ਨੀਂਹ ਰੱਖਣ ਦੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਅੱਜ ਦੇ ਮਾਹੌਲ ਵਿੱਚ ਜੈਨ ਜੀ ਦੇ ਮਹੱਤਵ ਨੂੰ ਸਮਝਦਿਆਂ ਉਨ੍ਹਾਂ ਨੂੰ ਰਾਜਨੀਤੀ ਵਿੱਚ ਅੱਗੇ ਵਧਾਉਣ ਦਾ ਕੰਮ ਕਰੋ। ਪ੍ਰਦੇਸ਼ ਪ੍ਰਧਾਨ ਨੇ ਏਕਤਾ, ਸੰਗਠਨਾਤਮਕ ਮਜ਼ਬੂਤੀ, ਰਾਜਨੀਤਿਕ ਭਾਗੀਦਾਰੀ, ਨੌਜਵਾਨ ਅਤੇ ਮਹਿਲਾ ਅਗਵਾਈ ਅਤੇ ਸਮਾਜਿਕ ਸਰੋਕਾਰਾਂ ਨੂੰ ਲੈ ਕੇ ਵਿਸਥਾਰ ਨਾਲ ਮੰਥਨ ਕੀਤਾ। ਬੁਵਾਨੀਵਾਲਾ ਨੇ ਕਿਹਾ ਸਮਾਜ ਦੀ ਅਸਲ ਤਾਕਤ ਉਸ ਦੀ ਗਿਣਤੀ ਵਿੱਚ ਨਹੀਂ ਸਗੋਂ ਸਮਾਜ ਵਿੱਚ ਉਨ੍ਹਾਂ ਦੀ ਭਾਗੀਦਾਰੀ ਅਤੇ ਰਾਜਨੀਤਿਕ ਭਾਗੀਦਾਰੀ ਵਿੱਚ ਹੈ। ਇਸ ਮੌਕੇ ਅਗਰਵਾਲ ਸਮਾਜ ਵੱਲੋਂ ਨੀਲਮ ਮਿੱਤਲ ਨੂੰ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੀ ਚੋਣ ਵਿੱਚ ਨਿਰਵਿਰੋਧ ਉਪ-ਪ੍ਰਧਾਨ ਚੁਣੇ ਜਾਣ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਪ੍ਰਦੇਸ਼ ਪ੍ਰਧਾਨ ਤੋਂ ਇਲਾਵਾ ਹਾਂਸੀ ਦੇ ਜ਼ਿਲ੍ਹਾ ਪ੍ਰਧਾਨ ਮਿਥੁਨ ਬੰਸਲ, ਪ੍ਰਦੇਸ਼ ਕਾਰਜਕਾਰਨੀ ਦੇ ਹਰੀਓਮ ਭਾਲੀ, ਐਮ.ਪੀ. ਜੈਨ, ਅਮਰਨਾਥ ਗੁਪਤਾ, ਰਾਮ ਅਵਤਾਰ ਤਾਇਲ, ਸੁਸ਼ੀਲਾ ਸਰਾਫ, ਜੀਂਦ ਜ਼ਿਲ੍ਹਾ ਪ੍ਰਧਾਨ ਬੀ.ਐਸ. ਗਰਗ, ਯੁਵਾ ਪ੍ਰਦੇਸ਼ ਕਾਰਜਕਾਰੀ ਪ੍ਰਧਾਨ ਮਯੰਕ ਗਰਗ, ਸੰਜੇ ਸਿੰਗਲਾ, ਸਚਿਨ ਜੈਨ ਅਤੇ ਰਾਜੀਵ ਬੰਸਲ ਨੇ ਮੰਚ ਤੋਂ ਸਮਾਜ ਨੂੰ ਆਪਣਾ ਭਾਸ਼ਣ ਦਿੱਤਾ ਇਸ ਦੇ ਪਿੱਛੋ ਇੱਕ ਰੰਗ ਚੁੱਕ ਲਓ। ਇਸ ਮੌਕੇ ਕਈ ਪਤਵੰਤੇ, ਰਾਧੇਸ਼ਿਆਮ ਰਤੇਰੀਆ, ਮਹਾਬੀਰ ਲੋਹੀਆ, ਪਵਨ ਪਾਰਸ਼ਦ ਵਿਨੋਦ ਸਿੰਗਲਾ, ਦੀਪਕ ਮਿੱਤਲ ਪੇੜੇਵਾਲੇ, ਅਰੁਣ ਆਰਿਆ, ਨਿਸ਼ਾਂਤ ਜਿੰਦਲ, ਨਕੁਲ ਅਗਰਵਾਲ, ਗੌਰਵ ਬੰਸਲ, ਮੁਨੀਸ਼ ਖੇੜੀਵਾਲਾ, ਵਿਸ਼ਾਲ ਮਿੱਤਲ, ਸ਼ਿਆਮ ਬਿਹਾਰੀ ਬੰਸਲ, ਨਰੇਸ਼ ਬੰਸਲ, ਨਵੀਨ ਲੋਹੀਆ, ਪ੍ਰਵੀਨ ਬੰਸਲ, ਪੂਜਾ ਮਿੱਤਲ, ਸੋਨਲ ਸਿੰਗਲਾ, ਪਾਰੂਲ ਜਿੰਦਲ, ਪ੍ਰੇਰਨਾ ਗਰਗ, ਅਨੁਰਾਧਾ ਬੰਸਲ, ਸਰੋਜ ਜੈਨ, ਗਿਆਨ ਗਰਗ, ਨੀਤੂ ਬੰਸਲ, ਈਸ਼ਵਰ ਸਿੰਗਲਾ, ਰਜਨ ਅਗਰਵਾਲ, ਰਾਜਿੰਦਰ ਸਿੰਗਲਾ, ਅਮੀਚੰਦ ਗੋਇਲ, ਬਜਰੰਗ ਜੈਨ, ਸ਼ੀਤਲ ਜੈਨ, ਪ੍ਰਕਾਸ਼ ਖਰੜੀਆ, ਗੋਬਿੰਦ ਗੋਇਲ, ਰਾਜੇਸ਼ ਮੁੰਢਾਲੀਆ, ਸੰਦੀਪ ਐਡਵੋਕੇਟ, ਗੋਪਾਲ ਸਿੰਗਲਾ, ਪ੍ਰਵੀਨ ਸਹਾਰਾ, ਅਨਿਲ ਗੋਇਲ, ਰਾਕੇਸ਼ ਗੋਇਲ, ਹਰੀ ਰਾਮ ਪੰਸਾਰੀ, ਹੈਪੀ ਮਿੱਤਲ, ਦੀਪਕ ਆਰਿਆ, ਸੌਰਭ ਆਰਿਆ, ਸੋਨੂੰ ਜਿੰਦਲ, ਦੀਪਕ ਪੰਸਾਰੀ, ਸ਼ੰਕਰ ਗਰਗ, ਮਾਹਿਤ ਅਗਰਵਾਲ, ਸ਼ੁਭਮ ਅਗਰਵਾਲ, ਸਚਿਨ ਸਿੰਗਲਾ, ਅਮਨ ਤਾਇਲ, ਬਜਰੰਗ ਰਤੇਰੀਆ, ਘਣਸ਼ਿਆਮ ਗਰਗ, ਅੰਕੁਰ ਜੈਨ, ਨਿਰੂਪ ਗੁਪਤਾ, ਅਮਿਤ ਗਰਗ, ਵਿਕਾਸ ਮੁੰਢਾਲੀਆ, ਸ਼ੰਕਰ ਗੋਇਲ, ਅਸ਼ੋਕ ਜੈਨ, ਭਵਯ ਬੰਸਲ, ਤਨਿਸ਼ ਮਿੱਤਲ, ਜੈਭਗਵਾਨ ਗਰਗ ਤੋਂ ਇਲਾਵਾ ਜੀਂਦ, ਨਰਵਾਣਾ ਦੇ ਕਈ ਮੈਂਬਰ ਹਾਜ਼ਰ ਸਨ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਅਨਿਲ ਚੌਹਾਨ ਦੀ ਅਗਵਾਈ ਹੇਠ ਨੌਜਵਾਨਾਂ ਨੇ ਫੜਿਆ ਆਮ ਆਦਮੀ ਪਾਰਟੀ ਦਾ ਪੱਲਾ

ਸੁਨਾਮ ਊਧਮ ਸਿੰਘ ਵਾਲਾ (ਪੈ.ਗਾਮ-ਏ-ਜਗਤ)

ਸੁਨਾਮ ਹਲਕੇ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ ਜਦੋਂ ਅਨਿਲ ਚੌਹਾਨ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ

- **ਅਮਨ ਅਰੋੜਾ ਦੀ ਅਗਵਾਈ 'ਤੇ ਭਰੋਸਾ ਪ੍ਰਗਟਾਉਂਦਿਆਂ ਨੌਜਵਾਨਾਂ ਨੇ ਪਾਰਟੀ ਵਿੱਚ ਸ਼ਾਮਲ ਹੋਣ ਦਾ ਕੀਤਾ ਐਲਾਨ**

ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਦੀ ਅਗਵਾਈ ਅਤੇ ਪਾਰਟੀ ਦੀਆਂ ਨੀਤੀਆਂ ਵਿੱਚ ਭਰੋਸਾ ਪ੍ਰਗਟਾਉਂਦਿਆਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।

ਇਸ ਮੌਕੇ ਸ੍ਰੀ ਅਮਨ ਅਰੋੜਾ ਨੇ ਨੌਜਵਾਨਾਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਨੌਜਵਾਨ ਕਿਸੇ ਵੀ ਸਮਾਜ ਅਤੇ ਸੂਬੇ ਦੀ ਤਰੱਕੀ ਦੀ ਸਭ ਤੋਂ ਵੱਡੀ ਤਾਕਤ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਨੌਜਵਾਨਾਂ ਨੂੰ ਅੱਗੇ ਆਉਣ, ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਸੂਬੇ ਦੇ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ। ਨੌਜਵਾਨਾਂ ਨੇ ਕਿਹਾ ਕਿ ਉਹ ਸ੍ਰੀ ਅਮਨ ਅਰੋੜਾ ਦੀ ਕਾਰਜਸ਼ੈਲੀ, ਲੋਕਾਂ ਨਾਲ ਸਿੱਧੇ ਸੰਵਾਦ ਅਤੇ ਸੁਨਾਮ ਹਲਕੇ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਤੋਂ ਪ੍ਰਭਾਵਿਤ ਹਨ। ਉਨ੍ਹਾਂ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਵਿਕਾਸਮੁਖੀ ਸੋਚ ਨੂੰ ਘਰ-ਘਰ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।



ਅਨਿਲ ਚੌਹਾਨ ਨੇ ਕਿਹਾ ਕਿ ਨੌਜਵਾਨਾਂ ਦਾ ਪਾਰਟੀ ਨਾਲ ਜੁੜਨਾ ਇਸ ਗੱਲ ਦਾ ਸੰਕੇਤ ਹੈ ਕਿ ਲੋਕ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਵਿਕਾਸ ਅਤੇ ਲੋਕ-ਹਿੱਤ ਦੀ ਰਾਜਨੀਤੀ ਨੂੰ ਤਰਜੀਹ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਮਜ਼ਬੂਤੀ ਲਈ ਨੌਜਵਾਨ ਵਰਗ ਦੀ ਭੂਮਿਕਾ ਬੇਹੱਦ ਅਹਿਮ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਨੌਜਵਾਨਾਂ ਨੂੰ ਵੀ ਪਾਰਟੀ ਨਾਲ ਜੋੜਿਆ ਜਾਵੇਗਾ।

ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਨਵੇਂ ਸ਼ਾਮਲ ਹੋਏ ਨੌਜਵਾਨਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਪਾਰਟੀ ਦੀਆਂ ਨੀਤੀਆਂ ਅਤੇ ਲੋਕ-ਭਲਾਈ ਦੇ ਕੰਮਾਂ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣ ਲਈ ਪ੍ਰੇਰਿਤ ਕੀਤਾ।

ਨੌਜਵਾਨਾਂ ਦੀ ਇਸ ਸ਼ਮੂਲੀਅਤ ਨੂੰ ਸੁਨਾਮ ਹਲਕੇ ਵਿੱਚ ਆਮ ਆਦਮੀ ਪਾਰਟੀ ਦੇ ਜਥੇਬੰਦਕ ਆਧਾਰ ਨੂੰ ਹੋਰ ਮਜ਼ਬੂਤ ਕਰਨ ਵਾਲੇ ਕਦਮ ਵਜੋਂ ਦੇਖਿਆ ਜਾ ਰਿਹਾ ਹੈ। ਇਸ ਮੌਕੇ ਅਨਿਲ ਚੌਹਾਨ ਪ੍ਰਦੀਪ ਗਿੱਲ ਸਿਮਰਨ ਮਹਿਰਾ ਕਰਨ ਗਿੱਲ ਵਿੱਕੀ ਕਲਿਆਣ ਹਰਸ਼ ਸਤਿਗੁਰ ਸਿੰਘ ਸੰਜੇ ਕੁਮਾਰ ਮਨਜੀਤ ਸਿੰਘ ਹਰਪ੍ਰੀਤ ਸਿੰਘ ਅਤੇ ਲਗਭਗ 150 ਨੌਜਵਾਨ ਹਾਜ਼ਰ ਸਨ ਆਮ ਆਦਮੀ ਪਾਰਟੀ ਦੇ ਵੱਖ-ਵੱਖ ਅਹੁਦੇਦਾਰਾਂ ਨੇ ਇਸ ਮੌਕੇ ਇਹਨਾਂ ਨੌਜਵਾਨਾਂ ਦਾ ਸਵਾਗਤ ਕੀਤਾ।

ਸਮੈਕ ਤਸਕਰੀ ਵਿਰੁੱਧ ਕਰਨਾਲ ਪੁਲਿਸ ਦੀ ਸਖ਼ਤ ਕਾਰਵਾਈ, 12 ਗ੍ਰਾਮ ਸਮੈਕ ਸਮੇਤ ਦੋਸ਼ੀ ਔਰਤ ਗ੍ਰਿਫ਼ਤਾਰ

ਪੈ.ਗਾਮ-ਏ-ਜਗਤ/ਕਰਨਾਲ 15 ਸਤੰਬਰ (ਪ੍ਰਵੀਨ ਵਾਲੀਆ)

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਪੁਲਿਸ ਸੁਪਰਡੈਂਟ ਕਰਨਾਲ ਸ੍ਰੀ ਕਰਨ ਗੋਇਲ ਦੀ ਕੁਸ਼ਲ ਅਗਵਾਈ ਅਤੇ ਨਿਰਦੇਸ਼ਾਂ ਅਨੁਸਾਰ ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦੀ ਵਿਕਰੀ ਵਿੱਚ ਸ਼ਾਮਲ ਦੋਸ਼ੀਆਂ ਵਿਰੁੱਧ ਲਗਾਤਾਰ ਸਖ਼ਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਐਂਟੀ ਨਾਰਕੋਟਿਕਸ ਸੈੱਲ ਕਰਨਾਲ ਇੰਚਾਰਜ ਸਬ ਇੰਸਪੈਕਟਰ ਰਾਜਨ ਦੀ ਅਗਵਾਈ ਵਿੱਚ ਟੀਮ ਨੇ ਕਾਰਵਾਈ ਕਰਦਿਆਂ 12 ਗ੍ਰਾਮ ਸਮੈਕ ਸਮੇਤ ਇੱਕ ਦੋਸ਼ੀ ਔਰਤ ਨੂੰ ਗ੍ਰਿਫ਼ਤਾਰ ਕੀਤਾ ਹੈ।

ਗ੍ਰਿਫ਼ਤਾਰ ਦੋਸ਼ੀ ਔਰਤ ਦੀ ਪਛਾਣ ਸਲਮਾ ਪਤਨੀ ਤਿਰੂਪਤੀ, ਨਿਵਾਸੀ ਮਦਰਾਸੀ ਕਾਲੋਨੀ, ਕਰਨਾਲ ਵਜੋਂ ਹੋਈ ਹੈ। ਦੋਸ਼ੀ ਔਰਤ ਵਿਰੁੱਧ ਥਾਣਾ ਰਾਮਨਗਰ, ਜ਼ਿਲ੍ਹਾ ਕਰਨਾਲ ਵਿੱਚ ਐਨਡੀਪੀਐਸ ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ



- **ਐਂਟੀ ਨਾਰਕੋਟਿਕਸ ਸੈੱਲ ਕਰਨਾਲ ਦੀ ਟੀਮ ਨੇ ਥਾਣਾ ਰਾਮਨਗਰ ਖੇਤਰ ਤੋਂ ਦੋਸ਼ੀ ਔਰਤ ਨੂੰ ਕਾਬੂ ਕੀਤਾ**

ਅਨੁਸਾਰ ਦੋਸ਼ੀ ਔਰਤ ਜਲਦੀ ਅਮੀਰ ਬਣਨ ਅਤੇ ਆਪਣੇ ਸ਼ੌਕ ਪੂਰੇ ਕਰਨ ਲਈ ਸਮੈਕ ਵੇਚਣ ਦਾ ਕੰਮ ਕਰਦੀ ਸੀ। ਦੋਸ਼ੀਆ ਨੇ ਪੁੱਛਗਿੱਛ ਦੌਰਾਨ ਮੁਕੱਦਮੇ ਦੀ ਵਾਰਦਾਤ ਸਬੰਧੀ ਖੁਲਾਸਾ ਕੀਤਾ ਹੈ।

ਦੋਸ਼ੀ ਔਰਤ ਨੂੰ ਅੱਜ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਜਿੱਥੋਂ ਉਸ ਨੂੰ ਨਿਆਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ। ਅਤੇ ਮਾਮਲੇ ਵਿੱਚ ਅੱਗੇ ਦੀ ਜਾਂਚ ਜਾਰੀ ਹੈ।

ਗੁਰੂ ਤੇ.ਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਦੋ ਰੋਜ਼ਾ ਗੁਰਮਤਿ ਸਮਾਗਮ ਅੱਜ ਹੋਵੇਗਾ ਆਰੰਭ

ਪੈ.ਗਾਮ-ਏ-ਜਗਤ ਅੰਬਾਲਾ, 15 ਸਤੰਬਰ (ਆਰ.ਸਿੰਘ)

ਭਾਰਤ, ਮਨੁੱਖਤਾ ਅਤੇ ਧਾਰਮਿਕ ਆਜ਼ਾਦੀ ਦੀ ਰੱਖਿਆ ਲਈ ਸਰਵਉੱਚ ਕੁਰਬਾਨੀ ਦੇਣ ਵਾਲੇ ਸਤਿਕਾਰਯੋਗ ਗੁਰੂ ਤੇ.ਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ੇਸ਼ ਦੋ-ਰੋਜ਼ਾ ਇਕੱਠ 16 ਅਤੇ 17 ਸਤੰਬਰ, 2026 ਨੂੰ ਗੁਰਦੁਆਰਾ ਸ੍ਰੀ ਲਖਨੌਰ ਸਾਹਿਬ ਪਾਤਸ਼ਾਹੀ ਦਸਵੀਂ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਅੰਬਾਲਾ ਤੋਂ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮੈਂਬਰ ਗੁਰਤੇਜ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਦਾ ਉਦੇਸ਼ ਗੁਰੂ ਜੀ ਦੇ ਜੀਵਨ, ਵਿਚਾਰਧਾਰਾ, ਸਿੱਖਿਆਵਾਂ, ਮਨੁੱਖਤਾ ਨੂੰ ਸੰਦੇਸ਼ ਅਤੇ ਧਰਮ ਤੇ ਜ਼ਮੀਰ ਦੀ ਆਜ਼ਾਦੀ ਲਈ ਉਨ੍ਹਾਂ ਦੀ ਮਹਾਨ ਸ਼ਹਾਦਤ ਨੂੰ ਸੰਗਤ ਅਤੇ ਖ਼ਾਸ ਕਰਕੇ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਹੈ।

ਉਨ੍ਹਾਂ ਦੱਸਿਆ ਕਿ ਇਕੱਠ ਦੇ ਪਹਿਲੇ ਦਿਨ ਭਲਕੇ 16 ਸਤੰਬਰ ਨੂੰ, ਹਰਿਆਣਾ, ਪੰਜਾਬ ਅਤੇ ਜੰਮੂ-ਕਸ਼ਮੀਰ ਦੇ ਵਿਦਵਾਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ, ਸ਼ਖ਼ਸੀਅਤ, ਸਿੱਖਿਆਵਾਂ, ਵਿਚਾਰਧਾਰਾ ਅਤੇ ਮਹਾਨ ਸ਼ਹਾਦਤ 'ਤੇ ਖੋਜ ਪੱਤਰ ਪੇਸ਼ ਕਰਨਗੇ। ਇਸ ਮੌਕੇ 'ਤੇ ਇੱਕ ਵਿਸ਼ੇਸ਼ ਫੋਟੋ ਪ੍ਰਦਰਸ਼ਨੀ ਵੀ ਲਾਈ ਜਾਵੇਗੀ ਜਿਸ ਵਿੱਚ ਗੁਰੂ ਸਾਹਿਬ ਦੇ ਜੀਵਨ, ਸਿੱਖਿਆਵਾਂ, ਇਤਿਹਾਸਕ ਵਿਰਾਸਤ ਅਤੇ ਸ਼ਹਾਦਤ ਨੂੰ ਉਜਾਗਰ ਕੀਤਾ ਜਾਵੇਗਾ। ਪ੍ਰਦਰਸ਼ਨੀ ਗੁਰੂ ਸਾਹਿਬ ਦੇ ਜੀਵਨ ਅਤੇ ਮਨੁੱਖਤਾ ਨੂੰ ਉਨ੍ਹਾਂ ਦੇ ਡੂੰਘੇ ਸੰਦੇਸ਼ ਨੂੰ ਦ੍ਰਿਸ਼ਟੀਗਤ ਰੂਪ ਵਿੱਚ ਪੇਸ਼ ਕਰੇਗੀ। ਇਸ ਸਮਾਗਮ ਵਿੱਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਦਵਿੰਦਰ ਸਿੰਘ ਜੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ ਜੋ ਸੰਗਤ ਨੂੰ ਗੁਰਬਾਣੀ ਕੀਰਤਨ ਰਾਹੀਂ ਗੁਰੂ ਦੇ ਬਚਨਾਂ ਨਾਲ ਜੋੜਨਗੇ। ਇਹ ਪ੍ਰਦਰਸ਼ਨੀ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਆਪਣੇ ਸ਼ਾਨਦਾਰ ਇਤਿਹਾਸ ਅਤੇ ਵਿਰਸੇ ਨਾਲ ਜੋੜਨ ਲਈ ਇੱਕ ਮਹੱਤਵਪੂਰਨ ਮਾਧਿਅਮ ਹੋਵੇਗੀ।

ਹੋਰ ਜਾਣਕਾਰੀ ਦਿੰਦੇ ਹੋਏ ਮੈਂਬਰ ਗੁਰਤੇਜ ਸਿੰਘ ਨੇ ਕਿਹਾ ਕਿ ਇਸ ਸਬੰਧ ਵਿੱਚ 17 ਸਤੰਬਰ ਨੂੰ ਸੰਗਰਾਂਦ ਦੇ ਸ਼ੁੱਭ ਮੌਕੇ 'ਤੇ ਸਵੇਰੇ 10:00 ਵਜੇ ਇੱਕ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਸੰਗਰਾਂਦ ਨਾ ਸਿਰਫ਼ ਇੱਕ ਨਵੇਂ ਮਹੀਨੇ ਦੀ ਸ਼ੁਰੂਆਤ ਹੈ, ਸਗੋਂ ਗੁਰੂ ਦੀਆਂ ਸਿੱਖਿਆਵਾਂ, ਨਾਮ ਸਿਮਰਨ, ਸੇਵਾ ਅਤੇ ਗੁਰਮਤਿ ਜੀਵਨ ਨਾਲ ਸਾਡੇ ਸਬੰਧ ਨੂੰ ਹੋਰ ਮਜ਼ਬੂਤ ਕਰਨ ਦਾ ਇੱਕ ਪਵਿੱਤਰ ਮੌਕਾ ਵੀ ਹੈ। ਇਸ ਸਾਲ ਇਹ ਸਮਾਗਮ ਵਿਸ਼ੇਸ਼ ਅਧਿਆਤਮਿਕ ਅਤੇ ਇਤਿਹਾਸਕ ਮਹੱਤਵ ਰੱਖਦਾ ਹੈ ਕਿਉਂਕਿ ਇਹ ਸ੍ਰੀ ਗੁਰੂ ਤੇ.ਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਹੈ।

ਭਾਈ ਗੁਰਭੇਜ ਸਿੰਘ ਜੀ ਚਵਿੰਡਾ ਢਾਡੀ ਜਥਾ ਢਾਡੀ ਵਾਰਾਂ ਰਾਹੀਂ ਸੰਗਤ ਨੂੰ ਗੁਰੂ ਸਾਹਿਬ ਦੀ ਮਹਾਨ ਸ਼ਹਾਦਤ, ਸਿੱਖ ਇਤਿਹਾਸ ਅਤੇ ਕੌਮ ਦੀ ਸ਼ਾਨਦਾਰ ਵਿਰਾਸਤ ਨਾਲ ਜੋੜੇਗਾ।

ਲਗਾਤਾਰ ਵਧਦੀ ਮਹਿੰਗਾਈ ਨੇ ਗਰੀਬ ਆਦਮੀ ਦੀ ਰਸੋਈ ਦਾ ਸੁਆਦ ਵਿਗਾੜਿਆ : ਓ.ਪੀ. ਸਿਹਾਗ

ਪੈ.ਗਾਮ-ਏ-ਜਗਤ ਹਰਿਆਣਾ/ਪੰਚਕੂਲਾ (ਦਿਨਕਰ ਗਾਵੜੀ)

ਜਨਨਾਇਕ ਜਨਤਾ ਪਾਰਟੀ ਪੰਚਕੂਲਾ ਦੇ ਜ਼ਿਲ੍ਹਾ ਪ੍ਰਧਾਨ ਓ ਪੀ ਸਿਹਾਗ ਨੇ ਕਿਹਾ ਕਿ ਸਬਜ਼ੀ, ਫਲ ਅਤੇ ਖਾਣ-ਪੀਣ ਦੀਆਂ ਚੀਜ਼ਾਂ ਦੇ ਲਗਾਤਾਰ ਵਧਦੇ ਭਾਅ ਨੇ ਆਮ ਅਤੇ ਗਰੀਬ ਆਦਮੀ ਦੀ ਰਸੋਈ ਅਤੇ ਜੀਭ ਦਾ ਸੁਆਦ ਵਿਗਾੜ ਕੇ ਰੱਖ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਜਿੱਥੇ ਖੰਡ ਦੀ ਅਚਾਨਕ ਵਧੀ ਕੀਮਤ ਨੇ ਲੋਕਾਂ ਦੀ ਚਾਹ ਦਾ ਸੁਆਦ ਕੌੜਾ ਕੀਤਾ ਸੀ ਉੱਥੇ ਹੁਣ ਪਿਆਜ਼ 70 ਰੁਪਏ ਪ੍ਰਤੀ ਕਿਲੋ, ਟਮਾਟਰ 60 ਰੁਪਏ ਪ੍ਰਤੀ ਕਿਲੋ, ਅਦਰਕ 160 ਰੁਪਏ ਪ੍ਰਤੀ ਕਿਲੋ ਵਿਕ ਰਹੇ ਹਨ। ਇਸੇ ਤਰ੍ਹਾਂ ਲਸਣ, ਆਲੂ ਅਤੇ ਹੋਰ ਸੀਜ਼ਨਲ ਸਬਜ਼ੀਆਂ ਦੇ ਵਧਦੇ ਭਾਅ ਅਤੇ ਅੰਬ, ਸੇਬ, ਅਮਰੂਦ, ਕੇਲਾ, ਸੰਤਰਾ ਅਤੇ ਹੋਰ ਫਲਾਂ ਦੀ ਉੱਚੀ ਕੀਮਤ ਨੇ ਆਮ ਲੋਕਾਂ ਦੀ ਕਮਰ ਤੋੜ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਬਜ਼ੀਆਂ ਅਤੇ ਫਲਾਂ ਨੂੰ ਪੈਦਾ ਕਰਨ ਵਾਲੇ ਕਿਸਾਨ ਅਤੇ ਇਨ੍ਹਾਂ ਦੀ ਵਰਤੋਂ ਕਰਨ ਵਾਲੇ ਖਪਤਕਾਰ ਹੀ ਸਭ ਤੋਂ ਵੱਧ ਘਾਟੇ ਵਿੱਚ ਰਹਿੰਦੇ ਹਨ। ਜੋ ਕਿਸਾਨ ਸਬਜ਼ੀ /ਫਲ ਪੈਦਾ ਕਰਦੇ ਹਨ ਉਨ੍ਹਾਂ ਨੂੰ ਬਹੁਤ ਘੱਟ ਭਾਅ ਮਿਲਦੇ ਹਨ ਅਤੇ ਜੋ ਲੋਕ ਇਨ੍ਹਾਂ ਦੀ ਵਰਤੋਂ ਕਰਦੇ ਹਨ ਉਨ੍ਹਾਂ ਨੂੰ ਬਹੁਤ ਮਹਿੰਗੇ ਭਾਅ ਚੁਕਾਉਣੇ ਪੈਂਦੇ ਹਨ। ਉਨ੍ਹਾਂ ਕਿਹਾ ਕਿ ਸਿਰਫ਼ ਵਿਚੋਲੇ ਅੱਧੀ ਤੋਂ ਵੱਧ ਕੀਮਤ ਦਾ ਫਾਇਦਾ ਚੁੱਕਦੇ ਹਨ ਅਤੇ ਮੌਜ ਵਿੱਚ ਰਹਿੰਦੇ ਹਨ।

ਓ ਪੀ ਸਿਹਾਗ ਨੇ ਕਿਹਾ ਪੂਰੇ ਦੇਸ਼ ਅਤੇ ਪ੍ਰਦੇਸ਼ ਵਿੱਚ ਬੇਰੁਜ਼ਗਾਰੀ ਸਿਖਰ 'ਤੇ ਹੈ, ਲੋਕਾਂ ਦਾ ਕੰਮ-ਧੰਦਾ ਮੰਦਾ ਹੈ, ਆਮਦਨ ਲਗਾਤਾਰ ਘੱਟ ਰਹੀ ਹੈ ਪਰ ਮਹਿੰਗਾਈ ਸੁਰਸਾ ਦੇ ਮੂੰਹ ਵਾਂਗ ਲਗਾਤਾਰ ਵਧ ਰਹੀ ਹੈ। ਉਨ੍ਹਾਂ ਕਿਹਾ ਜਿੱਥੇ ਪਿਛਲੇ ਦਿਨੀਂ ਪੈਟਰੋਲ, ਡੀਜ਼ਲ ਅਤੇ ਗੈਸ ਦੇ ਵਧੇ ਭਾਅ ਨੇ ਆਮ ਆਦਮੀ ਦੀ ਜੇਬ 'ਤੇ ਡਾਕਾ ਪਾਇਆ ਸੀ ਉੱਥੇ ਹੁਣ ਖਾਣ-ਪੀਣ ਦੀਆਂ ਚੀਜ਼ਾਂ ਦੇ ਵਧੇ ਰੇਟ ਨਾਲ ਉਨ੍ਹਾਂ ਦੀ ਜੇਬ ਢਿੱਲੀ ਹੁੰਦੀ ਜਾ ਰਹੀ ਹੈ। ਓ ਪੀ ਸਿਹਾਗ ਨੇ ਕਿਹਾ ਕਿ ਇੱਕ ਰਿਪੋਰਟ ਮੁਤਾਬਕ ਦੇਸ਼ ਦੀ ਰਿਟੇਲ ਮਹਿੰਗਾਈ ਦਰ ਅਗਸਤ ਵਿੱਚ ਵਧ ਕੇ 4.82% ਹੋ ਗਈ ਹੈ ਜੋ ਜੁਲਾਈ ਵਿੱਚ 4.45% ਸੀ। ਸਿਹਾਗ ਨੇ ਕਿਹਾ ਕਿ ਪਿਛਲੇ ਸਾਲ ਨਵੰਬਰ ਵਿੱਚ ਮਹਿੰਗਾਈ ਦਰ 0.71% ਸੀ ਜੋ ਹੁਣ ਤੱਕ 7 ਗੁਣਾ ਵਧ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਸ ਦਾ ਸਿੱਧਾ ਮਤਲਬ ਹੈ ਕਿ ਸਬਜ਼ੀ, ਕਰਿਆਨਾ ਸਮੇਤ ਆਮ ਆਦਮੀ ਦੀ ਲੋੜ ਦਾ ਹਰ ਸਮਾਨ ਮਹਿੰਗਾ ਵਿਕ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸੋਮਵਾਰ ਨੂੰ ਜਾਰੀ ਅੰਕੜੇ ਦੱਸਦੇ ਹਨ ਕਿ ਅਗਸਤ ਵਿੱਚ ਪੇਂਡੂ ਖੇਤਰਾਂ ਵਿੱਚ ਰਿਟੇਲ ਮਹਿੰਗਾਈ ਦਰ 5.23% ਰਹੀ, ਜੋ ਜੁਲਾਈ ਵਿੱਚ 4.84% ਸੀ। ਇਸ ਰਿਪੋਰਟ ਅਨੁਸਾਰ ਸ਼ਹਿਰੀ ਇਲਾਕਿਆਂ ਵਿੱਚ ਇਹ ਜੁਲਾਈ ਦੇ 3.96% ਤੋਂ ਵਧ ਕੇ 4.31% 'ਤੇ ਪਹੁੰਚ ਗਈ। ਜਜਪਾ ਜ਼ਿਲ੍ਹਾ ਪ੍ਰਧਾਨ ਓ ਪੀ ਸਿਹਾਗ ਨੇ ਕਿਹਾ ਕਿ ਖੁਰਾਕੀ ਵਸਤਾਂ ਦੀ ਮਹਿੰਗਾਈ ਪਿਛਲੇ 4 ਸਾਲਾਂ ਵਿੱਚ ਸਭ ਤੋਂ ਉੱਚੇ ਪੱਧਰ 'ਤੇ ਹੈ। ਉਨ੍ਹਾਂ ਕਿਹਾ ਕਿ ਦੂਜੇ ਪਾਸੇ ਥੋਕ ਮਹਿੰਗਾਈ ਦਰ ਵੀ ਅਗਸਤ ਵਿੱਚ ਵਧ ਕੇ 9.92% ਹੋ ਗਈ ਹੈ ਜਿਸ ਦੀ ਵਜ?ਹਾ ਨਾਲ ਨਾ ਸਿਰਫ਼ ਖਾਣ-ਪੀਣ ਦੀਆਂ ਚੀਜ਼ਾਂ ਮਹਿੰਗੀਆਂ ਬਣੀਆਂ ਹੋਈਆਂ ਹਨ ਸਗੋਂ ਉਦਯੋਗਾਂ ਵਿੱਚ ਉਤਪਾਦਨ ਦਾ ਖਰਚ ਵੀ ਵਧਦਾ ਜਾ ਰਿਹਾ ਹੈ।



ਜਜਪਾ ਜ਼ਿਲ੍ਹਾ ਪ੍ਰਧਾਨ ਸਿਹਾਗ ਨੇ ਪ੍ਰਦੇਸ਼ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਅਤੇ ਆਮ ਆਦਮੀ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਖਾਣ-ਪੀਣ ਦੀਆਂ ਚੀਜ਼ਾਂ ਦੇ ਵਧ ਰਹੇ ਭਾਅ 'ਤੇ ਰੋਕ ਲਗਾਉਣ ਦਾ ਕੰਮ ਕਰਨ। ਉਨ੍ਹਾਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਮੱਧ ਵਰਗ ਅਤੇ ਗਰੀਬ ਲੋਕਾਂ ਦੇ ਸਬਰ ਦਾ ਇਮਤਿਹਾਨ ਨਾ ਲਵੇ ਜੇਕਰ ਉਨ੍ਹਾਂ ਨੇ ਬੇਰੁਜ਼ਗਾਰੀ ਅਤੇ ਲਗਾਤਾਰ ਵਧਦੀ ਮਹਿੰਗਾਈ ਤੋਂ ਤੰਗ ਆ ਕੇ ਸਰਕਾਰ ਦੇ ਖਿਲਾਫ਼ ਆਪਣੀ ਆਵਾਜ਼ ਬੁਲੰਦ ਕਰਨੀ ਸ਼ੁਰੂ ਕਰ ਦਿੱਤੀ ਤਾਂ ਉਨ੍ਹਾਂ ਨੂੰ ਆਪਣੀ ਗੱਦੀ ਤੋਂ ਹੱਥ ਧੋਣਾ ਪੈ ਸਕਦਾ ਹੈ।

ਸਵੱਛ ਅਤੇ ਸੁੰਦਰ ਹਾਂਸੀ ਦੇ ਸੰਕਲਪ ਨੂੰ ਲੈ ਕੇ ਨਗਰ ਪ੍ਰੀਸ਼ਦ ਦੀ ਵਿਸ਼ੇਸ਼ ਸਫਾਈ ਮੁਹਿੰਮ

ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)

ਡੀਐਮਸੀ ਅਤੇ ਏਡੀਸੀ ਲਕਸ਼ਿਤ ਸਰੀਨ ਦੀ ਅਗਵਾਈ ਹੇਠ ਹਾਂਸੀ ਸ਼ਹਿਰ ਨੂੰ ਸਵੱਛ ਅਤੇ ਸੁੰਦਰ ਬਣਾਉਣ ਦੇ ਮੰਤਵ ਨਾਲ ਨਗਰ ਪ੍ਰੀਸ਼ਦ ਵੱਲੋਂ ਮੰਗਲਵਾਰ ਨੂੰ ਵੱਖ-ਵੱਖ ਵਾਰਡਾਂ ਵਿੱਚ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਗਈ। ਮੁਹਿੰਮ ਤਹਿਤ ਵਾਰਡ ਨੰਬਰ 4, 13, 15, 22 ਅਤੇ 23 ਵਿੱਚ ਸਫਾਈ ਕਰਮਚਾਰੀਆਂ ਦੀਆਂ ਟੀਮਾਂ ਨੇ ਵਿਆਪਕ ਪੱਧਰ 'ਤੇ ਸਫਾਈ ਕਾਰਜ ਕੀਤਾ।

ਇਸ ਦੌਰਾਨ ਜਨਤਕ ਥਾਵਾਂ, ਗਲੀਆਂ, ਮੁੱਖ ਮਾਰਗਾਂ ਅਤੇ ਅਜਿਹੀਆਂ ਥਾਵਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ, ਜਿੱਥੇ ਨਿਯਮਤ ਸਫਾਈ ਦੇ ਬਾਵਜੂਦ ਕੂੜਾ ਜਮ੍ਹਾਂ ਹੋਣ ਦੀ ਸੰਭਾਵਨਾ ਰਹਿੰਦੀ ਹੈ।

ਨਗਰ ਪ੍ਰੀਸ਼ਦ ਦੀਆਂ ਟੀਮਾਂ ਨੇ ਮੁਹਿੰਮ ਦੌਰਾਨ ਸੜਕਾਂ ਅਤੇ ਗਲੀਆਂ ਤੋਂ ਕੂੜਾ-ਕਰਕਟ ਚੁੱਕਣ ਦੇ ਨਾਲ-ਨਾਲ ਸਫਾਈ ਵਿਵਸਥਾ ਨੂੰ ਵਿਵਸਥਿਤ ਕੀਤਾ। ਸਫਾਈ ਕਰਮਚਾਰੀਆਂ ਵੱਲੋਂ ਚਿੰਨ੍ਹਤ ਥਾਵਾਂ ਤੋਂ ਕੂੜਾ ਹਟਾ ਕੇ ਉਸ ਦਾ ਉਚਿਤ

- **ਵਾਰਡ ਨੰਬਰ 4, 13, 15, 22 ਅਤੇ 23 ਵਿੱਚ ਚਲਾਈ ਵਿਆਪਕ ਸਫਾਈ ਮੁਹਿੰਮ, ਸਫਾਈ ਵਿਵਸਥਾ ਨੂੰ ਬਿਹਤਰ ਬਣਾਉਣ 'ਤੇ ਦਿੱਤਾ ਜ਼ੋਰ**



ਨਿਪਟਾਰਾ ਯਕੀਨੀ ਬਣਾਇਆ ਗਿਆ। ਮੁਹਿੰਮ ਦਾ ਉਦੇਸ਼ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਸਵੱਛਤਾ ਵਿਵਸਥਾ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਨਾਗਰਿਕਾਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਕਰਨਾ ਵੀ ਰਿਹਾ। ਡੀਐਮਸੀ ਅਤੇ ਏਡੀਸੀ ਲਕਸ਼ਿਤ ਸਰੀਨ ਨੇ ਕਿਹਾ ਕਿ ਸਵੱਛ ਅਤੇ ਸੁੰਦਰ ਸ਼ਹਿਰ ਦਾ ਨਿਰਮਾਣ ਸਿਰਫ਼ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦੀ ਸਮੂਹਿਕ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਨਗਰ ਪ੍ਰੀਸ਼ਦ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਹਿਰ ਵਿੱਚ ਸਫਾਈ ਵਿਵਸਥਾ ਨੂੰ ਲਗਾਤਾਰ ਪ੍ਰਭਾਵਸ਼ਾਲੀ ਬਣਾਈ ਰੱਖਿਆ ਜਾਵੇ ਅਤੇ ਜਿਨ੍ਹਾਂ ਖੇਤਰਾਂ ਵਿੱਚ ਸਫਾਈ ਦੀ ਲੋੜ ਵਧੇਰੇ ਹੈ, ਉੱਥੇ ਤਰਜੀਹ ਦੇ ਆਧਾਰ 'ਤੇ ਮੁਹਿੰਮ ਚਲਾਈ ਜਾਵੇ। ਉਨ੍ਹਾਂ ਨੇ ਨਾਗਰਿਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਅਤੇ ਦੁਕਾਨਾਂ ਤੋਂ ਨਿਕਲਣ ਵਾਲੇ ਕੂੜੇ ਨੂੰ ਨਿਰਧਾਰਤ ਥਾਂ 'ਤੇ ਹੀ ਸੁੱਟਣ ਅਤੇ ਜਨਤਕ ਥਾਵਾਂ 'ਤੇ ਕੂੜਾ ਨਾ ਖਿਲਾਰਨ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਵੱਛ ਰੱਖਣ ਲਈ ਪ੍ਰਸ਼ਾਸਨ ਵੱਲੋਂ ਨਿਯਮਤ ਤੌਰ 'ਤੇ ਸਫਾਈ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ, ਪਰ ਇਨ੍ਹਾਂ ਮੁਹਿੰਮਾਂ ਦੀ ਸਫਲਤਾ ਤਦ ਹੀ ਸੰਭਵ ਹੈ ਜਦੋਂ ਆਮ ਲੋਕ ਵੀ ਇਸ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ।

ਨਗਰ ਪ੍ਰੀਸ਼ਦ ਵੱਲੋਂ ਦੱਸਿਆ ਗਿਆ ਕਿ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਪੜਾਅਵਾਰ ਢੰਗ ਨਾਲ ਵਿਸ਼ੇਸ਼ ਸਫਾਈ ਮੁਹਿੰਮ ਜਾਰੀ ਰਹੇਗੀ। ਸਫਾਈ ਵਿਵਸਥਾ ਦੀ ਨਿਗਰਾਨੀ ਵੀ ਕੀਤੀ ਜਾ ਰਹੀ ਹੈ, ਤਾਂ ਜੋ ਸ਼ਹਿਰ ਦੇ ਹਰ ਖੇਤਰ ਵਿੱਚ ਸਵੱਛਤਾ ਦਾ ਬਿਹਤਰ ਮਾਹੌਲ ਯਕੀਨੀ ਬਣਾਇਆ ਜਾ ਸਕੇ। ਪ੍ਰਸ਼ਾਸਨ ਦਾ ਟੀਚਾ ਹਾਂਸੀ ਸ਼ਹਿਰ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਬਿਹਤਰ ਨਾਗਰਿਕ ਸਹੂਲਤਾਂ ਵਾਲਾ ਸ਼ਹਿਰ ਬਣਾਉਣਾ ਹੈ।

ਇਸੇ ਦਿਸ਼ਾ ਵਿੱਚ ਸਫਾਈ ਵਿਵਸਥਾ ਨੂੰ ਤਰਜੀਹ ਦਿੰਦਿਆਂ ਨਗਰ ਪ੍ਰੀਸ਼ਦ ਵੱਲੋਂ ਲਗਾਤਾਰ ਵਿਸ਼ੇਸ਼ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ।

21ਵੀਂ ਪੰਜਾਬ ਸਟੇਟ ਫੁੱਟਬਾਲ ਲੀਗ ਦਾ ਮੁਕਾਬਲਾ ਉਲੰਪੀਅਨ ਜਰਨੈਲ ਸਿੰਘ ਫੁੱਟਬਾਲ ਅਕੈਡਮੀ ਨੇ ਫੁੱਟਬਾਲ ਅਕੈਡਮੀ ਬੰਗਾ ਨੂੰ ਹਰਾ ਕੇ ਜਿੱਤਿਆ

ਪੈ.ਗਾਮ-ਏ-ਜਗਤ ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਪੰਜਾਬ ਫੁੱਟਬਾਲ ਐਸੋਸੀਏਸ਼ਨ ਵਲੋਂ ਕਰਵਾਈ ਜਾ ਰਹੀ ਸੈਕੰਡ ਡਵੀਜ਼ਨ 21ਵੀ ਪੰਜਾਬ ਸਟੇਟ ਫੁੱਟਬਾਲ ਲੀਗ ਦਾ ਮੁਕਾਬਲਾ ਇਥੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੇ ਫੁੱਟਬਾਲ ਸਟੇਡੀਅਮ 'ਚ ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਕਮੇਟੀ ਗੜ੍ਹਸ਼ੰਕਰ ਦੇ ਪ੍ਰਬੰਧਾਂ ਹੇਠ ਕਰਵਾਇਆ ਗਿਆ। ਉਲੰਪੀਅਨ ਜਰਨੈਲ ਸਿੰਘ ਫੁੱਟਬਾਲ ਅਕੈਡਮੀ ਗੜ੍ਹਸ਼ੰਕਰ ਅਤੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਫੁੱਟਬਾਲ ਅਕੈਡਮੀ ਬੰਗਾ ਦਰਮਿਆਨ ਹੋਏ ਲੀਗ ਦੇ ਮੁਕਾਬਲੇ 'ਚ ਉਲੰਪੀਅਨ ਜਰਨੈਲ ਸਿੰਘ ਫੁੱਟਬਾਲ ਅਕੈਡਮੀ ਦੀ ਟੀਮ ਨੇ ਬੰਗਾ ਦੀ ਟੀਮ ਨੂੰ 2-0 ਦੇ ਫਰਕ ਨਾਲ ਹਰਾਕੇ ਜਿੱਤ ਦਰਜ਼ ਕੀਤੀ। ਮੈਚ ਦੌਰਾਨ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਖਿਡਾਰੀਆਂ ਨਾਲ ਜਾਣ ਪਹਿਚਾਣ ਕੀਤੀ।



ਇਸ ਮੌਕੇ ਟੂਰਨਾਮੈਂਟ ਕਮੇਟੀ ਵਲੋਂ ਯੋਗ ਰਾਜ ਗੰਭੀਰ, ਸ਼ਲਿੰਦਰ ਰਾਣਾ ਡੀ.ਪੀ.ਈ., ਅਮਨਦੀਪ ਬੈਂਸ, ਹਰਮਨ ਖਾਬੜਾ, ਸੰਨੀ ਖਾਬੜਾ, ਪਵਨ ਸੈਣੀ, ਅਮਰੀਕ ਸਿੰਘ ਸੈਂਹਬੀ, ਕੇ.ਸੀ. ਪੁਰੀ, ਗਗਨਦੀਪ ਥਾਂਦੀ, ਸੁਪਰਡੈਂਟ ਪਰਮਿੰਦਰ ਸਿੰਘ, ਕੋਚ ਹਰਦੀਪ ਸਿੰਘ ਗਿੱਲ, ਕੋਚ ਜਸਵੀਰ ਭਾਰਟਾ, ਤਰਲੋਚਨ ਸਿੰਘ ਗੋਲੀਆਂ ਤੇ ਹੋਰ ਮੈਂਬਰ ਹਾਜ਼ਰ ਹੋਏ।

ਸੋਲਰ ਪਲੇਟ 'ਤੇ ਸਬਸਿਡੀ ਦੇ ਨਾਂ 'ਤੇ ਸਾਈਬਰ ਠੱਗੀ ਤੋਂ ਸਾਵਧਾਨ ਰਹੋ: ਪੁਲਿਸ ਸੁਪਰਡੈਂਟ ਹਾਂਸੀ ਵਿਨੋਦ ਕੁਮਾਰ

ਪੈ.ਗਾਮ-ਏ-ਜਗਤ/ਹਾਂਸੀ (ਦਿਨਕਰ ਗਾਵੜੀ)

ਪੁਲਿਸ ਸੁਪਰਡੈਂਟ ਹਾਂਸੀ ਵਿਨੋਦ ਕੁਮਾਰ ਨੇ ਆਮ ਲੋਕਾਂ ਨੂੰ ਸੋਲਰ ਪਲੇਟ ਲਗਵਾਉਣ 'ਤੇ ਸਰਕਾਰੀ ਸਬਸਿਡੀ ਦਿਵਾਉਣ ਦੇ ਨਾਂ 'ਤੇ ਹੋ ਰਹੀ ਸਾਈਬਰ ਠੱਗੀ ਤੋਂ ਸਾਵਧਾਨ ਰਹਿਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਸਾਈਬਰ ਠੱਗ ਸਰਕਾਰੀ ਯੋਜਨਾ ਦਾ ਲਾਭ ਦਿਵਾਉਣ ਦਾ ਝਾਂਸਾ ਦੇ ਕੇ ਲੋਕਾਂ ਨਾਲ ਠੱਗੀ ਕਰ ਰਹੇ ਹਨ। ਕਿਸੇ ਵੀ ਅਣਜਾਣ ਕਾਲ, ਸੰਦੇਸ਼ ਜਾਂ ਲਿੰਕ 'ਤੇ ਭਰੋਸਾ ਕਰਨ ਤੋਂ ਪਹਿਲਾਂ ਪੂਰੀ ਜਾਂਚ-ਪੜਤਾਲ ਜ਼ਰੂਰੀ ਹੈ।

ਸਾਈਬਰ ਠੱਗ ਫੋਨ ਕਰਕੇ ਖੁਦ ਨੂੰ ਸਰਕਾਰੀ ਵਿਭਾਗ, ਸੋਲਰ ਕੰਪਨੀ ਜਾਂ ਅਧਿਕਾਰਤ ਕਰਮਚਾਰੀ ਦੱਸਦੇ ਹਨ। ਇਸ ਤੋਂ ਬਾਅਦ ਸਬਸਿਡੀ ਦਿਵਾਉਣ ਦੇ ਨਾਂ 'ਤੇ ਰਜਿਸਟ੍ਰੇਸ਼ਨ, ਅਰਜ਼ੀ, ਤਸਦੀਕ ਜਾਂ ਹੋਰ ਫੀਸ ਜਮ?ਹਾਂ ਕਰਵਾਉਂਦੇ ਹਨ। ਠੱਗ ਮੋਬਾਈਲ 'ਤੇ ਲਿੰਕ ਭੇਜ ਕੇ ਉਸ ਨੂੰ ਖੋਲ੍ਹਣ ਜਾਂ ਅਣਜਾਣ ਮੋਬਾਈਲ ਐਪਲੀਕੇਸ਼ਨ ਡਾਊਨਲੋਡ ਕਰਨ ਲਈ ਵੀ ਕਹਿ ਸਕਦੇ ਹਨ। ਇਸ ਜ਼ਰੀਏ ਉਹ ਬੈਂਕ ਖਾਤੇ ਨਾਲ ਜੁੜੀ ਜਾਣਕਾਰੀ ਹਾਸਲ ਕਰਕੇ ਰਕਮ ਕੱਢ ਸਕਦੇ ਹਨ।

ਪੁਲਿਸ ਸੁਪਰਡੈਂਟ ਨੇ ਕਿਹਾ ਕਿ ਅਣਜਾਣ ਫੋਨ ਕਾਲ 'ਤੇ ਤੁਰੰਤ ਵਿਸ਼ਵਾਸ ਨਾ ਕਰੋ ਅਤੇ ਕਿਸੇ ਨਾਲ ਓਟੀਪੀ, ਏਟੀਐਮ, ਬੈਂਕ ਖਾਤੇ ਜਾਂ ਯੂਪੀਆਈ ਪਿੰਨ ਦੀ ਜਾਣਕਾਰੀ ਸਾਂਝੀ ਨਾ ਕਰੋ। ਅਣਜਾਣ ਲਿੰਕ 'ਤੇ ਕਲਿੱਕ ਕਰਨ ਅਤੇ ਕਿਸੇ ਦੇ ਕਹਿਣ 'ਤੇ ਮੋਬਾਈਲ ਐਪਲੀਕੇਸ਼ਨ ਡਾਊਨਲੋਡ ਕਰਨ ਤੋਂ ਬਚੋ। ਸਬਸਿਡੀ ਦੇ ਨਾਂ 'ਤੇ ਕਿਸੇ ਨਿੱਜੀ ਬੈਂਕ ਖਾਤੇ ਜਾਂ ਅਣਜਾਣ ਯੂਪੀਆਈ ਖਾਤੇ ਵਿੱਚ ਪੈਸੇ ਜਮ?ਹਾਂ ਨਾ ਕਰੋ। ਸਰਕਾਰੀ ਸਬਸਿਡੀ ਨਾਲ ਜੁੜੀ ਜਾਣਕਾਰੀ ਸਿਰਫ਼ ਅਧਿਕਾਰਤ ਸਰਕਾਰੀ ਮਾਧਿਅਮ ਰਾਹੀਂ ਖੁਦ ਜਾਂਚ ਕਰਨ ਤੋਂ ਬਾਅਦ ਹੀ ਪ੍ਰਾਪਤ ਕਰੋ। ਉਨ੍ਹਾਂ ਕਿਹਾ ਕਿ ਸਰਕਾਰੀ ਕਰਮਚਾਰੀ ਜਾਂ ਸੋਲਰ ਕੰਪਨੀ ਦਾ ਪ੍ਰਤੀਨਿਧ ਬਣ ਕੇ ਫੋਨ ਕਰਨ ਵਾਲੇ ਵਿਅਕਤੀ ਦੀ ਪਛਾਣ ਦੀ ਪੁਸ਼ਟੀ ਜ਼ਰੂਰ ਕਰੋ ਅਤੇ ਜਲਦਬਾਜ਼ੀ ਵਿੱਚ ਕੋਈ ਭੁਗਤਾਨ ਨਾ ਕਰੋ। ਜੇਕਰ ਕਿਸੇ ਵਿਅਕਤੀ ਨਾਲ ਸਾਈਬਰ ਠੱਗੀ ਹੋ ਜਾਂਦੀ ਹੈ ਤਾਂ ਬਿਨਾਂ ਦੇਰੀ ਕੀਤੇ ਸਾਈਬਰ ਹੈਲਪਲਾਈਨ ਨੰਬਰ 1930 'ਤੇ ਸ਼ਿਕਾਇਤ ਕਰੋ। ਸਮੇਂ 'ਤੇ ਸ਼ਿਕਾਇਤ ਕਰਨ ਨਾਲ ਠੱਗੀ ਦੀ ਰਕਮ ਨੂੰ ਰੋਕਣ ਦੀ ਸੰਭਾਵਨਾ ਵਧ ਜਾਂਦੀ ਹੈ।



ਪੁਲਿਸ ਸੁਪਰਡੈਂਟ ਵਿਨੋਦ ਕੁਮਾਰ ਨੇ ਕਿਹਾ ਕਿ ਸਾਈਬਰ ਠੱਗ ਲਗਾਤਾਰ ਨਵੇਂ ਤਰੀਕੇ ਅਪਨਾ ਰਹੇ ਹਨ। ਆਮ ਲੋਕ ਲਾਲਚ ਜਾਂ ਜਲਦਬਾਜ਼ੀ ਵਿੱਚ ਕੋਈ ਭੁਗਤਾਨ ਨਾ ਕਰਨ ਅਤੇ ਆਪਣੀ ਬੈਂਕ ਸਬੰਧੀ ਗੁਪਤ ਜਾਣਕਾਰੀ ਕਿਸੇ ਨਾਲ ਸਾਂਝੀ ਨਾ ਕਰਨ। ਉਨ੍ਹਾਂ ਨੇ ਲੋਕਾਂ ਨੂੰ ਸੁਚੇਤ ਰਹਿਣ ਅਤੇ ਕਿਸੇ ਵੀ ਸ਼ੱਕੀ ਸਾਈਬਰ ਗਤੀਵਿਧੀ ਦੀ ਸੂਚਨਾ ਤੁਰੰਤ ਪੁਲਿਸ ਨੂੰ ਦੇਣ ਦੀ ਅਪੀਲ ਕੀਤੀ।

ਪੀਐਚਐਚਪੀ ਅਤੇ ਸੀ ਡਾਇਰੈਕਟੋਰੇਟ ਦੀਆਂ ਸੀਨੀਅਰ ਵਿੰਗ ਦੀਆਂ ਲੜਕੀਆਂ ਨੇ ਏਆਈਟੀਐਸਸੀ ਵਿੱਚ 32 ਤਗਮੇ ਜਿੱਤ ਕੇ ਇਤਿਹਾਸ ਰਚਿਆ

ਪੈ.ਗਾਮ-ਏ-ਜਗਤ/ਅੰਬਾਲਾ 15 ਸਤੰਬਰ (ਆਰ.ਸਿੰਘ)

ਨੈਸ਼ਨਲ ਕੈਡਟ ਕੋਰ ਦੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਡਾਇਰੈਕਟੋਰੇਟ ਨੇ ਦਿੱਲੀ ਵਿਖੇ 31 ਅਗਸਤ ਤੋਂ 12 ਸਤੰਬਰ 2026 ਤੱਕ ਆਯੋਜਿਤ 'ਆਲ ਇੰਡੀਆ ਥਲ ਸੈਨਿਕ ਕੈਂਪ' 2026 ਵਿੱਚ ਸ਼ਾਨਦਾਰ ਪ੍ਰਾਪਤੀ ਕੀਤੀ ਹੈ। ਸੀਨੀਅਰ ਵਿੰਗ ਦੀ ਲੜਕੀਆਂ ਦੀ ਟੀਮ ਨੇ ਇਸ ਕੈਂਪ ਵਿੱਚ ਸਮੁੱਚੇ ਤੌਰ 'ਤੇ ਦੂਜਾ ਸਥਾਨ ਹਾਸਲ ਕਰਕੇ ਇਤਿਹਾਸ ਰਚਿਆ ਹੈ ਜੋ ਕਿ ਡਾਇਰੈਕਟੋਰੇਟ ਲਈ ਇੱਕ ਵੱਡੀ ਪ੍ਰਾਪਤੀ ਹੈ। ਲੜਕੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 32 ਤਗਮੇ ਜਿੱਤੇ ਹਨ ਜਿਨ੍ਹਾਂ ਵਿੱਚ 13 ਸੋਨੇ ਦੇ, 18 ਚਾਂਦੀ ਅਤੇ 1 ਕਾਂਸੀ ਦਾ ਤਗਮਾ ਸ਼ਾਮਲ ਹਨ। ਲੜਕਿਆਂ ਦੀ ਟੀਮ ਨੇ ਵੀ ਪ੍ਰਭਾਵਸ਼ਾਲੀ ਪ੍ਰਦਰਸ਼ਨ ਕਰਦਿਆਂ 14 ਤਗਮੇ ਜਿੱਤੇ ਜਿਨ੍ਹਾਂ ਵਿੱਚ ਸਰਵਿਸ ਸ਼ੂਟਿੰਗ ਵਿੱਚ 4 ਸੋਨੇ ਦੇ ਤਗਮੇ ਅਤੇ ਮੈਪ ਰੀਡਿੰਗ ਵਿੱਚ 1 ਚਾਂਦੀ ਤੇ 9 ਕਾਂਸੀ ਦੇ ਤਗਮੇ ਸ਼ਾਮਲ ਹਨ। ਕੁੱਲ ਮਿਲਾ ਕੇ PHHP & C ਡਾਇਰੈਕਟੋਰੇਟ ਦੇ ਕੈਡਟਾਂ ਨੇ 42 ਤਗਮੇ ਜਿੱਤੇ ਅਤੇ ਇਸ ਵੱਕਾਰੀ ਰਾਸ਼ਟਰ ਪੱਧਰੀ ਕੈਂਪ ਵਿੱਚ ਆਪਣੀ ਦ੍ਰਿੜ੍ਹਤਾ, ਅਨੁਸ਼ਾਸਨ ਅਤੇ ਮੁਕਾਬਲੇ ਦੀ ਭਾਵਨਾ ਦਾ ਪ੍ਰਦਰਸ਼ਨ ਕੀਤਾ। ਡਾਇਰੈਕਟੋਰੇਟ ਨੇ AITSC ਦੇ ਹਾਲੀਆ ਮੁਕਾਬਲਿਆਂ ਵਿੱਚ ਮਜ਼ਬੂਤ ਰਿਕਾਰਡ ਕਾਇਮ ਰੱਖਿਆ ਹੈ। ਲੜਕਿਆਂ ਦੀ ਟੀਮ ਨੇ 2024 ਅਤੇ 2025 ਵਿੱਚ ਪਹਿਲਾ ਸਥਾਨ ਹਾਸਲ ਕੀਤਾ ਸੀ।



ਤਗਮਾ ਜੇਤੂਆਂ ਨੂੰ 14 ਸਤੰਬਰ 2026 ਨੂੰ ਰੋਪੜ NCC ਅਕੈਡਮੀ ਵਿਖੇ PHHP & C ਡਾਇਰੈਕਟੋਰੇਟ ਦੇ ADG NCC, ਮੇਜਰ ਜਨਰਲ ਨਰਿੰਦਰ ਸਿੰਘ ਦੁਆਰਾ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਕੈਡਟਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸਮਰਪਣ, ਅਨੁਸ਼ਾਸਨ ਅਤੇ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ। ADG NCC ਨੇ ਅੰਮ੍ਰਿਤਸਰ ਗਰੁੱਪ NCC ਦੇ ਕਮਾਂਡਰ ਅਤੇ ਉਨ੍ਹਾਂ ਦੀ ਸਮਰਪਿਤ ਟ੍ਰੇਨਰਾਂ ਦੀ ਟੀਮ ਦੇ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ ਜਿਨ੍ਹਾਂ ਦੀ ਲਗਾਤਾਰ ਸਿਖਲਾਈ, ਮਾਰਗ ਦਰਸ਼ਨ ਅਤੇ ਬਾਰੀਕੀ ਨਾਲ ਕੀਤੀ ਗਈ ਤਿਆਰੀ ਨੇ ਕੈਡਟਾਂ ਦੇ ਸ਼ਾਨਦਾਰ ਪ੍ਰਦਰਸ਼ਨ ਵਿੱਚ ਅਹਿਮ ਭੂਮਿਕਾ ਨਿਭਾਈ।

ਇਹ ਪ੍ਰਾਪਤੀ PHHP & C ਡਾਇਰੈਕਟੋਰੇਟ ਅਤੇ NCC ਲਈ ਮਾਣ ਵਾਲਾ ਪਲ ਹੈ ਜੋ ਇਸ ਵੱਕਾਰੀ ਰਾਸ਼ਟਰੀ ਪੱਧਰੀ ਮੁਕਾਬਲੇ ਦੀ ਤਿਆਰੀ ਵਿੱਚ ਕੈਡਟਾਂ, ANOs, PI ਸਟਾਫ, ਟ੍ਰੇਨਰਾਂ ਅਤੇ ਡਾਇਰੈਕਟੋਰੇਟ ਦੇ ਸਮੂਹਿਕ ਯਤਨਾਂ ਨੂੰ ਦਰਸਾਉਂਦੀ ਹੈ।

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਖਾਟੂ ਸ਼ਾਮ ਲਈ ਦੋ ਬੱਸਾਂ ਰਵਾਨਾ

ਸਾਹਿਬਜ਼ਾਦਾ ਅਜੀਤ ਸਿੰਘ ਨਗਰ 15 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਸ਼ਰਧਾਲੂਆਂ ਦੀਆਂ ਦੋ ਬੱਸਾਂ ਨੂੰ ਵਿਧਾਇਕ ਸ. ਕੁਲਵੰਤ ਸਿੰਘ ਨੇ ਹਰੀ ਝੰਡੀ ਦੇ ਕੇ ਖਾਟੂ ਸ਼ਾਮ ਲਈ ਰਵਾਨਾ ਕੀਤਾ। ਇਹ ਬੱਸਾਂ ਖਾਟੂ ਸ਼ਾਮ, ਬਾਲਾਸਰ, ਹਰਿਦੁਆਰ ਅਤੇ ਵਰਿੰਦਾਵਨ ਵਿਖੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਉਪਰੰਤ ਸ਼ਰਧਾਲੂਆਂ ਨੂੰ ਵਾਪਸ ਮੋਹਾਲੀ ਲੈ ਕੇ ਪਰਤਣਗੀਆਂ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਸ. ਕੁਲਵੰਤ ਸਿੰਘ ਨੇ ਕਿਹਾ ਕਿ ਤੀਰਥ ਯਾਤਰਾ ਲਈ ਰਵਾਨਾ ਹੋ ਰਹੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸੈਕਟਰ-68 ਅਤੇ ਬਲੌਂਗੀ-ਦਾਊਂ ਪਿੰਡ ਦੀਆਂ ਸੰਗਤਾਂ ਵੱਲੋਂ ਸਾਬਕਾ ਸਰਪੰਚ ਸ. ਮੱਖਣ ਸਿੰਘ ਬਲੌਂਗੀ ਅਤੇ ਸ੍ਰੀਮਤੀ ਸਰਬਜੀਤ ਕੌਰ ਦੇ ਯਤਨਾਂ ਸਦਕਾ ਇਸ ਯਾਤਰਾ ਲਈ ਰਜਿਸਟ੍ਰੇਸ਼ਨ ਕਰਵਾਈ ਗਈ ਅਤੇ ਅੱਜ ਸੰਗਤਾਂ ਆਪਣੇ ਆਸਥਾ ਦੇ ਕੇਂਦਰਾਂ ਦੇ ਦਰਸ਼ਨਾਂ ਲਈ ਰਵਾਨਾ ਹੋਈਆਂ ਹਨ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਪਹਿਲਾਂ ਸ਼ਰਧਾਲੂਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਵਾਲਮੀਕਿ ਮੰਦਰ, ਵਾਹਗਾ ਬਾਰਡਰ ਅਤੇ ਜਲ੍ਹਿਆਂਵਾਲਾ ਬਾਗ ਦੇ ਦਰਸ਼ਨ ਕਰਵਾਏ ਜਾਂਦੇ ਸਨ। ਉਨ੍ਹਾਂ ਦੱਸਿਆ ਕਿ ਹੁਣ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਇਸ ਯੋਜਨਾ ਦਾ ਦਾਇਰਾ ਵਧਾਉਂਦਿਆਂ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਇਲਾਵਾ ਖਾਟੂ ਸ਼ਾਮ, ਵਰਿੰਦਾਵਨ, ਹਰਿਦੁਆਰ, ਬਾਲਾਸਰ ਆਦਿ ਧਾਰਮਿਕ ਸਥਾਨਾਂ ਲਈ ਵੀ ਬੱਸਾਂ ਭੇਜਣ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਵੱਲੋਂ ਲਗਾਤਾਰ ਰਜਿਸਟ੍ਰੇਸ਼ਨ ਕਰਵਾਈ ਜਾ ਰਹੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਯਾਤਰਾ ਨੂੰ ਸੁਚਾਰੂ, ਸੁਰੱਖਿਅਤ ਅਤੇ ਸੁਵਿਧਾਜਨਕ ਬਣਾਉਣ ਲਈ ਢੁਕਵੇਂ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਖਾਸ ਤੌਰ 'ਤੇ ਸੀਨੀਅਰ ਸਿਟੀਜ਼ਨ ਸ਼ਰਧਾਲੂਆਂ ਦੀ ਸਹੂਲਤ ਦਾ ਪੂਰਾ ਧਿਆਨ ਰੱਖਿਆ ਜਾਂਦਾ ਹੈ। ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੀ ਮਹੱਤਤਾ ਬਾਰੇ ਜਾਣਕਾਰੀ ਦੇਣ ਲਈ ਗਾਈਡ ਅਤੇ ਲੋੜ ਪੈਣ 'ਤੇ ਤੁਰੰਤ ਡਾਕਟਰੀ ਸਹਾਇਤਾ ਲਈ ਡਾਕਟਰ ਵੀ ਉਪਲਬਧ ਰਹਿੰਦੇ ਹਨ। ਇਸ ਤੋਂ ਇਲਾਵਾ ਸ਼ਰਧਾਲੂਆਂ ਲਈ ਖਾਣ-ਪੀਣ ਅਤੇ ਰਹਿਣ-ਸਹਿਣ ਦੇ ਵੀ ਢੁਕਵੇਂ ਪ੍ਰਬੰਧ ਕੀਤੇ ਜਾਂਦੇ ਹਨ।

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਲਈ ਕੀਤਾ ਜਾਗਰੂਕ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 15 ਸਤੰਬਰ (ਪੈ.ਗਾਮ-ਏ-ਜਗਤ)

ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਅਤੇ ਸੜਕ ਸੁਰੱਖਿਆ ਸਬੰਧੀ ਜਾਗਰੂਕਤਾ ਪੈਦਾ ਕਰਨ ਦੇ ਮੰਤਵ ਨਾਲ ਜ਼ਿਲ੍ਹਾ ਪੁਲਿਸ ਵੱਲੋਂ ਬੀ.ਐਸ.ਐਚ. ਆਰੀਆ ਸੀਨੀਅਰ ਸੈਕੰਡਰੀ ਸਕੂਲ, ਸੋਹਾਣਾ ਵਿਖੇ ਵਿਦਿਆਰਥੀਆਂ ਲਈ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।

ਇਹ ਸੈਮੀਨਾਰ ਸ੍ਰੀ ਵਰੁਨ ਸ਼ਰਮਾ, ਸੀਨੀਅਰ ਕਪਤਾਨ ਪੁਲਿਸ, ਜ਼ਿਲ੍ਹਾ ਐਸ.ਏ.ਐਸ. ਨਗਰ ਅਤੇ ਸ੍ਰੀ ਰਾਮਨਦੀਪ ਸਿੰਘ, ਕਪਤਾਨ ਪੁਲਿਸ, ਟ੍ਰੈਫਿਕ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ. ਕਰਨੈਲ ਸਿੰਘ, ਉਪ ਕਪਤਾਨ ਪੁਲਿਸ, ਟ੍ਰੈਫਿਕ ਵੱਲੋਂ ਲਗਾਇਆ ਗਿਆ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਟ੍ਰੈਫਿਕ ਨਿਯਮਾਂ ਦੀ ਪਾਲਣਾ ਅਤੇ ਖੇਡਾਂ ਨਾਲ ਜੁੜਨ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਦੱਸਿਆ ਗਿਆ ਕਿ ਸੜਕ 'ਤੇ ਵਾਹਨ ਚਲਾਉਂਦੇ ਸਮੇਂ ਰਫ਼ਤਾਰ ਨੂੰ ਨਿਯੰਤਰਣ ਵਿੱਚ ਰੱਖਣਾ, ਲਾਲ ਬੱਤੀ ਪਾਰ ਨਾ ਕਰਨਾ, ਹੈਲਮਟ ਅਤੇ ਸੀਟ ਬੈਲਟ ਦੀ ਵਰਤੋਂ ਕਰਨਾ, ਨਸ਼ੇ ਦੀ ਹਾਲਤ ਵਿੱਚ ਵਾਹਨ ਨਾ ਚਲਾਉਣਾ ਅਤੇ ਡਰਾਈਵਿੰਗ ਦੌਰਾਨ ਮੋਬਾਈਲ ਫੋਨ ਦੀ ਵਰਤੋਂ ਨਾ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਸੜਕ 'ਤੇ ਚਲਦਿਆਂ ਟ੍ਰੈਫਿਕ ਨਿਯਮਾਂ ਦੇ ਨਾਲ-ਨਾਲ ਨੈਤਿਕਤਾ ਅਤੇ ਮਾਨਵੀ ਕਦਰਾਂ-ਕੀਮਤਾਂ ਦਾ ਵੀ ਧਿਆਨ ਰੱਖਣਾ ਚਾਹੀਦਾ ਹੈ। ਐਂਬੂਲੈਂਸ ਨੂੰ ਤੁਰੰਤ ਰਸਤਾ ਦੇਣਾ ਅਤੇ ਸੜਕ ਹਾਦਸੇ ਵਿੱਚ ਜ਼ਖ਼ਮੀ ਵਿਅਕਤੀ ਦੀ ਬਿਨਾਂ ਕਿਸੇ ਡਰ-ਭੈਅ ਦੇ ਮਦਦ ਕਰਨਾ ਸਾਡੀ ਸਮਾਜਿਕ ਜ਼ਿੰਮੇਵਾਰੀ ਹੈ।

ਇਸ ਮੌਕੇ ਵਿਦਿਆਰਥੀਆਂ ਨੂੰ ਡਰਾਈਵਿੰਗ ਦੌਰਾਨ ਮੋਬਾਈਲ ਫੋਨ ਦੀ ਵਰਤੋਂ ਨਾਲ ਹੋਣ ਵਾਲੇ ਕਾਨੂੰਨੀ ਅਤੇ ਸੁਰੱਖਿਆ ਸਬੰਧੀ ਨੁਕਸਾਨਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਦੱਸਿਆ ਗਿਆ ਕਿ ਮੋਟਰ ਵਹੀਕਲ ਐਕਟ ਦੀ ਧਾਰਾ 184 ਤਹਿਤ ਡਰਾਈਵਿੰਗ ਦੌਰਾਨ ਮੋਬਾਈਲ ਫੋਨ ਦੀ ਵਰਤੋਂ ਕਰਨ 'ਤੇ ਕਾਨੂੰਨ ਅਨੁਸਾਰ ਜੁਰਮਾਨੇ ਅਤੇ ਹੋਰ ਸਜ਼ਾਵਾਂ ਦਾ ਪ੍ਰਾਵਧਾਨ ਹੈ। ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਆਪਣੇ ਪਰਿਵਾਰਕ ਮੈਂਬਰਾਂ ਅਤੇ ਸਾਥੀਆਂ ਨੂੰ ਵੀ ਸੜਕ ਸੁਰੱਖਿਆ ਪ੍ਰਤੀ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਕਲਾਲਟੀ ਵਿਚ ਨੌਜਵਾਨ ਤੇ ਅੰਨ੍ਹੇਵਾਹ ਫਾਇਰਿੰਗ, ਪੈਰ ਵਿਚ ਲੱਗੀ ਗੋਲ਼ੀ

ਪੈ.ਗਾਮ-ਏ-ਜਗਤ
ਅੰਬਾਲਾ, 15 ਸਤੰਬਰ (ਆਰ.ਸਿੰਘ)

ਮੁਲਾਣਾ ਥਾਣੇ ਦੇ ਤਹਿਤ ਕਲਾਲਟੀ ਪਿੰਡ ਵਿਚ ਅੱਜ ਕਾਰਾਂ ਅਤੇ ਮੋਟਰ ਸਾਈਕਲਾਂ ਤੇ ਸਵਾਰ ਹੋ ਕੇ ਆਏ 10-15 ਲੋਕਾਂ ਨੇ ਖੇਤਾਂ ਵੱਲ ਜਾ ਰਹੇ ਇਕ ਨੌਜਵਾਨ ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਇਸ ਹਮਲੇ ਵਿਚ ਨੌਜਵਾਨ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ ਜਿਸ ਨੂੰ ਤੁਰੰਤ ਸਿਵਲ ਹਸਪਤਾਲ ਅੰਬਾਲਾ ਕੈਂਟ ਵਿਚ ਭਰਤੀ ਕਰਵਾਇਆ ਗਿਆ।

ਰਿਪੋਰਟਾਂ ਅਨੁਸਾਰ ਕਲਾਲਾਟੀ ਦਾ ਰਹਿਣ ਵਾਲਾ ਬਲਵਿੰਦਰ ਸਵੇਰੇ ਆਪਣੇ ਭਰਾਵਾਂ ਨਾਲ ਖੇਤਾਂ ਵਿੱਚੋਂ ਪਸ਼ੂਆਂ ਲਈ ਘਾਹ ਲੈਣ ਜਾ ਰਿਹਾ ਸੀ। ਸੜਕ ਦੇ ਕਿਨਾਰੇ ਘਾਤ ਲਾ ਕੇ ਬੈਠੇ ਹਮਲਾਵਰਾਂ ਨੇ ਬਿਨਾ ਕੋਈ ਗੱਲ-ਬਾਤ ਕੀਤਿਆਂ ਉਨ੍ਹਾਂ 'ਤੇ ਹਮਲਾ ਕਰ ਦਿੱਤਾ ਅਤੇ ਬਲਵਿੰਦਰ 'ਤੇ ਗੋਲੀਆਂ ਚਲਾ ਦਿੱਤੀਆਂ। ਇਸ



ਅਚਾਨਕ ਹਮਲੇ ਨਾਲ ਦਹਿਸ਼ਤ ਫੈਲ ਗਈ ਅਤੇ ਇੱਕ ਗੋਲੀ ਬਲਵਿੰਦਰ ਦੀ ਲੱਤ ਵਿਚ ਲਗ ਗਈ। ਅਪਰਾਧ ਕਰਨ ਤੋਂ ਬਾਅਦ ਹਮਲਾਵਰ ਆਪਣੀਆਂ ਗੱਡੀਆਂ ਵਿੱਚ ਮੌਕੇ ਤੋਂ ਭੱਜ ਗਏ। ਪਰਿਵਾਰ ਨੇ ਖ਼ੂਨ ਨਾਲ ਲੱਥਪੱਥ ਬਲਵਿੰਦਰ ਨੂੰ ਤੁਰੰਤ ਅੰਬਾਲਾ ਕੈਂਟ ਸਿਵਲ ਹਸਪਤਾਲ ਪਹੁੰਚਾਇਆ ਜਿੱਥੇ ਉਹ ਇਸ ਸਮੇਂ ਇਲਾਜ ਅਧੀਨ ਹੈ। ਸੂਚਨਾ ਮਿਲਣ 'ਤੇ ਮੁਲਾਣਾ ਥਾਣੇ ਤੋਂ ਪੁਲੀਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ।

ਪੁਲੀਸ ਦਾ ਕਹਿਣਾ ਹੈ ਕਿ ਜ਼ਖ਼ਮੀ ਬਲਵਿੰਦਰ ਅਤੇ ਉਸ ਦੇ ਪਰਿਵਾਰ ਦੇ ਬਿਆਨ ਦਰਜ ਕਰ ਲਏ ਗਏ ਹਨ ਅਤੇ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਹੈ। ਇਸ ਸਾਰੀ ਘਟਨਾ ਪਿਛੇ ਕੋਈ ਪੁਰਾਣੀ ਰੰਜਿਸ਼ ਦੱਸੀ ਜਾ ਰਹੀ ਹੈ।

ਇਸ ਦੌਰਾਨ ਸੋਸ਼ਲ ਮੀਡੀਆ ਤੇ ਇਕ ਵੀਡੀਓ ਵੀ ਵਾਇਰਲ ਹੋ ਰਹੀ ਹੈ ਜਿਸ ਵਿਚ ਇਕ ਕਾਰ ਸੜਕ ਤੋਂ ਥੱਲੇ ਡਿੱਗੀ ਨਜ਼ਰ ਆ ਰਹੀ ਹੈ। ਉਸ ਦਾ ਪਿਛਲਾ ਸ਼ੀਸ਼ਾ ਟੁੱਟਿਆ ਹੋਇਆ ਹੈ। ਵੀਡੀਓ ਵਿਚ ਕਾਰ ਦੇ ਉੱਪਰ ਪਈਆਂ ਦੋ ਨੰਬਰ ਪਲੇਟਾਂ ਵੀ ਨਜ਼ਰ ਆ ਰੀਆਂ ਹਨ। ਵੀਡੀਓ ਵਿਚ ਮੌਜੂਦ ਲੋਕ ਦਾਅਵਾ ਕਰ ਰਹੇ ਹਨ ਕਿ ਇਹ ਨੰਬਰ ਪਲੇਟਾਂ ਹਮਲਾਵਰਾਂ ਦੀਆਂ ਗੱਡੀਆਂ ਦੀਆਂ ਹਨ। ਜ਼ਿਕਰਯੋਗ ਹੈ ਕਿ ਕਲਾਲਟੀ ਵਿਚ ਪੁਲੀਸ ਚੌਕੀ ਵੀ ਹੈ।

ਪੀਜੀਆਈ ਇੰਜੀਨੀਅਰਜ਼ ਐਸੋਸੀਏਸ਼ਨ ਨੇ ਇੰਜੀਨੀਅਰਜ਼ ਦਿਵਸ 'ਤੇ 5ਵਾਂ ਖ਼ੂਨਦਾਨ ਕੈਂਪ ਲਗਾਇਆ

ਚੰਡੀਗੜ੍ਹ, 15 ਸਤੰਬਰ
(ਪੈ.ਗਾਮ-ਏ-ਜਗਤ)

ਪ੍ਰੋ. ਵਿਵੇਕ ਲਾਲ, ਡਾਇਰੈਕਟਰ, ਪੀਜੀਆਈਐਮਈਆਰ, ਚੰਡੀਗੜ੍ਹ, ਮੁੱਖ ਮਹਿਮਾਨ ਸਨ ਅਤੇ ਉਨ੍ਹਾਂ ਨੇ ਖ਼ੂਨਦਾਨ ਕੈਂਪ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਖ਼ੁਦ ਵੀ ਖ਼ੂਨਦਾਨ ਕੀਤਾ ਅਤੇ ਇਸ ਨੇਕ ਕਾਰਜ ਲਈ ਪੀਜੀਆਈ ਇੰਜੀਨੀਅਰਜ਼ ਐਸੋਸੀਏਸ਼ਨ ਦੇ ਭਲਾਈ ਕਾਰਜ ਦੀ ਸ਼ਲਾਘਾ ਕੀਤੀ। ਪੰਕਜ ਰਾਏ, ਡੀਡੀਏ; ਪ੍ਰੋ. ਅਸ਼ੋਕ ਕੁਮਾਰ, ਮੈਡੀਕਲ ਸੁਪਰਡੈਂਟ; ਪ੍ਰੋ. (ਡਾ.) ਰੱਤੀ ਰਾਮ ਸ਼ਰਮਾ, ਮੁਖੀ, ਟ੍ਰਾਂਸਫਿਊਜ਼ਨ ਮੈਡੀਸਨ ਵਿਭਾਗ; ਅਤੇ ਪ੍ਰੋ. ਸਮੀਰ ਅਗਰਵਾਲ, ਪ੍ਰੋਫੈਸਰ ਇੰਚਾਰਜ, ਇੰਜੀਨੀਅਰਿੰਗ ਵੀ ਇਸ ਮੌਕੇ 'ਤੇ ਸ਼ਾਮਲ ਹੋਏ।

ਲਗਭਗ 400 ਸਵੈ-ਇੱਛਕ ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ, ਜਦੋਂ ਕਿ ਦਾਨ ਤੋਂ ਪਹਿਲਾਂ ਕੀਤੇ ਗਏ ਮੈਡੀਕਲ ਟੈਸਟ ਦੌਰਾਨ 70 ਸੰਭਾਵੀ ਦਾਨੀਆਂ ਨੂੰ ਰੋਕ ਦਿੱਤਾ ਗਿਆ। ਇੰਜੀ. ਤਨੁਜ ਪੋਸ਼ਵਾਲ, ਪ੍ਰਧਾਨ, ਪੀਜੀਆਈ ਇੰਜੀਨੀਅਰਜ਼ ਐਸੋਸੀਏਸ਼ਨ, ਚੰਡੀਗੜ੍ਹ ਨੇ ਪ੍ਰੋ. (ਡਾ.) ਵਿਵੇਕ ਲਾਲ ਅਤੇ ਹੋਰ ਸਾਰੇ ਪਤਵੰਤਿਆਂ ਅਤੇ

• ਪੀਜੀਆਈ ਇੰਜੀਨੀਅਰਜ਼ ਐਸੋਸੀਏਸ਼ਨ, ਚੰਡੀਗੜ੍ਹ ਨੇ ਇੰਜੀਨੀਅਰਜ਼ ਦਿਵਸ ਨੂੰ ਮਨਾਉਣ ਲਈ 15 ਸਤੰਬਰ 2026 ਨੂੰ ਪੀਜੀਆਈਐਮਈਆਰ, ਚੰਡੀਗੜ੍ਹ ਵਿਖੇ ਆਪਣਾ 5ਵਾਂ ਖ਼ੂਨਦਾਨ ਕੈਂਪ ਲਗਾਇਆ

ਡੈਲੀਗੇਟਾਂ ਦਾ ਕੈਂਪ ਵਿੱਚ ਆਉਣ ਲਈ ਆਪਣਾ ਕੀਮਤੀ ਸਮਾਂ ਕੱਢਣ ਲਈ ਡੂੰਘਾ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਨੇ ਪ੍ਰੋ. (ਡਾ.) ਰੱਤੀ ਰਾਮ ਸ਼ਰਮਾ ਅਤੇ ਉਨ੍ਹਾਂ ਦੀ ਟੀਮ ਟ੍ਰਾਂਸਫਿਊਜ਼ਨ ਮੈਡੀਸਨ ਵਿਭਾਗ ਤੋਂ, ਅਤੇ ਸਾਰੇ ਸਵੈ-ਇੱਛਕ ਖ਼ੂਨਦਾਨੀਆਂ ਦਾ ਇਸ ਨੇਕ ਕਾਰਜ ਵਿੱਚ ਉਨ੍ਹਾਂ ਦੇ ਕੀਮਤੀ ਯੋਗਦਾਨ ਲਈ ਵੀ ਧੰਨਵਾਦ ਕੀਤਾ।

ਇੰਜੀ. ਬਿੰਦੀਆ ਵਰਮਾ, ਜਨਰਲ ਸਕੱਤਰ, ਪੀਜੀਆਈ ਇੰਜੀਨੀਅਰਜ਼ ਐਸੋਸੀਏਸ਼ਨ, ਚੰਡੀਗੜ੍ਹ ਨੇ ਵੀ ਇੰਜੀ. ਸੰਜੀਵ ਸ਼ਰਮਾ, ਇੰਜੀ. ਪੀ. ਐਸ. ਗਿੱਲ, ਇੰਜੀ. ਰਜਨੀਸ਼ ਮਿੱਤਲ, ਇੰਜੀ. ਇੰਦਰਜੀਤ ਸਿੰਘ, ਸ਼੍ਰੀ ਸਰਬਜੀਤ ਸਿੰਘ, ਇੰਜੀ. ਹੇਮਲਤਾ ਮੀਨਾ, ਇੰਜੀ. ਦੀਪੇਸ਼ ਗੁਪਤਾ, ਇੰਜੀ. ਪ੍ਰਵੀਨ ਚੌਧਰੀ, ਇੰਜੀ. ਲਲਿਤ ਵਸ਼ਿਸ਼ਠ ਅਤੇ ਐਸੋਸੀਏਸ਼ਨ ਦੇ ਹੋਰ ਮੈਂਬਰਾਂ*** ਦਾ ਕੈਂਪ ਨੂੰ ਸਫਲਤਾਪੂਰਵਕ ਕਰਵਾਉਣ ਵਿੱਚ ਉਨ੍ਹਾਂ ਦੇ ਕੀਮਤੀ ਯਤਨਾਂ ਅਤੇ ਸਰਗਰਮ ਭਾਗੀਦਾਰੀ ਲਈ ਧੰਨਵਾਦ ਕੀਤਾ।

ਇੰਜੀਨੀਅਰਜ਼ ਦਿਵਸ ਭਾਰਤ ਵਿੱਚ ਹਰ ਸਾਲ 15 ਸਤੰਬਰ ਨੂੰ ਭਾਰਤ ਦੇ ਸਭ ਤੋਂ ਵਿਸ਼ੇਸ਼ ਇੰਜੀਨੀਅਰਾਂ ਵਿੱਚੋਂ ਇੱਕ ਸਰ ਐਮ. ਵਿਸ਼ਵੇਸ਼ਵਰਾਇਆ ਦੇ ਜਨਮ ਦਿਨ ਨੂੰ ਮਨਾਉਣ ਲਈ ਮਨਾਇਆ ਜਾਂਦਾ ਹੈ, ਇੱਕ ਪ੍ਰਸਿੱਧ ਸਿਵਲ ਇੰਜੀਨੀਅਰ ਅਤੇ ਰਾਜਨੇਤਾ, ਸਰ ਐਮ. ਵਿਸ਼ਵੇਸ਼ਵਰਾਇਆ ਨੇ ਦੇਸ਼ ਦੇ ਵਿਕਾਸ ਵਿੱਚ ਸ਼ਾਨਦਾਰ ਯੋਗਦਾਨ ਪਾਇਆ। ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਨੂੰ ਮਾਨਤਾ ਦਿੰਦਿਆਂ, ਉਨ੍ਹਾਂ ਨੂੰ 1955 ਵਿੱਚ ਭਾਰਤ ਰਤਨ ਨਾਲ ਸਨਮਾਨਿਤ ਕੀਤਾ ਗਿਆ ਸੀ। ਖ਼ੂਨਦਾਨ ਕੈਂਪ ਸਮਾਜਿਕ ਜ਼ਿੰਮੇਵਾਰੀ ਅਤੇ ਭਾਈਚਾਰਕ ਸੇਵਾ ਦੀ ਭਾਵਨਾ ਨੂੰ ਦਰਸਾਉਂਦਾ ਹੈ ਅਤੇ ਜੀਵਨ ਬਚਾਉ ਸਿਹਤ ਸੇਵਾਵਾਂ ਦਾ ਸਮਰਥਨ ਕਰਨ ਵਿੱਚ ਇੰਜੀਨੀਅਰਾਂ ਅਤੇ ਸਿਹਤ ਸੰਭਾਲ ਪੇਸ਼ੇਵਰਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਦਾ ਹੈ।

ਵੋਲਵੋ ਸੀਈ ਨੇ ਲਾਂਚ ਕੀਤਾ ਈਸੀ650 ਮਾਈਨਿੰਗ ਐਕਸਕੇਵੇਟਰ

ਚੰਡੀਗੜ੍ਹ, 15 ਸਤੰਬਰ
(ਪੈ.ਗਾਮ-ਏ-ਜਗਤ)

ਵੋਲਵੋ ਕੰਸਟ੍ਰਕਸ਼ਨ ਇਕੁਇਪਮੈਂਟ ਇੰਡੀਆ ਨੇ ਮੰਗਲਵਾਰ ਨੂੰ 'ਬੋਮਾ ਕੋਨੇਕਸਪੋ ਇੰਡੀਆ 2026' ਵਿੱਚ ਆਪਣੀ ਮਾਈਨਿੰਗ ਰੇਂਜ ਵਿੱਚ ਇੱਕ ਮੀਲ ਦਾ ਪੱਥਰ ਸਾਬਤ ਹੋਣ ਵਾਲੇ 65ਟੀ ਕਲਾਸ ਐਕਸਕੇਵੇਟਰ, ਈਸੀ650 ਨੂੰ ਵਪਾਰਕ ਤੌਰ 'ਤੇ ਲਾਂਚ ਕੀਤਾ।

435 ਐਚਪੀ ਦੀ ਪਾਵਰ ਦੇਣ ਵਾਲੇ ਪ੍ਰਸਿੱਧ ਵੋਲਵੋ ਡੀ13ਈ ਇੰਜਣ ਨਾਲ ਲੈਸ, ਈਸੀ650 ਨੂੰ ਬਿਹਤਰੀਨ ਟਿਕਾਊਪਣ ਅਤੇ ਆਪਣੀ ਸ਼੍ਰੇਣੀ ਵਿੱਚ ਸਭ ਤੋਂ ਵਧੀਆ ਬਾਲਣ ਕੁਸ਼ਲਤਾ ਲਈ ਇੰਜਨੀਅਰ ਕੀਤਾ ਗਿਆ ਹੈ। ਇਸ ਵਿੱਚ ਇੱਕ ਮਜ਼ਬੂਤ ਅੰਡਰਕੈਰੇਜ, ਹੈਵੀ-ਡਿਊਟੀ ਬੂਮ ਅਤੇ ਆਰਮ, ਅਤੇ ਐਡਵਾਂਸਡ ਹਾਈਡ੍ਰੌਲਿਕਸ ਦਿੱਤੇ ਗਏ ਹਨ, ਜੋ ਸਭ ਤੋਂ ਔਖੇ ਮਾਸ ਐਕਸਕੇਵੇਸ਼ਨ ਅਤੇ



ਮਾਈਨਿੰਗ ਕੰਮਾਂ ਦਾ ਸਾਹਮਣਾ ਕਰਨ ਲਈ ਬਣਾਏ ਗਏ ਹਨ।

ਖਰੀਦਦਾਰੀ ਦਾ ਸੀਜ਼ਨ ਸ਼ੁਰੂ ਹੁੰਦੇ ਹੀ ਇਹ ਉਤਪਾਦ ਮਾਈਨਿੰਗ ਗਾਹਕਾਂ ਲਈ ਤੁਰੰਤ ਡਿਲੀਵਰੀ ਵਾਸਤੇ ਉਪਲਬਧ ਹੈ।

'ਕੰਸਟ੍ਰਕਸ਼ਨ ਐਂਡ ਇੰਡਸਟ੍ਰੀਅਲ' ਜ਼ੋਨ ਵਿੱਚ ਵੋਲਵੋ ਸੀਈ ਦੇ ਸਟੈਂਡ ਦੇ ਕੇਂਦਰ ਵਿੱਚ ਉਨ੍ਹਾਂ ਦੀ 20-ਟਨ ਐਕਸਕੇਵੇਟਰ ਰੇਂਜ (ਈਸੀ210, ਈਸੀ215 ਅਤੇ ਈਸੀ220) ਹੈ, ਜੋ ਸੜਕ ਨਿਰਮਾਣ, ਸ਼ਹਿਰੀ ਨਿਰਮਾਣ, ਖੱਡਾਂ , ਨਦੀ ਦੇ ਤਲ ਦੀ ਮਾਈਨਿੰਗ ਆਦਿ ਵਰਗੇ ਵੱਖ-ਵੱਖ ਕੰਮਾਂ ਲਈ ਬਹੁਮੁਖੀ ਵਰਤੋਂ ਪ੍ਰਦਾਨ ਕਰਦੀ ਹੈ। ਇਸਦੇ ਨਾਲ ਹੀ ਈਸੀ300, ਐਸਡੀ110, ਡੀਡੀ90 ਅਤੇ LAB@ ਇਲੈਕਟ੍ਰਿਕ ਵੀਲ੍ਹ ਲੋਡਰ ਵੀ ਪ੍ਰਦਰਸ਼ਿਤ ਹਨ। ਉੱਥੇ ਹੀ, 'ਮਾਈਨਿੰਗ ਜ਼ੋਨ' ਵਿੱਚ ਈਸੀ480, ਈਸੀ650 ਅਤੇ ਐਲ150 ਨੂੰ ਮੁੱਖ ਕੇਂਦਰ ਵਿੱਚ ਰੱਖਿਆ ਗਿਆ ਹੈ, ਜੋ ਉਤਪਾਦ-ਕੇਂਦਰਿਤ ਹੋਣ ਦੀ ਬਜਾਏ ਐਪਲੀਕੇਸ਼ਨ-ਕੇਂਦਰਿਤ ਹਨ।

ਇਸ ਮੌਕੇ 'ਤੇ ਬੋਲਦਿਆਂ, ਵੋਲਵੋ ਕੰਸਟ੍ਰਕਸ਼ਨ ਇਕੁਇਪਮੈਂਟ ਇੰਡੀਆ ਦੇ ਪ੍ਰਬੰਧਕੀ ਨਿਰਦੇਸ਼ਕ , ਦਿਮਿਤ੍ਰੋਵ ਕ੍ਰਿਸ਼ਨਨ ਨੇ ਕਿਹਾ ਕਿ ਈਸੀ650 ਦੇ ਨਾਲ, ਅਸੀਂ ਸਿਰਫ਼ ਆਪਣੀ ਮਾਈਨਿੰਗ ਲਾਈਨ-ਅੱਪ ਵਿੱਚ ਇੱਕ ਮਸ਼ੀਨ ਨਹੀਂ ਜੋੜ ਰਹੇ, ਸਗੋਂ ਭਾਰਤ ਦੇ ਮਾਈਨਿੰਗ ਆਪਰੇਟਰਾਂ ਨੂੰ ਇੱਕ ਅਜਿਹਾ ਭਾਈਵਾਲ ਦੇ ਰਹੇ ਹਾਂ ਜਿਸ 'ਤੇ ਉਹ ਹਰ ਸ਼ਿਫਟ ਵਿੱਚ ਭਰੋਸਾ ਕਰ ਸਕਦੇ ਹਨ।

ਪੀਜੀਆਈਐਮਈਆਰ ਨੇ ਜਨਤਕ ਖਰੀਦ 'ਤੇ ਵਰਕਸ਼ਾਪ ਦਾ ਆਯੋਜਨ ਕੀਤਾ

ਚੰਡੀਗੜ੍ਹ, 15 ਸਤੰਬਰ (ਪੈ.ਗਾਮ-ਏ-ਜਗਤ)

ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈਐਮਈਆਰ), ਚੰਡੀਗੜ੍ਹ ਨੇ ਵਿਜੀਲੈਂਸ ਜਾਗਰੂਕਤਾ ਹਫ਼ਤਾ 2026 ਦੇ ਪੂਰਵਗਾਮੀ ਵਜੋਂ 10 ਸਤੰਬਰ, 2026 ਨੂੰ "ਜਨਤਕ ਖਰੀਦ"'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ। ਇਹ ਪਹਿਲਕਦਮੀ ਕੇਂਦਰੀ ਵਿਜੀਲੈਂਸ ਕਮਿਸ਼ਨ, ਨਵੀਂ ਦਿੱਲੀ ਦੇ ਨਿਰਦੇਸ਼ਾਂ ਅਨੁਸਾਰ ਕੀਤੀ ਗਈ ਸੀ, ਜਿਸ ਨੇ ਸਾਰੀਆਂ ਸੰਸਥਾਵਾਂ ਨੂੰ 17 ਅਗਸਤ, 2026 ਤੋਂ 16 ਨਵੰਬਰ, 2026 ਤੱਕ ਤਿੰਨ ਮਹੀਨਿਆਂ ਦੀ ਵਿਜੀਲੈਂਸ ਜਾਗਰੂਕਤਾ ਮੁਹਿੰਮ ਚਲਾਉਣ ਦੀ ਸਲਾਹ ਦਿੱਤੀ ਹੈ।

ਯੋਗੇਸ਼ ਸ਼ਰਮਾ, ਖਰੀਦ ਅਧਿਕਾਰੀ, ਪੀਜੀਆਈਐਮਈਆਰ, ਚੰਡੀਗੜ੍ਹ ਨੇ ਜਨਤਕ ਖਰੀਦ ਦੇ ਵੱਖ-ਵੱਖ ਪਹਿਲੂਆਂ 'ਤੇ ਇੱਕ ਵਿਆਪਕ ਪੇਸ਼ਕਾਰੀ ਦਿੱਤੀ। ਪੇਸ਼ਕਾਰੀ ਦਾ ਉਦੇਸ਼ ਕਰਮਚਾਰੀਆਂ ਵਿੱਚ ਜਾਗਰੂਕਤਾ ਵਧਾਉਣਾ ਅਤੇ ਸੰਸਥਾ ਦੇ ਚੱਲ ਰਹੇ ਸਮਰੱਥਾ-ਨਿਰਮਾਣ ਯਤਨਾਂ ਵਿੱਚ ਯੋਗਦਾਨ ਪਾਉਣਾ ਸੀ।

ਲਗਭਗ 110 ਭਾਗੀਦਾਰਾਂ, ਜਿਨ੍ਹਾਂ ਵਿੱਚ ਡਾਕਟਰ, ਨਰਸਿੰਗ ਸਟਾਫ, ਪੈਰਾਮੈਡੀਕਲ ਕਰਮਚਾਰੀ ਅਤੇ ਪ੍ਰਸ਼ਾਸਕੀ ਕਰਮਚਾਰੀ ਸ਼ਾਮਲ ਸਨ, ਨੇ ਵਰਕਸ਼ਾਪ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਵਿਜੀਲੈਂਸ ਸੈੱਲ, ਪੀਜੀਆਈਐਮਈਆਰ ਦੀ ਇਸ ਪਹਿਲਕਦਮੀ ਨੇ ਸੰਸਥਾਗਤ ਸਮਰੱਥਾ ਨੂੰ ਮਜ਼ਬੂਤ ਕਰਨ ਅਤੇ ਰੋਕਥਾਮ ਸੰਬੰਧੀ ਚੌਕਸੀ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਸੰਸਥਾ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ, ਜੋ ਨੈਤਿਕ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਅਤੇ ਸੰਸਥਾ ਦੀ ਸਮੁੱਚੀ ਕੁਸ਼ਲਤਾ ਨੂੰ ਵਧਾਉਣ ਲਈ ਜ਼ਰੂਰੀ ਹੈ। ਚੀਫ਼ ਵਿਜੀਲੈਂਸ ਅਫ਼ਸਰ ਨੇ ਜ਼ੋਰ ਦਿੱਤਾ ਕਿ ਜਨਤਕ ਖਰੀਦ ਸਿਰਫ਼ ਇੱਕ ਵਪਾਰਕ ਲੈਣ-ਦੇਣ ਨਹੀਂ ਹੈ, ਬਲਕਿ ਟੈਕਸਦਾਤਾਵਾਂ ਦੇ ਪੈਸੇ ਦੀ ਸੁਰੱਖਿਆ ਅਤੇ ਨਾਗਰਿਕਾਂ ਦੇ ਭਰੋਸੇ ਨੂੰ ਕਾਇਮ ਰੱਖਣ ਦੀ ਵਚਨਬੱਧਤਾ ਵੀ ਹੈ।

ਪਾਣੀ ਦੀ ਬੁਛਾੜ ਨਾਲ ਕੰਨ ਦੇ ਪਰਦੇ ਨੂੰ ਨੁਕਸਾਨ, ਇਨਸਾਫ਼ ਦੀ ਲੜਾਈ ਜਾਰੀ ਰਹੇਗੀ: ਬਲਜੀਤ ਕੌਰ



ਚੰਡੀਗੜ੍ਹ, 15 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਕਾਂਗਰਸ ਦੇ ਇੰਚਾਰਜ ਸ੍ਰੀ ਸਚਿਨ ਪਾਇਲਟ ਅਤੇ ਸਮੁੱਚੀ ਸੀਨੀਅਰ ਪੰਜਾਬ ਕਾਂਗਰਸ ਲੀਡਰਸ਼ਿਪ ਦੀ ਮੌਜੂਦਗੀ ਵਿੱਚ ਪੰਜਾਬ ਸਰਕਾਰ ਦੇ ਮੰਤਰੀ ਦੇ ਵਿਰੋਧ ਅਤੇ ਗੁਲਜ਼ਾਰ ਸਿੰਘ ਨੂੰ ਇਨਸਾਫ਼ ਦਿਵਾਉਣ ਦੀ ਮੰਗ ਨੂੰ ਲੈ ਕੇ ਕੀਤੇ ਗਏ ਰੋਸ ਪ੍ਰਦਰਸ਼ਨ ਵਿੱਚ ਪੰਜਾਬ ਪ੍ਰਦੇਸ਼ ਮਹਿਲਾ ਕਾਂਗਰਸ ਦੀਆਂ ਆਗੂਆਂ ਨਾਲ ਸ਼ਮੂਲੀਅਤ ਕੀਤੀ ਗਈ। ਪੰਜਾਬ ਪ੍ਰਦੇਸ਼ ਮਹਿਲਾ ਕਾਂਗਰਸ ਦੀ ਪ੍ਰਧਾਨ ਬਲਜੀਤ ਕੌਰ ਨੇ ਦੱਸਿਆ ਕਿ ਰੋਸ ਪ੍ਰਦਰਸ਼ਨ ਦੌਰਾਨ ਪੁਲਿਸ ਵੱਲੋਂ ਕੀਤੀ ਗਈ ਪਾਣੀ ਦੀ ਬੁਛਾੜ ਉਨ੍ਹਾਂ ਦੇ ਕੰਨ 'ਤੇ ਲੱਗਣ ਕਾਰਨ ਕੰਨ 'ਤੇ ਸੱਟ ਲੱਗੀ ਅਤੇ ਕੰਨ ਦੇ ਪਰਦੇ ਨੂੰ ਵੀ ਨੁਕਸਾਨ ਪਹੁੰਚਿਆ। ਬਲਜੀਤ ਕੌਰ ਨੇ ਕਿਹਾ ਕਿ ਸੱਟ ਲੱਗਣ ਦੇ ਬਾਵਜੂਦ ਉਨ੍ਹਾਂ ਦੇ ਹੌਸਲੇ ਬੁਲੰਦ ਹਨ ਅਤੇ ਗੁਲਜ਼ਾਰ ਸਿੰਘ ਨੂੰ ਇਨਸਾਫ਼ ਦਿਵਾਉਣ ਸਮੇਤ ਲੋਕਾਂ ਦੇ ਹੱਕਾਂ ਲਈ ਇਨਸਾਫ਼ ਦੀ ਇਹ ਲੜਾਈ ਜਾਰੀ ਰਹੇਗੀ।

ਭਗਵਾਨ ਵਿਸ਼ਵਕਰਮਾ ਜੀ ਦਾ ਪ੍ਰਕਾਸ਼ ਪੁਰਬ 17 ਸਤੰਬਰ ਨੂੰ

ਪਟਿਆਲਾ 15 ਸਤੰਬਰ (ਪੈ.ਗਾਮ-ਏ-ਜਗਤ)

ਸ੍ਰਿਸ਼ਟੀ ਦੇ ਸਿਰਜਣਹਾਰ ਦੀਨ ਦੁਨੀਆ ਦੇ ਮਾਲਿਕ ਕਿਰਤ ਦੇ ਦੇਵਤਾ ਭਗਵਾਨ ਸ੍ਰੀ ਠਵਿਸ਼ਵਕਰਮਾ ਜੀ ਦਾ ਪਵਿੱਤਰ ਪ੍ਰਕਾਸ਼ ਪੁਰਬ 17 ਸਤੰਬਰ ਦਿਨ ਵੀਰਵਾਰ ਨੂੰ ਹਰ ਸਾਲ ਦੀ ਤਰ੍ਹਾਂ ਭਗਵਾਨ ਵਿਸ਼ਵਕਰਮਾ ਮੰਦਰ ਲਹੌਰੀ ਗੇਟ ਵਿਖੇ ਬੜੀ ਧੂਮਧਾਮ ਅਤੇ ਅਤੇ ਟਸ਼ਰਧਾ ਭਾਵਨਾ ਦੇ ਨਾਲ ਹਰ ਵਰਗ ਵੱਲੋਂ ਮਿਲ ਕੇ ਮਨਾਇਆ ਜਾ ਰਿਹਾ ਹੈ ਇਹ ਜਾਣਕਾਰੀ ਮੁੱਖ ਸੇਵਾਦਾਰ ਅਮਰਜੀਤ ਸਿੰਘ ਰਾਮਗੜੀਆ ਅਤੇ ਸਮੁੱਚੀ ਟੀਮ ਨੇ ਸਾਂਝੇ ਤੌਰ ਤੇ ਦਿੱਤੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸਰਦਾਰ ਅਮਰਜੀਤ ਸਿੰਘ



ਰਾਮਗੜੀਆ ਨੇ ਬੜੇ ਅਦਬ ਤੇ ਸਤਿਕਾਰ ਸਹਿਤ ਸੰਗਤਾਂ ਦੇ ਚਰਨਾਂ ਵਿੱਚ ਸਨਿਮਰ ਬੇਨਤੀ ਕੀਤੀ ਕਿ ਸਮੇਂ ਸਿਰ ਪਹੁੰਚ ਕੇ ਭਗਵਾਨ ਵਿਸ਼ਵਕਰਮਾ ਜੀ ਦਾ ਗੁਣਗਾਨ ਸੁਣੋ ਅਤੇ ਆਸ਼ੀਰਵਾਦ ਪ੍ਰਾਪਤ ਕਰੋ ਭਗਵਾਨ ਵਿਸ਼ਵਕਰਮਾ ਜੀ ਦੇ ਚਰਨਾਂ ਚ ਅਰਦਾਸ ਕਰੋ ਕਿ ਤੁਹਾਡੇ ਕਾਰੋਬਾਰਾਂ ਵਿੱਚ ਚੜ੍ਹਦੀ ਕਲਾ ਅਤੇ ਲੋਕ ਸੁਹੇਲੇ ਹੋਣ ਆਏ ਹੋਏ ਸਾਰੇ ਧਾਰਮਿਕ ਅਤੇ ਪਤਵੰਤੇ ਸੱਜਣਾਂ ਦਾ ਸਨਮਾਨ ਕੀਤਾ ਜਾਵੇਗਾ।

'ਯੁੱਧ ਨਸ਼ਿਆਂ ਵਿਰੁੱਧ' ਦੇ 551 ਦਿਨ: ਨਸ਼ਾ ਮੁਕਤ ਪੰਜਾਬ ਲਈ ਲੋਕ ਸਰਕਾਰ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹੋਏ : ਦਲਵੀਰ ਸਿੰਘ ਢਿੱਲੋਂ

ਧੂਰੀ, 15 ਸਤੰਬਰ (ਪੈ.ਗਾਮ-ਏ-ਜਗਤ)

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 551 ਦਿਨ ਪੂਰੇ ਹੋਣ ਸਬੰਧੀ ਧੂਰੀ ਵਿਖੇ ਇੱਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਚੇਅਰਮੈਨ ਮਾਰਕਿਟ ਕਮੇਟੀ ਧੂਰੀ ਰਾਜਵੰਤ ਸਿੰਘ ਘੁੱਲੀ, ਹਲਕਾ ਵਾਈਸ ਕੋਆਰਡੀਨੇਟਰ ਹਰਪ੍ਰੀਤ ਸਿੰਘ ਗਿੱਲ, ਸਰਪੰਚ ਦਵਿੰਦਰ ਸਿੰਘ ਧੂਰਾ, ਗਗਨ ਜਵੰਧਾ ਅਤੇ ਜਗਤਾਰ ਸਿੰਘ ਬਾਗੜੀ ਸਮੇਤ ਵੱਖ-ਵੱਖ ਪਤਵੰਤੇ ਅਤੇ ਇਲਾਕਾ ਵਾਸੀ ਹਾਜ਼ਰ ਹੋਏ। ਇਸ ਮੌਕੇ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਮੁਹਿੰਮ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਸਰਕਾਰ, ਪੁਲਿਸ, ਪ੍ਰਸ਼ਾਸਨ ਅਤੇ ਸਮਾਜ ਦਾ ਸਾਂਝਾ ਸਹਿਯੋਗ ਜ਼ਰੂਰੀ ਹੈ ਅਤੇ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਇਹ ਮੁਹਿੰਮ ਇੱਕ ਮਜ਼ਬੂਤ ਲੋਕ-ਲਹਿਰ ਬਣ ਰਹੀ ਹੈ। ਉਨ੍ਹਾਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਦੇ ਨਾਲ-ਨਾਲ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ, ਸਿੱਖਿਆ ਅਤੇ ਰੁਜ਼ਗਾਰ ਦੇ ਮੌਕਿਆਂ ਨਾਲ ਜੋੜਨ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਨਸ਼ਿਆਂ ਦੀ ਸਪਲਾਈ ਚੇਨ ਤੋੜਨ ਦੇ ਨਾਲ ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਖੇਡਾਂ ਅਤੇ ਸਿੱਖਿਆ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਦਾ ਪ੍ਰਭਾਵਸ਼ਾਲੀ ਸਾਧਨ ਹਨ। ਸੈਮੀਨਾਰ ਦੌਰਾਨ ਹਾਜ਼ਰੀਨ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਨਸ਼ਾ ਤਸਕਰੀ ਵਿਰੁੱਧ ਕਾਨੂੰਨੀ ਕਾਰਵਾਈ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਹਰੇਕ ਨਾਗਰਿਕ ਦੀ ਭੂਮਿਕਾ ਬਾਰੇ ਜਾਗਰੂਕ ਕੀਤਾ ਗਿਆ।

ਆਰਬੀਆਈਐਸ ਵਿਖੇ 'ਦਿ ਪਲੱਸ ਪ੍ਰੋਗਰਾਮ' ਦਾ ਤੀਜਾ ਸੈਸ਼ਨ, ਸੈਮੀਕੰਡਕਟਰ ਤਕਨਾਲੋਜੀ ਬਾਰੇ ਦਿੱਤੀ ਜਾਣਕਾਰੀ

ਚੰਡੀਗੜ੍ਹ, 15 ਸਤੰਬਰ
(ਪੈ.ਗਾਮ-ਏ-ਜਗਤ)

ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ (ਆਰਬੀਆਈਐਸ) ਵੱਲੋਂ ਆਪਣੀ ਪ੍ਰਮੁੱਖ ਪਹਿਲਕਦਮੀ 'ਦਿ ਪਲੱਸ ਪ੍ਰੋਗਰਾਮ' ਦੇ ਤੀਜੇ ਸੈਸ਼ਨ ਦਾ ਆਯੋਜਨ "ਦਿ ਟਾਈਨੀ ਚਿੱਪ ਰਨਿੰਗ ਦ ਵਰਲਡ: ਦਿ ਸੈਮੀਕੰਡਕਟਰ ਸਟੋਰੀ" ਵਿਸ਼ੇ 'ਤੇ ਕੀਤਾ ਗਿਆ।



ਇਸ ਮੌਕੇ ਆਈਆਈਟੀ ਰੋਪੜ ਦੇ ਪ੍ਰੋਫੈਸਰ ਧੀਰਜ ਕੁਮਾਰ ਮਹਾਜਨ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ, ਜਦਕਿ ਰਿਆਤ ਬਾਹਰ ਗਰੁੱਪ ਦੇ ਵਾਈਸ ਪ੍ਰੈਜ਼ੀਡੈਂਟ ਜੈਸਿਕਾ ਦੁੱਗਲ ਬਾਹਰਾ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ । ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰੋ. ਮਹਾਜਨ ਨੇ ਸੈਮੀਕੰਡਕਟਰਾਂ ਦੇ ਮੂਲ ਸਿਧਾਂਤਾਂ ਅਤੇ ਆਧੁਨਿਕ ਤਕਨਾਲੋਜੀ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਛੋਟੇ ਚਿੱਪ ਆਧੁਨਿਕ ਇਲੈਕਟ੍ਰਾਨਿਕ ਉਪਕਰਨਾਂ ਦੀ ਰੀੜ੍ਹ ਦੀ ਹੱਡੀ ਹਨ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ, ਸਮਾਰਟਫੋਨ, ਇਲੈਕਟ੍ਰਿਕ ਵਾਹਨਾਂ ਅਤੇ ਪੁਲਾੜ ਮਿਸ਼ਨਾਂ ਵਰਗੀਆਂ ਉੱਨਤ ਤਕਨਾਲੋਜੀਆਂ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸੈਸ਼ਨ ਦੌਰਾਨ ਸੈਮੀਕੰਡਕਟਰ ਚਿੱਪ ਦੇ ਡਿਜ਼ਾਈਨ ਅਤੇ ਵਿਕਾਸ ਤੋਂ ਲੈ ਕੇ ਨਿਰਮਾਣ ਤੱਕ ਦੇ ਪੂਰੇ ਸਫ਼ਰ ਬਾਰੇ ਵੀ ਚਰਚਾ ਕੀਤੀ ਗਈ। ਸਰਲ ਵਿਆਖਿਆਵਾਂ ਅਤੇ ਵਿਹਾਰਕ ਉਦਾਹਰਣਾਂ ਰਾਹੀਂ ਪ੍ਰੋ. ਮਹਾਜਨ ਨੇ ਵਿਦਿਆਰਥੀਆਂ ਨੂੰ ਨਵੀਨਤਾ ਅਤੇ ਤਕਨਾਲੋਜੀ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਸੈਮੀਕੰਡਕਟਰਾਂ ਦੀ ਮਹੱਤਤਾ ਤੋਂ ਜਾਣੂ ਕਰਵਾਇਆ। ਇੰਟਰਐਕਟਿਵ ਸੈਸ਼ਨ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ, ਚਿੱਪ ਤਕਨਾਲੋਜੀ ਅਤੇ ਇਸ ਦੇ ਉਪਯੋਗਾਂ ਸਬੰਧੀ ਸਵਾਲ ਪੁੱਛੇ। ਇਸ ਚਰਚਾ ਨੇ ਵਿਦਿਆਰਥੀਆਂ ਦੀ ਉਤਸੁਕਤਾ ਨੂੰ ਵਧਾਇਆ ਅਤੇ ਉਨ੍ਹਾਂ ਨੂੰ ਆਧੁਨਿਕ ਦੁਨੀਆ ਨੂੰ ਅੱਗੇ ਵਧਾਉਣ ਵਾਲੀ ਇਸ ਮਹੱਤਵਪੂਰਨ ਤਕਨਾਲੋਜੀ ਦੀ ਡੂੰਘੀ ਸਮਝ ਪ੍ਰਦਾਨ ਕੀਤੀ।

ਇਸ ਮੌਕੇ ਆਰਬੀਆਈਐਸ ਦੀ ਡਾਇਰੈਕਟਰ-ਪ੍ਰਿੰਸੀਪਲ ਅਭਿਲਾਸ਼ਾ ਸਿੰਘ, ਇੰਜੀ ਸੋਨਲ ਸੂਦ ਅਤੇ ਸੀਨੀਅਰ ਫੈਕਲਟੀ ਮੈਂਬਰ ਵੀ ਮੌਜੂਦ ਸਨ।

ਅੱਤਿਆਚਾਰ ਰੋਕਥਾਮ ਐਕਟ ਅਧੀਨ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ

ਸਾਹਿਬਜ਼ਾਦਾ ਅਜੀਤ ਸਿੰਘ ਨਗਰ,
15 ਸਤੰਬਰ (ਪੈ.ਗਾਮ-ਏ-ਜਗਤ)

ਸ੍ਰੀਮਤੀ ਕੋਮਲ ਮਿੱਤਲ, ਡਿਪਟੀ ਕਮਿਸ਼ਨਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਹੁਕਮਾਂ ਅਨੁਸਾਰ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਕਬੀਲਿਆਂ (ਅੱਤਿਆਚਾਰ ਰੋਕਥਾਮ) ਐਕਟ, 1989 ਅਧੀਨ ਸਾਲ ਦੀ ਦੂਜੀ ਤਿਮਾਹੀ ਦੀ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐਸ.ਏ.ਐਸ. ਨਗਰ ਵਿਖੇ ਵਧੀਕ ਡਿਪਟੀ ਕਮਿਸ਼ਨਰ (ਆਰ.ਡੀ.) ਸ੍ਰੀਮਤੀ ਸੋਨਮ ਚੌਧਰੀ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਦੌਰਾਨ ਸ੍ਰੀ ਅਸ਼ੀਸ਼ ਕਥੂਰੀਆ, ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ-ਕਮ-ਮੈਂਬਰ ਸਕੱਤਰ ਵੱਲੋਂ ਕਮੇਟੀ ਨੂੰ ਐਕਟ ਅਧੀਨ ਦਰਜ ਮਾਮਲਿਆਂ



ਦੀ ਪ੍ਰਗਤੀ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਅਦਾਲਤਾਂ ਵਿੱਚ ਇਸ ਸਮੇਂ 12 ਕੇਸ ਵਿਚਾਰ ਅਧੀਨ ਹਨ, ਜਿਨ੍ਹਾਂ ਵਿੱਚੋਂ 6 ਕੇਸਾਂ ਵਿੱਚ ਪੀੜਤਾਂ ਨੂੰ ਮੁਆਵਜ਼ਾ ਦਿੱਤਾ ਜਾ ਚੁੱਕਾ ਹੈ, ਜਦਕਿ 3 ਕੇਸਾਂ ਵਿੱਚ ਪੀੜਤਾਂ ਨੂੰ ਮੁਆਵਜ਼ਾ ਜਲਦ ਮੁਹੱਈਆ ਕਰਵਾਇਆ ਜਾਵੇਗਾ। ਬਾਕੀ 3 ਕੇਸਾਂ ਵਿੱਚ ਕਾਰਵਾਈ ਜਾਰੀ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ 17 ਕੇਸ ਐਸ.ਐਸ.ਪੀ. ਦਫ਼ਤਰ ਵਿਖੇ ਜੇਰੇ-ਤਫ਼ਤੀਸ਼ ਚੱਲ ਰਹੇ ਹਨ। ਮੀਟਿੰਗ ਵਿੱਚ ਇਨ੍ਹਾਂ ਮਾਮਲਿਆਂ ਦੀ ਜਾਂਚ ਅਤੇ ਪੀੜਤਾਂ ਨੂੰ ਸਮੇਂ ਸਿਰ ਬਣਦਾ ਮੁਆਵਜ਼ਾ ਅਤੇ ਹੋਰ ਸਹਾਇਤਾ ਮੁਹੱਈਆ ਕਰਵਾਉਣ ਸਬੰਧੀ ਕਾਰਵਾਈ ਦੀ ਸਮੀਖਿਆ ਕੀਤੀ ਗਈ।

ਵਧੀਕ ਡਿਪਟੀ ਕਮਿਸ਼ਨਰ (ਆਰ.ਡੀ.) ਸ੍ਰੀਮਤੀ ਸੋਨਮ ਚੌਧਰੀ ਨੇ ਪੁਲਿਸ ਵਿਭਾਗ ਨੂੰ ਹਦਾਇਤ ਕੀਤੀ ਕਿ ਐਕਟ ਅਧੀਨ ਮੁਆਵਜ਼ੇ ਅਤੇ ਹੋਰ ਸਹੂਲਤਾਂ ਸਬੰਧੀ ਸਕੀਮ ਦੇ ਨਿਯਮਾਂ ਅਤੇ ਮਾਪਦੰਡਾਂ ਬਾਰੇ ਪੀੜਤਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ, ਤਾਂ ਜੋ ਉਨ੍ਹਾਂ ਨੂੰ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਦਾ ਸਮੇਂ ਸਿਰ ਲਾਭ ਮਿਲ ਸਕੇ। ਮੀਟਿੰਗ ਵਿੱਚ ਸ੍ਰੀ ਹਰਦੀਪ ਸਿੰਘ, ਜ਼ਿਲ੍ਹਾ ਅਟਾਰਨੀ, ਸ੍ਰੀ ਰਮਨਦੀਪ ਸਿੰਘ, ਪੰਜਾਬ ਪੁਲਿਸ, ਸ੍ਰੀ ਗੁਰਚਰਨ ਸਿੰਘ ਮਾਨ, ਖੇਤੀਬਾੜੀ ਵਿਭਾਗ, ਐਸ.ਏ.ਐਸ. ਨਗਰ ਤੋਂ ਇਲਾਵਾ ਕਮੇਟੀ ਦੇ ਗੈਰ-ਸਰਕਾਰੀ ਮੈਂਬਰ ਸ੍ਰੀ ਗੁਰਚਰਨ ਸਿੰਘ ਅਤੇ ਸ੍ਰੀ ਗੁਰਪ੍ਰੀਤ ਸਿੰਘ ਵੀ ਹਾਜ਼ਰ ਸਨ।

ਐੱਸ.ਆਈ.ਆਰ: ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦੀਆਂ ਲਿਸਟਾਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਸਾਂਝੀਆਂ ਕੀਤੀਆਂ

ਸੰਗਰੂਰ, 15 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬ ਰਾਜ ਵਿੱਚ ਚੱਲ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ) 2026 ਦੇ ਦੂਜੇ ਪੜਾਅ ਤਹਿਤ ਮਿਤੀ 13.08.2026 ਤੋਂ 12.09.2026 ਤਕ ਆਮ ਜਨਤਾ ਪਾਸੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਗਏ ਹਨ। ਪ੍ਰਾਪਤ ਹੋਏ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ ਸਬੰਧਤ ਚੋਣਕਾਰ ਰਜਿਸਟਰੇਸ਼ਨ ਅਫਸਰਾਂ ਵੱਲੋਂ ਮਿਤੀ 08.10.2026 ਤਕ ਕਰਦੇ ਹੋਏ ਮਿਤੀ 12.10.2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਣੀ ਹੈ।

ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ, ਸੰਗਰੂਰ, ਪੂਨਮਦੀਪ ਕੌਰ ਦੇ ਨਿਰਦੇਸ਼ਾਂ ਹੇਠ ਜ਼ਿਲ੍ਹੇ ਦੇ ਸਮੂਹ ਪੰਜ ਵਿਧਾਨ ਸਭਾ ਚੋਣ ਹਲਕਿਆਂ ਦੇ ਚੋਣਕਾਰ ਰਜਿਸਟਰੇਸ਼ਨ ਅਫਸਰਾਂ ਵੱਲੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਤਹਿਤ ਪ੍ਰਾਪਤ ਹੋਏ ਦਾਅਵਿਆਂ ਅਤੇ ਇਤਰਾਜ਼ਾਂ ਦੀਆਂ ਹਫਤਾਵਾਰੀ ਲਿਸਟਾਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸੌਂਪੀਆਂ ਗਈਆਂ ਹਨ।



ਇਸ ਸਬੰਧੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆਂ ਕਿ ਭਾਰਤ ਚੋਣ ਕਮਿਸ਼ਨ, ਨਵੀ ਦਿੱਲੀ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਹਿੱਤ ਜ਼ਿਲ੍ਹਾ ਸੰਗਰੂਰ ਨਾਲ ਸਬੰਧਤ ਪੰਜ ਵਿਧਾਨ ਸਭਾ ਚੋਣ ਹਲਕੇ 099-ਲਹਿਰਾ, 100-ਦਿੜ੍ਹਬਾ, 101-ਸੁਨਾਮ, 107-ਧੂਰੀ ਅਤੇ 108-ਸੰਗਰੂਰ ਦੇ ਚੋਣਕਾਰ ਰਜਿਸਟਰੇਸ਼ਨ ਅਫਸਰਾਂ ਵੱਲੋਂ ਉਨ੍ਹਾਂ ਦੇ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਪ੍ਰਾਪਤ ਹੋਏ ਦਾਅਵਿਆਂ ਅਤੇ ਇਤਰਾਜ਼ਾਂ ਦੀਆਂ ਲਿਸਟਾਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਸਾਂਝੀਆਂ ਕਰ ਦਿੱਤੀਆਂ ਗਈਆ ਹਨ।

ਇਨ੍ਹਾਂ ਸੂਚੀਆਂ ਨੂੰ ਸਾਂਝਾ ਕਰਨ ਦਾ ਮੁੱਖ ਉਦੇਸ਼ ਵੋਟਰ ਸੂਚੀ ਦੀ ਤਿਆਰੀ ਦੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਬਣਾਈ ਰੱਖਣਾ ਅਤੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਪ੍ਰਾਪਤ ਹੋਏ ਦਾਅਵਿਆਂ ਅਤੇ ਇਤਰਾਜ਼ਾਂ ਦੀ ਜਾਂਚ/ਪੜਤਾਲ ਲਈ ਲੋੜੀਂਦੀ ਜਾਣਕਾਰੀ ਉਪਲਬਧ ਕਰਵਾਉਣਾ ਹੈ।

ਵੈਟਨਰੀ ਯੂਨੀਵਰਸਿਟੀ ਵੱਲੋਂ ਮੁੱਖ ਮੰਤਰੀ ਪੁਰਸਕਾਰ ਜੇਤੂ ਅਗਾਂਹਵਧੂ ਪਸ਼ੂ ਪਾਲਕਾਂ ਦਾ ਐਲਾਨ

ਲੁਧਿਆਣਾ, 15 ਸਤੰਬਰ
(ਪੈ.ਗਾਮ-ਏ-ਜਗਤ)

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ, ਲੁਧਿਆਣਾ ਵੱਲੋਂ 18-19 ਸਤੰਬਰ 2026 ਨੂੰ ਕਰਵਾਏ ਜਾਣ ਵਾਲੇ 'ਪਸ਼ੂ ਪਾਲਣ ਮੇਲੇ' ਦੌਰਾਨ ਰਾਜ ਦੇ ਅਗਾਂਹਵਧੂ ਪਸ਼ੂ ਪਾਲਕਾਂ ਨੂੰ 'ਮੁੱਖ ਮੰਤਰੀ ਪੁਰਸਕਾਰ' ਦਿੱਤੇ ਜਾਣਗੇ। ਡਾ. ਰਵਿੰਦਰ ਸਿੰਘ ਗਰੇਵਾਲ, ਪਸਾਰ ਸਿੱਖਿਆ ਨਿਰਦੇਸ਼ਕ ਨੇ ਇਨ੍ਹਾਂ ਪੁਰਸਕਾਰ ਜੇਤੂਆਂ ਦੇ ਨਾਂਵਾਂ ਦਾ ਐਲਾਨ ਕੀਤਾ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਦਾ ਪਸਾਰ ਮਾਡਲ, ਪਸ਼ੂ ਉਤਪਾਦਨ ਅਤੇ ਉੱਦਮਤਾ ਵਿੱਚ ਨਵੀਨਤਮ ਤਕਨੀਕਾਂ ਨੂੰ ਅਪਣਾਉਣ 'ਤੇ ਕੇਂਦਰਿਤ ਹੈ। ਇਸੇ ਮੰਤਵ ਅਧੀਨ ਇਹ ਪੁਰਸਕਾਰ ਵਧੀਆ ਰਾਹ ਦਸੇਰੇ (ਮਿਸਾਲੀ ਸ਼ਖਸੀਅਤਾਂ) ਵਜੋਂ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਲਈ ਸ਼ੁਰੂ ਕੀਤੇ ਗਏ ਸਨ। ਆਉਂਦੇ ਪਸ਼ੂ ਪਾਲਣ ਮੇਲੇ ਦੌਰਾਨ, ਤਿੰਨ ਸ਼੍ਰੇਣੀਆਂ - ਨਵੀਨਕਾਰੀ ਪਸ਼ੂ ਪਾਲਕ (ਗਾਂ ਪਾਲਕ), ਨਵੀਨਕਾਰੀ ਮੁਰਗੀ ਪਾਲਕ ਅਤੇ ਪਸ਼ੂ







ਉਤਪਾਦਾਂ ਦੇ ਗੁਣਵੱਤਾ ਭਰਪੂਰ ਉਤਪਾਦ ਬਣਾਉਣ ਵਿੱਚ ਉੱਦਮੀ ਤਹਿਤ ਅਗਾਂਹਵਧੂ ਪਸ਼ੂ ਪਾਲਕਾਂ ਨੂੰ 'ਮੁੱਖ ਮੰਤਰੀ ਪੁਰਸਕਾਰ' ਦਿੱਤੇ ਜਾਣਗੇ। ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਚੌਤਰਾ ਦੇ ਵਸਨੀਕ ਸ. ਬਲਵਿੰਦਰ ਸਿੰਘ ਸਪੁੱਤਰ ਸਵਰਗੀ ਸ੍ਰੀ ਸੁਰਜੀਤ ਸਿੰਘ ਦੇ ਨੂੰ 'ਗਾਂ ਪਾਲਕ' ਸ਼੍ਰੇਣੀ ਵਿੱਚ ਸਨਮਾਨਿਤ ਕੀਤਾ ਜਾਵੇਗਾ। ਉਹ ਇੱਕ ਵਧੀਆ ਢੰਗ ਨਾਲ ਕਾਰਜਸ਼ੀਲ ਡੇਅਰੀ ਫਾਰਮ ਚਲਾਉਂਦੇ ਹਨ ਜਿਸ ਵਿੱਚ ਆਧੁਨਿਕ ਮਸ਼ੀਨੀਕਰਨ, ਨਸਲ ਸੁਧਾਰ ਪ੍ਰੋਗਰਾਮ ਅਤੇ ਰਿਕਾਰਡ ਰੱਖਣ ਦੀ ਪ੍ਰਣਾਲੀ ਸ਼ਾਮਲ ਹੈ। ਉਨ੍ਹਾਂ ਦੇ ਫਾਰਮ ਵਿੱਚ ਲਗਭਗ 90 ਗਾਵਾਂ, ਵੱਛੀਆਂ ਅਤੇ ਉੱਚ ਨਸਲ ਦੇ ਪਸ਼ੂ ਹਨ, ਜਿਨ੍ਹਾਂ ਤੋਂ ਰੋਜ਼ਾਨਾ ਲਗਭਗ 12 ਕੁਇੰਟਲ ਦੁੱਧ ਦਾ ਉਤਪਾਦਨ ਹੁੰਦਾ ਹੈ। ਫਾਰਮ ਵਿੱਚ ਦੁੱਧ ਚੁਆਈ ਲਈ ਇੱਕ ਆਧੁਨਿਕ 'ਮਿਲਕਿੰਗ ਪਾਰਲਰ' ਮੌਜੂਦ ਹੈ ਤਾਂ ਜੋ ਘੱਟ ਤੋਂ ਘੱਟ ਮਨੁੱਖੀ ਸੰਪਰਕ ਨਾਲ ਮਿਆਰੀ ਦੁੱਧ ਦਾ ਉਤਪਾਦਨ ਯਕੀਨੀ ਬਣਾਇਆ ਜਾ ਸਕੇ। ਜ਼ਿਲ੍ਹਾ ਸੰਗਰੂਰ ਦੇ ਵਸਨੀਕ ਸ੍ਰੀ ਰਾਜੇਸ਼ ਗਰਗ ਸਪੁੱਤਰ ਸ੍ਰੀ ਚਮਨ ਲਾਲ ਨੂੰ 'ਨਵੀਨਕਾਰੀ ਮੁਰਗੀ ਪਾਲਕ' ਸ਼੍ਰੇਣੀ ਵਿੱਚ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਦਾ ਪੋਲਟਰੀ ਫਾਰਮ 15 ਏਕੜ ਵਿੱਚ ਫੈਲਿਆ ਹੋਇਆ ਹੈ ਅਤੇ ਇਸ ਵਿੱਚ ਵਾਤਾਵਰਣ-ਨਿਯੰਤਰਿਤ ਸ਼ੈੱਡਾਂ ਅੰਦਰ 4.50 ਲੱਖ ਆਂਡੇ ਦੇਣ ਵਾਲੀਆਂ ਮੁਰਗੀਆਂ ਅਤੇ 2 ਲੱਖ ਚੂਚੇ ਤੇ ਪਾਲੇ ਜਾ ਰਹੇ ਪੰਛੀ ਮੌਜੂਦ ਹਨ। ਵਾਤਾਵਰਣ-ਪੱਖੀ ਰਹਿੰਦ-ਖੂੰਹਦ ਪ੍ਰਬੰਧਨ ਤਕਨੀਕ ਨੂੰ ਅਪਣਾਉਣ ਲਈ ਉਨ੍ਹਾਂ ਨੂੰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਮਾਨਤਾ ਦਿੱਤੀ ਗਈ ਹੈ। ਉਹ ਨੇੜਲੇ ਹਸਪਤਾਲ ਵਿੱਚ ਮਰੀਜ਼ਾਂ ਨੂੰ ਸਹਾਇਤਾ ਪ੍ਰਦਾਨ ਕਰਕੇ ਸਮਾਜ ਦੀ ਸੇਵਾ ਵੀ ਕਰ ਰਹੇ ਹਨ।

ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਤਹਿਤ 44 ਪਿੰਡਾਂ ਦੇ ਵਿਲੇਜ ਡਿਵੈਲਪਮੈਂਟ ਪਲਾਨ ਮਨਜ਼ੂਰ

ਸਾਹਿਬਜ਼ਾਦਾ ਅਜੀਤ ਸਿੰਘ ਨਗਰ,
15 ਸਤੰਬਰ (ਪੈ.ਗਾਮ-ਏ-ਜਗਤ)

ਸ੍ਰੀਮਤੀ ਸੋਨਮ ਚੌਧਰੀ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦੀ ਪ੍ਰਧਾਨਗੀ ਹੇਠ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐਸ.ਏ.ਐਸ. ਨਗਰ ਵਿਖੇ ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਸਕੀਮ ਤਹਿਤ ਜ਼ਿਲ੍ਹਾ ਪੱਧਰੀ ਕੰਨਵਰਜੈਂਸ ਕਮੇਟੀ ਦੀ ਮੀਟਿੰਗ ਕਰਵਾਈ ਗਈ। ਮੀਟਿੰਗ ਦੌਰਾਨ ਜ਼ਿਲ੍ਹੇ ਨਾਲ ਸਬੰਧਤ 44 ਪਿੰਡਾਂ ਦੇ ਵਿਲੇਜ ਡਿਵੈਲਪਮੈਂਟ ਪਲਾਨ ਨੂੰ ਮਨਜ਼ੂਰੀ ਦਿੱਤੀ ਗਈ। ਇਨ੍ਹਾਂ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਹੋਰ ਲੋੜੀਂਦੇ ਕੰਮਾਂ ਲਈ 20 ਲੱਖ ਰੁਪਏ ਪ੍ਰਤੀ ਪਿੰਡ ਦੇ ਹਿਸਾਬ ਨਾਲ ਗ੍ਰਾਂਟ ਮੁਹੱਈਆ ਕਰਵਾਈ ਜਾਵੇਗੀ। ਅਧਿਕਾਰੀਆਂ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸ਼ੁਰੂਆਤੀ ਚਰਨ ਵਿੱਚ 11 ਪਿੰਡਾਂ ਨੂੰ ਗ੍ਰਾਂਟ ਪ੍ਰਾਪਤ ਹੋ ਰਹੀ ਹੈ, ਜਦਕਿ ਬਾਕੀ ਪਿੰਡਾਂ ਨੂੰ ਵੀ ਅਗਲੇ ਪੜਾਅ ਵਿੱਚ ਗ੍ਰਾਂਟ ਮੁਹੱਈਆ



ਕਰਵਾਈ ਜਾਵੇਗੀ। ਇਸ ਗ੍ਰਾਂਟ ਦੀ ਵਰਤੋਂ ਪਿੰਡਾਂ ਦੀਆਂ ਲੋੜਾਂ ਅਨੁਸਾਰ ਸੋਲਰ ਲਾਈਟਾਂ ਲਗਾਉਣ, ਲਿਕਵਿਡ ਵੇਸਟ ਮੈਨੇਜਮੈਂਟ, ਸੋਲਿਡ ਵੇਸਟ ਮੈਨੇਜਮੈਂਟ, ਆਂਗਨਵਾੜੀ ਕੇਂਦਰਾਂ ਨਾਲ ਸਬੰਧਤ ਕੰਮਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਕੀਤੀ ਜਾਵੇਗੀ। ਇਹ ਕੰਮ ਸਬੰਧਤ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਦੇ ਸਹਿਯੋਗ ਅਤੇ ਸਾਂਝੇ ਤਾਲਮੇਲ ਨਾਲ ਕਰਵਾਏ ਜਾਣਗੇ। ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਮਨਜ਼ੂਰ ਕੀਤੇ ਵਿਲੇਜ ਡਿਵੈਲਪਮੈਂਟ ਪਲਾਨ ਅਨੁਸਾਰ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਆਧਾਰ 'ਤੇ ਅਮਲ ਵਿੱਚ ਲਿਆਂਦਾ ਜਾਵੇ ਅਤੇ ਗ੍ਰਾਂਟ ਦੀ ਸੁਚੱਜੀ ਤੇ ਪਾਰਦਰਸ਼ੀ ਵਰਤੋਂ ਯਕੀਨੀ ਬਣਾਈ ਜਾਵੇ।

ਦਿੜ੍ਹਬਾ ਵਿਖੇ ਬੱਕਰੀ ਪਾਲਣ ਸਿਖਲਾਈ ਦੇ ਦੂਜੇ ਪੜਾਅ ਤਹਿਤ 45 ਸਿਖਿਆਰਥੀਆਂ ਨੂੰ 3-ਰੋਜ਼ਾ ਸਿਖਲਾਈ ਦੇਣ ਦੀ ਸ਼ੁਰੂਆਤ

ਨੌਜਵਾਨ ਸਹਾਇਕ ਕਿੱਤੇ ਅਪਣਾ ਕੇ ਸੂਬੇ ਵਿੱਚ ਹੀ ਬਣਨ ਆਤਮ-ਨਿਰਭਰ: ਐਸ.ਡੀ.ਐਮ.ਤਰਸੇਮ ਚੰਦ

ਦਿੜ੍ਹਬਾ, 15 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਅਤੇ ਕਿਸਾਨਾਂ ਨੂੰ ਰਵਾਇਤੀ ਰੁਜ਼ਗਾਰ ਦੇ ਨਾਲ-ਨਾਲ ਲਾਹੇਵੰਦ ਸਹਾਇਕ ਕਿੱਤਿਆਂ ਨਾਲ ਜੋੜ ਕੇ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਐਸ.ਡੀ.ਐਮ. ਦਫ਼ਤਰ ਦਿੜ੍ਹਬਾ ਦੇ ਮੀਟਿੰਗ ਹਾਲ ਵਿਖੇ ਬੱਕਰੀ ਪਾਲਣ ਸਿਖਲਾਈ ਕੈਂਪ ਦੇ ਦੂਜੇ ਪੜਾਅ ਤਹਿਤ 45 ਸਿਖਿਆਰਥੀਆਂ ਨੂੰ ਤਿੰਨ ਰੋਜ਼ਾ ਵਿਸ਼ੇਸ਼ ਸਿਖਲਾਈ ਦੇਣ ਦੀ ਸ਼ੁਰੂਆਤ ਕੀਤੀ ਗਈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਉਪ ਮੰਡਲ ਮੈਜਿਸਟਰੇਟ ਦਿੜ੍ਹਬਾ ਸ਼੍ਰੀ ਤਰਸੇਮ ਚੰਦ ਨੇ ਦੱਸਿਆ ਕਿ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਪੂਨਮਦੀਪ ਕੌਰ ਦੀ ਅਗਵਾਈ ਵਿੱਚ ਸਬ-ਡਵੀਜ਼ਨ ਦੇ ਨੌਜਵਾਨਾਂ ਅਤੇ ਕਿਸਾਨਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਸਵੈ-ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਮੁਹੱਈਆ ਕਰਵਾਉਣ ਲਈ ਪ੍ਰਸ਼ਾਸਨ ਵੱਲੋਂ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਬੱਕਰੀ ਪਾਲਣ ਸਿਖਲਾਈ ਦੇ ਪਹਿਲੇ ਪੜਾਅ ਦੌਰਾਨ 53 ਸਿਖਿਆਰਥੀਆਂ ਨੂੰ ਸਿਖਲਾਈ ਦਿੱਤੀ ਗਈ ਸੀ ਅਤੇ ਇਸ ਦੀ ਸਫ਼ਲਤਾ ਤੇ ਲੋਕਾਂ ਵੱਲੋਂ ਮਿਲੇ ਭਰਵੇਂ ਹੁੰਗਾਰੇ ਨੂੰ ਦੇਖਦਿਆਂ ਦੂਜੇ ਪੜਾਅ ਤਹਿਤ 45 ਹੋਰ ਸਿਖਿਆਰਥੀਆਂ ਨੂੰ ਤਿੰਨ ਰੋਜ਼ਾ ਸਿਖਲਾਈ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ।

ਸ਼੍ਰੀ ਤਰਸੇਮ ਚੰਦ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਮਿਹਨਤ, ਹੁਨਰ ਅਤੇ ਅੱਗੇ ਵਧਣ ਦੀ ਅਥਾਹ ਸਮਰੱਥਾ ਹੈ ਅਤੇ ਜੇਕਰ ਉਨ੍ਹਾਂ ਨੂੰ ਸਹੀ ਸਿਖਲਾਈ, ਤਕਨੀਕੀ ਮਾਰਗਦਰਸ਼ਨ ਅਤੇ ਵਿੱਤੀ ਸਹਾਇਤਾ ਮਿਲੇ ਤਾਂ ਉਹ ਆਪਣੇ ਸੂਬੇ ਵਿੱਚ ਰਹਿ ਕੇ ਹੀ ਸਫ਼ਲ ਉੱਦਮੀ ਬਣ ਸਕਦੇ ਹਨ। ਉਨ੍ਹਾਂ ਕਿਹਾ ਕਿ ਅੱਜ ਬਹੁਤ ਸਾਰੇ ਪਰਿਵਾਰ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜਣ ਲਈ 20 ਤੋਂ 25 ਲੱਖ ਰੁਪਏ ਤੱਕ ਖ਼ਰਚ ਕਰਦੇ ਹਨ। ਜੇਕਰ ਇਸ ਰਕਮ ਦਾ ਇੱਕ ਹਿੱਸਾ ਵੀ ਬੱਚਿਆਂ ਦੇ ਹੁਨਰ ਅਤੇ ਸਵੈ-ਰੁਜ਼ਗਾਰ 'ਤੇ ਲਗਾਇਆ ਜਾਵੇ ਤਾਂ ਉਹ 5 ਤੋਂ 10 ਲੱਖ ਰੁਪਏ ਦੀ ਲਾਗਤ ਨਾਲ ਬੱਕਰੀ ਪਾਲਣ, ਡੇਅਰੀ ਫਾਰਮਿੰਗ, ਮੁਰਗੀ ਪਾਲਣ, ਮੱਛੀ ਪਾਲਣ ਜਾਂ ਹੋਰ ਸਹਾਇਕ ਕਿੱਤਾ ਸ਼ੁਰੂ ਕਰਕੇ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਦੇ ਹਨ।

ਉਨ੍ਹਾਂ ਸਿਖਿਆਰਥੀਆਂ ਨੂੰ ਸਲਾਹ ਦਿੱਤੀ ਕਿ ਕਿਸੇ ਵੀ ਸਹਾਇਕ ਕਿੱਤੇ ਦੀ ਸ਼ੁਰੂਆਤ ਛੋਟੇ ਪੱਧਰ ਤੋਂ ਕੀਤੀ ਜਾਵੇ ਅਤੇ ਵਿਹਾਰਕ ਤਜਰਬਾ ਹਾਸਲ ਕਰਨ ਉਪਰੰਤ ਹੌਲੀ-ਹੌਲੀ ਕਾਰੋਬਾਰ ਦਾ ਵਿਸਥਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਿਰਫ਼ ਸਿਖਲਾਈ ਦੇਣਾ ਹੀ ਪ੍ਰਸ਼ਾਸਨ ਦਾ ਮਕਸਦ ਨਹੀਂ, ਸਗੋਂ ਸਿਖਲਾਈ ਲੈਣ ਵਾਲੇ ਯੋਗ ਉਮੀਦਵਾਰਾਂ ਨੂੰ ਸਵੈ-ਰੁਜ਼ਗਾਰ ਸਥਾਪਤ ਕਰਨ ਤੱਕ ਲੋੜੀਂਦਾ ਮਾਰਗਦਰਸ਼ਨ ਮੁਹੱਈਆ ਕਰਵਾਉਣਾ ਵੀ ਇਸ ਪਹਿਲ ਦਾ ਅਹਿਮ ਹਿੱਸਾ ਹੈ।

ਐਸ.ਡੀ.ਐਮ. ਨੇ ਦੱਸਿਆ ਕਿ ਸਿਖਲਾਈ ਪ੍ਰਾਪਤ ਕਰਨ ਵਾਲੇ ਜਿਹੜੇ ਉਮੀਦਵਾਰ ਬੈਂਕਾਂ ਅਤੇ ਸਬੰਧਤ ਯੋਜਨਾਵਾਂ ਦੀਆਂ ਨਿਰਧਾਰਤ ਸ਼ਰਤਾਂ ਪੂਰੀਆਂ ਕਰਨਗੇ, ਉਨ੍ਹਾਂ ਦੇ ਕਰਜ਼ਾ ਕੇਸ ਅੱਗੇ ਵਧਾਉਣ ਲਈ ਪ੍ਰਸ਼ਾਸਨ ਵੱਲੋਂ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਐਸ.ਸੀ. ਅਤੇ ਬੀ.ਸੀ. ਵਰਗ ਨਾਲ ਸਬੰਧਤ ਯੋਗ ਲਾਭਪਾਤਰੀਆਂ ਦੇ ਕੇਸ ਸਬੰਧਤ ਕਾਰਪੋਰੇਸ਼ਨਾਂ ਰਾਹੀਂ ਬੈਂਕਾਂ ਕੋਲ ਭੇਜਣ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੀਡ ਬੈਂਕ ਮੈਨੇਜਰ (ਐਲ.ਡੀ.ਐਮ.) ਅਤੇ ਸਬੰਧਤ ਅਦਾਰਿਆਂ ਨਾਲ ਤਾਲਮੇਲ ਕਰਕੇ ਕੇਸਾਂ ਦਾ ਨਿਰੰਤਰ ਫਾਲੋ-ਅੱਪ ਕੀਤਾ ਜਾਵੇਗਾ ਤਾਂ ਜੋ ਯੋਗ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਪ੍ਰਾਪਤ ਕਰਨ ਵਿੱਚ ਬੇਲੋੜੀ ਦੇਰੀ ਨਾ ਹੋਵੇ।

ਐਸ.ਡੀ.ਐਮ. ਨੇ ਬੱਕਰੀ ਨੂੰ ਪੇਂਡੂ ਅਰਥਚਾਰੇ ਲਈ 'ਚਲਦਾ-ਫਿਰਦਾ ਏ.ਟੀ.ਐਮ.' ਕਰਾਰ ਦਿੰਦਿਆਂ ਕਿਹਾ ਕਿ ਲੋੜ ਪੈਣ 'ਤੇ ਪਸ਼ੂ ਪਾਲਕ ਇਸ ਨੂੰ ਵੇਚ ਕੇ ਤੁਰੰਤ ਨਕਦੀ ਪ੍ਰਾਪਤ ਕਰ ਸਕਦਾ ਹੈ, ਜਦਕਿ ਦੁੱਧ, ਮੀਟ, ਨਸਲ ਸੁਧਾਰ ਸਮੇਤ ਵੱਖ ਵੱਖ ਢੰਗਾਂ ਰਾਹੀਂ ਵੀ ਆਮਦਨ ਪ੍ਰਾਪਤ ਕੀਤੀ ਜਾ ਸਕਦੀ ਹੈ। ਬੱਕਰੀ ਪਾਲਣ ਦੇ ਮਾਹਿਰ ਡਾ. ਜਤਿੰਦਰਪਾਲ ਸਿੰਘ ਵੱਲੋਂ ਸਿਖਿਆਰਥੀਆਂ ਨੂੰ ਵਪਾਰਕ ਪੱਧਰ 'ਤੇ ਲਾਹੇਵੰਦ ਬੱਕਰੀਆਂ ਦੀਆਂ ਉੱਤਮ ਨਸਲਾਂ, ਉਨ੍ਹਾਂ ਦੀ ਪਛਾਣ, ਢੁਕਵੀਂ ਨਸਲ ਦੀ ਚੋਣ ਅਤੇ ਨਸਲ ਸੁਧਾਰ ਸਬੰਧੀ ਤਕਨੀਕੀ ਨੁਕਤੇ ਸਮਝਾਏ ਗਏ। ਇਸੇ ਤਰ੍ਹਾਂ ਵੈਟਰਨਰੀ ਹਸਪਤਾਲ ਮਹਿਲਾਂ ਤੋਂ ਪਸ਼ੂ ਖ਼ੁਰਾਕ ਮਾਹਿਰ ਡਾ. ਅਨੁਰੀਤ ਵੱਲੋਂ ਬੱਕਰੀਆਂ ਦੀ ਸੰਤੁਲਿਤ ਖ਼ੁਰਾਕ, ਫੀਡ ਪ੍ਰਬੰਧਨ, ਵੱਖ-ਵੱਖ ਉਮਰ ਦੇ ਪਸ਼ੂਆਂ ਦੀਆਂ ਖ਼ੁਰਾਕੀ ਲੋੜਾਂ ਅਤੇ ਨਵਜੰਮੇ ਮੇਮਣਿਆਂ ਦੀ ਸਾਂਭ-ਸੰਭਾਲ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਡਾ. ਸ਼ਿਵਿੰਦਰਪਾਲ ਨੇ ਕਿਹਾ ਕਿ ਬੱਕਰੀ ਪਾਲਣ ਘੱਟ ਅਤੇ ਦਰਮਿਆਨੀ ਪੂੰਜੀ ਨਾਲ ਸ਼ੁਰੂ ਕੀਤਾ ਜਾ ਸਕਣ ਵਾਲਾ ਇੱਕ ਲਾਹੇਵੰਦ ਸਹਾਇਕ ਕਿੱਤਾ ਹੈ। ਇਸ ਕਿੱਤੇ ਨੂੰ ਵਿਗਿਆਨਕ ਢੰਗ ਨਾਲ ਅਪਣਾ ਕੇ ਕਿਸਾਨ ਅਤੇ ਨੌਜਵਾਨ ਦੁੱਧ, ਮੀਟ, ਨਸਲ ਸੁਧਾਰ ਅਤੇ ਹੋਰ ਉਤਪਾਦਾਂ ਰਾਹੀਂ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਬੱਕਰੀਆਂ ਦੀ ਚੰਗੀ ਨਸਲ ਦੀ ਚੋਣ, ਸੰਤੁਲਿਤ ਖ਼ੁਰਾਕ, ਸਮੇਂ ਸਿਰ ਟੀਕਾਕਰਨ, ਬਿਮਾਰੀਆਂ ਤੋਂ ਬਚਾਅ ਅਤੇ ਸਾਫ਼-ਸੁਥਰੀ ਰਿਹਾਇਸ਼ ਇਸ ਕਿੱਤੇ ਦੀ ਸਫ਼ਲਤਾ ਲਈ ਬਹੁਤ ਮਹੱਤਵਪੂਰਨ ਹਨ।

ਡਾ. ਸ਼ਿਵਿੰਦਰਪਾਲ ਨੇ ਦੱਸਿਆ ਕਿ ਸਿਖਿਆਰਥੀਆਂ ਨੂੰ ਕੇਂਦਰ ਸਰਕਾਰ ਦੇ ਨੈਸ਼ਨਲ ਲਾਈਵਸਟਾਕ ਮਿਸ਼ਨ (ਐਨ.ਐਲ.ਐਮ.) ਸਮੇਤ ਪਸ਼ੂ ਪਾਲਣ ਨਾਲ ਸਬੰਧਤ ਵੱਖ-ਵੱਖ ਸਰਕਾਰੀ ਯੋਜਨਾਵਾਂ, ਵਿੱਤੀ ਸਹਾਇਤਾ ਅਤੇ ਯੋਗ ਪ੍ਰੋਜੈਕਟਾਂ ਲਈ ਉਪਲਬਧ ਸਬਸਿਡੀ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਯੋਜਨਾ ਦੇ ਨਿਯਮਾਂ ਅਤੇ ਪ੍ਰੋਜੈਕਟ ਦੀ ਸ਼੍ਰੇਣੀ ਅਨੁਸਾਰ ਯੋਗ ਲਾਭਪਾਤਰੀਆਂ ਨੂੰ ਸਬਸਿਡੀ ਦਾ ਲਾਭ ਮਿਲ ਸਕਦਾ ਹੈ। ਉਮੀਦਵਾਰਾਂ ਨੂੰ ਪ੍ਰੋਜੈਕਟ ਰਿਪੋਰਟ, ਲੋੜੀਂਦੇ ਦਸਤਾਵੇਜ਼ ਅਤੇ ਆਨਲਾਈਨ ਅਰਜ਼ੀ ਪ੍ਰਕਿਰਿਆ ਸਬੰਧੀ ਵੀ ਮਾਰਗਦਰਸ਼ਨ ਦਿੱਤਾ ਗਿਆ।

ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ ਦੇ ਗਣਿਤ ਵਿਭਾਗ ਵੱਲੋਂ ਇੰਡਸਟਰੀ-ਅਕਾਦਮਿਕ ਐਕਸਪਰਟ ਲੈਕਚਰ ਵੀਕ (14 ਤੋਂ 18 ਸਤੰਬਰ 2026) ਦੇ ਤਹਿਤ ਇੱਕ ਵਿਸ਼ੇਸ਼ ਗਿਆਨ ਲੈਕਚਰ ਦਾ ਆਯੋਜਨ ਕੀਤਾ ਗਿਆ

ਚੰਡੀਗੜ੍ਹ, 15 ਸਤੰਬਰ
(ਪੈ.ਗਾਮ-ਏ-ਜਗਤ)

ਉਦਯੋਗ-ਅਕਾਦਮਿਕ ਲੈਕਚਰ ਹਫ਼ਤੇ ਦੇ ਹਿੱਸੇ ਵਜੋਂ, ਪੰਜਾਬ ਇੰਜੀਨੀਅਰਿੰਗ ਕਾਲਜ (ਡੀਮਡ ਟੂ ਬੀ ਯੂਨੀਵਰਸਿਟੀ), ਚੰਡੀਗੜ੍ਹ ਦੇ ਗਣਿਤ ਵਿਭਾਗ ਵੱਲੋਂ 15 ਸਤੰਬਰ 2026 ਨੂੰ L-26 ਵਿੱਚ "ਇੰਜੀਨੀਅਰਿੰਗ ਵਿੱਚ 19 ਕ੍ਰਾਂਤੀ: ਮੌਕੇ, ਸਾਧਨ ਅਤੇ ਐਪਲੀਕੇਸ਼ਨ" ਵਿਸ਼ੇ 'ਤੇ ਇੱਕ ਵਿਸ਼ੇਸ਼ਗਿਆਨ ਲੈਕਚਰ ਦਾ ਆਯੋਜਨ ਕੀਤਾ ਗਿਆ।



ਇਹ ਲੈਕਚਰ ਡਾ. ਗੌਰਵ ਕੁਮਾਰ, ਡਾਇਰੈਕਟਰ, ਮੈਗਮਾ ਰਿਸਰਚ ਐਂਡ ਕੰਸਲਟੈਂਸੀ ਸਰਵਿਸਿਜ਼, ਅੰਬਾਲਾ ਕੈਂਟ ਵੱਲੋਂ ਦਿੱਤਾ ਗਿਆ। ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਕ੍ਰਿਤ੍ਰਿਮ ਬੁੱਧੀਮਤਾ (19) ਦੇ ਤੇਜ਼ੀ ਨਾਲ ਵਿਕਸਿਤ ਹੋ ਰਹੇ ਖੇਤਰ ਅਤੇ ਇੰਜੀਨੀਅਰਿੰਗ ਤੇ ਤਕਨੀਕੀ ਐਪਲੀਕੇਸ਼ਨਾਂ ਵਿੱਚ ਇਸਦੀ ਵਧ ਰਹੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ।

ਲੈਕਚਰ ਦੌਰਾਨ ਡਾ. ਗੌਰਵ ਕੁਮਾਰ ਨੇ ਇੰਜੀਨੀਅਰਿੰਗ ਦੇ ਖੇਤਰ ਵਿੱਚ 19 ਦੀ ਬਦਲਾਅਕਾਰੀ ਭੂਮਿਕਾ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਆਧੁਨਿਕ ਇੰਜੀਨੀਅਰਿੰਗ ਅਭਿਆਸਾਂ ਨਾਲ 19 ਦੇ ਏਕੀਕਰਨ ਤੋਂ ਉੱਭਰ ਰਹੇ ਵੱਖ-ਵੱਖ ਮੌਕਿਆਂ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਵੱਖ-ਵੱਖ 19 ਸਾਧਨਾਂ ਅਤੇ ਤਕਨਾਲੋਜੀਆਂ ਨਾਲ ਜਾਣ-ਪਛਾਣ ਕਰਵਾਈ ਅਤੇ ਇੰਜੀਨੀਅਰਿੰਗ ਦੇ ਵੱਖ-ਵੱਖ ਖੇਤਰਾਂ ਵਿੱਚ ਉਨ੍ਹਾਂ ਦੇ ਸੰਭਾਵਿਤ ਉਪਯੋਗਾਂ ਬਾਰੇ ਵਿਸਥਾਰ ਨਾਲ ਸਮਝਾਇਆ। ਵਕਤਾ ਨੇ ਅਸਲ ਜ਼ਿੰਦਗੀ ਦੀਆਂ ਇੰਜੀਨੀਅਰਿੰਗ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਲਈ ਲੋੜੀਂਦੇ ਹੁਨਰ ਵਿਕਸਿਤ ਕਰਨ ਅਤੇ ਨਵੇਂ 19-ਆਧਾਰਿਤ ਸਾਧਨਾਂ ਨੂੰ ਅਪਣਾਉਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਇਹ ਲੈਕਚਰ ਬਹੁਤ ਹੀ ਜਾਣਕਾਰੀਪੂਰਨ ਅਤੇ ਰੁਚਿਕਰ ਰਿਹਾ। ਇਸ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਉਦਯੋਗਿਕ ਖੇਤਰ ਦੇ ਪੇਸ਼ੇਵਰਾਂ ਸਮੇਤ ਵੱਖ-ਵੱਖ ਵਰਗਾਂ ਦੇ ਸਰੋਤਿਆਂ ਨੇ ਉਤਸ਼ਾਹ ਨਾਲ ਭਾਗ ਲਿਆ। ਅੰਤ ਵਿੱਚ ਹੋਏ ਇੰਟਰਐਕਟਿਵ ਪ੍ਰਸ਼ਨੋੱਤਰੀ ਸੈਸ਼ਨ ਨੇ ਭਾਗੀਦਾਰਾਂ ਨੂੰ ਆਪਣੀਆਂ ਸ਼ੰਕਾਵਾਂ ਦੂਰ ਕਰਨ ਅਤੇ ਤਕਨਾਲੋਜੀ-ਆਧਾਰਿਤ ਉਦਯੋਗਾਂ ਵਿੱਚ ਕਰੀਅਰ ਦੀਆਂ ਸੰਭਾਵਨਾਵਾਂ ਬਾਰੇ ਡੂੰਘੀ ਜਾਣਕਾਰੀ ਪ੍ਰਾਪਤ ਕਰਨ ਦਾ ਮੌਕਾ ਦਿੱਤਾ।

ਹਲਕਾ ਚੱਬੇਵਾਲ ਦੇ ਪਿੰਡ ਬਾੜੀਆਂ 'ਚ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਵੀ ਘਟਨਾ

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਲੋਕ ਸਭਾ ਹੁਸ਼ਿਆਰਪੁਰ ਦੇ ਹਲਕਾ ਚੱਬੇਵਾਲ ਦੇ ਪਿੰਡ ਬਾੜੀਆਂ ਕਲਾਂ ਦੀ ਪਾਰਕ ਵਿੱਚ ਲੱਗੇ ਭਾਰਤੀ ਸੰਵਿਧਾਨ ਨਿਰਮਾਤਾ , ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਬੇਅਦਵੀ ਦੀ ਖਬਰ ਫੈਲਦਿਆਂ ਹੀ ਲੋਕਾਂ ਅੰਦਰ ਰੋਸ ਦੀ ਲਹਿਰ ਫੈਲ ਗਈ ਅਤੇ ਬਾਬਾ ਸਾਹਿਬ ਦੇ ਸ਼ਰਧਾਲੂ ਪਿੰਡ ਬਾੜੀਆਂ ਵਿਖੇ ਇਕੱਠੇ ਹੋਣੇ ਸ਼ੁਰੂ ਹੋ ਗਏ ਅਤੇ ਬੁੱਤ ਦੀ ਬੇਅਦਵੀ ਤੇ ਸਰਕਾਰ ਖਿਲਾਫ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਇਸ ਮੌਕੇ ਬਹੁਜਨ ਸਮਾਜ ਪਾਰਟੀ ਦੇ ਆਗੂ ਅਤੇ ਵਰਕਰ ਭਾਰੀ ਗਿਣਤੀ ਵਿੱਚ ਇਕੱਠੇ ਹੋ ਗਏ ਜਿਨ੍ਹਾਂ ਨੇ ਰੋਸ ਵਜੋਂ ਧਰਨਾ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ। ਇਸ ਮੌਕੇ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਵੀ ਪਹੁੰਚੇ ਜਿਨ੍ਹਾਂ ਨੇ ਬਾੜੀਆਂ ਕਲਾਂ ਵਿਖੇ 12ਵੀਂ ਬਾਰ ਹੋਈ ਬੇਅਦਵੀ ਲਈ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ। ਇਸ ਮੌਕੇ ਕਰੀਮਪੁਰੀ ਨੇ ਕਿਹਾ ਕਿ ਪਹਿਲੀ ਘਟਨਾ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਈ ਉਸਤੋਂ ਉਪਰੰਤ ਗੜ੍ਹਸ਼ੰਕਰ, ਲੁਧਿਆਣਾ ਸਮੇਤ 11 ਬਾਰ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਵੀ ਹੋਈ ਜਿਸਤੋਂ ਸਰਕਾਰਾਂ ਨੇ ਕੋਈ ਸਬਕ ਨਹੀਂ ਸਿੱਖਿਆ। ਕੇਂਦਰ ਦੀ ਭਾਜਪਾ ਸਰਕਾਰ, ਦੇਸ਼ ਦਾ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਤੇ ਪੰਜਾਬ ਦੀ ਆਪ ਸਰਕਾਰ ਅਤੇ ਪੰਜਾਬ ਦਾ ਮੁੱਖ ਮੰਤਰੀ ਨੇ ਇਸ ਸਬੰਧੀ ਕੋਈ ਬਿਆਨ ਨਹੀਂ ਜਾਰੀ ਕੀਤਾ। ਕਰੀਮਪੁਰੀ ਨੇ ਕਿਹਾ ਕਿ ਬੜੀ ਹੈਰਾਨੀ ਦੀ ਗੱਲ ਹੈ ਕਿ ਵਿਦੇਸ਼ ਵਿੱਚ ਬੈਠਾ ਵਿਅਕਤੀ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਵੀ ਦੀ ਜ਼ਿੰਮੇਵਾਰੀ ਲੈ ਰਿਹਾ ਹੈ ਪਰ ਸਰਕਾਰਾਂ ਖਾਮੋਸ਼ ਬੈਠੀਆਂ ਹਨ।

ਵਾਰਡ ਨੰਬਰ 6 ਵਿੱਚ ਨਗਰ ਨਿਗਮ ਵੱਲੋਂ ਬਣਾਇਆ ਬੈਡਮਿੰਟਨ ਕੋਰਟ ਵਿਧਾਇਕ ਕੁਲਵੰਤ ਸਿੰਘ ਨੇ ਲੋਕਾਂ ਨੂੰ ਕੀਤਾ ਸਮਰਪਿਤ

- ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਨੇ ਠੋਸ ਉਪਰਾਲੇ: ਕੁਲਵੰਤ ਸਿੰਘ
- ਬੈਡਮਿੰਟਨ ਕੋਰਟ ਦੀ ਉਸਾਰੀ ਖਿਡਾਰੀਆਂ ਅਤੇ ਨੌਜਵਾਨਾਂ ਲਈ ਵਰਦਾਨ: ਡਾ. ਸਨੀ ਆਹਲੂਵਾਲੀਆ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 15 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵੱਡੇ ਪੱਧਰ 'ਤੇ ਖੇਡ ਬੁਨਿਆਦੀ ਢਾਂਚਾ ਵਿਕਸਿਤ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਸੂਬੇ ਵਿੱਚ 3100 ਦੇ ਕਰੀਬ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ, ਜਦਕਿ ਵਿਧਾਨ ਸਭਾ ਹਲਕਾ ਐਸ.ਏ.ਐਸ. ਨਗਰ ਵਿੱਚ 32 ਖੇਡ ਸਟੇਡੀਅਮ ਨਿਰਮਾਣ ਅਧੀਨ ਹਨ, ਜਿਨ੍ਹਾਂ ਵਿੱਚੋਂ ਕਈ ਮੁਕੰਮਲ ਹੋ ਚੁੱਕੇ ਹਨ। ਇਹ ਪ੍ਰਗਟਾਵਾ ਵਿਧਾਇਕ ਸ. ਕੁਲਵੰਤ ਸਿੰਘ ਨੇ ਅੱਜ ਵਾਰਡ ਨੰਬਰ 6 ਵਿਖੇ ਮੋਹਾਲੀ ਨਗਰ ਨਿਗਮ ਵੱਲੋਂ ਲਗਭਗ 13 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਬੈਡਮਿੰਟਨ ਕੋਰਟ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਹ ਪ੍ਰਾਜੈਕਟ ਵਾਰਡ ਵਾਸੀਆਂ ਦੀ ਮੰਗ ਤੇ ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਚੇਅਰਮੈਨ ਤੇ ਕੌਂਸਲਰ ਡਾ. ਸਨੀ ਆਹਲੂਵਾਲੀਆ ਦੇ ਯਤਨਾਂ ਸਦਕਾ ਨੇਪਰੇ ਚੜ੍ਹਿਆ ਹੈ।



ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਵੱਲ ਲੈ ਕੇ ਜਾਣਾ ਹੈ। ਉਨ੍ਹਾਂ ਕਿਹਾ ਕਿ ਖੇਡ ਸਹੂਲਤਾਂ ਵਿੱਚ ਵਾਧੇ ਨਾਲ ਨੌਜਵਾਨ ਨਾ ਸਿਰਫ਼ ਤੰਦਰੁਸਤ ਰਹਿਣਗੇ, ਸਗੋਂ ਖੇਡਾਂ ਦੇ ਖੇਤਰ ਵਿੱਚ ਵੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਸਕਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਭਰ ਵਿੱਚ 'ਮੁੱਖ ਮੰਤਰੀ ਯੋਗਸ਼ਾਲਾ' ਤਹਿਤ ਯੋਗਾ ਕਲਾਸਾਂ ਵੀ ਚਲਾਈਆਂ ਜਾ ਰਹੀਆਂ ਹਨ ਅਤੇ ਖੇਡ ਪ੍ਰਬੰਧਕਾਂ ਵੱਲੋਂ ਵੱਖ-ਵੱਖ ਪੱਧਰਾਂ 'ਤੇ ਖੇਡ ਮੇਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਖੇਡਾਂ ਨੂੰ ਦਿੱਤੀ ਜਾ ਰਹੀ ਤਰਜੀਹ ਕਾਰਨ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਰੁਚੀ ਵਧੀ ਹੈ ਅਤੇ ਇਹ ਇੱਕ ਸਿਹਤਮੰਦ ਤੇ ਬਿਹਤਰ ਸਮਾਜ ਦੀ ਸਿਰਜਣਾ ਵੱਲ ਮਹੱਤਵਪੂਰਨ ਕਦਮ ਹੈ।

ਵਿਧਾਇਕ ਕੁਲਵੰਤ ਸਿੰਘ ਨੇ ਕੌਂਸਲਰ ਡਾ. ਸਨੀ ਆਹਲੂਵਾਲੀਆ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਲੋਕਾਂ ਵਿੱਚ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਲੋੜਾਂ ਨੂੰ ਸਮਝਣ ਲਈ ਲਗਾਤਾਰ ਯਤਨਸ਼ੀਲ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਵਾਰਡ ਵਿੱਚ ਬੈਡਮਿੰਟਨ ਕੋਰਟ ਦੀ ਸਹੂਲਤ ਉਪਲਬਧ ਹੋਣ ਨਾਲ ਇਲਾਕੇ ਦੇ ਖਿਡਾਰੀਆਂ, ਖਾਸ ਕਰਕੇ ਨੌਜਵਾਨਾਂ ਨੂੰ ਵੱਡਾ ਲਾਭ ਮਿਲੇਗਾ।

ਇਸ ਮੌਕੇ ਡਾ. ਸਨੀ ਆਹਲੂਵਾਲੀਆ ਨੇ ਕਿਹਾ ਕਿ ਵਾਰਡ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਬੈਡਮਿੰਟਨ ਕੋਰਟ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਹੂਲਤ ਇਲਾਕੇ ਦੇ ਖਿਡਾਰੀਆਂ ਲਈ ਵਰਦਾਨ ਸਾਬਤ ਹੋਵੇਗੀ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗੀ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਐਸ.ਸੀ. ਵਿੰਗ ਦੇ ਸੂਬਾ ਪ੍ਰਧਾਨ ਸ. ਗੁਰਪ੍ਰੀਤ ਸਿੰਘ ਜੀ.ਪੀ., ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਚੇਅਰਮੈਨ ਅਤੇ ਕੌਂਸਲਰ ਡਾ. ਸਨੀ ਆਹਲੂਵਾਲੀਆ, ਮੋਹਾਲੀ ਨਗਰ ਨਿਗਮ ਦੇ ਸੀਨੀਅਰ ਡਿਪਟੀ ਮੇਅਰ ਰਾਜਿੰਦਰ ਪ੍ਰਸਾਦ ਸ਼ਰਮਾ, ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਪ੍ਰਸਿੱਧ ਸਮਾਜ ਸੇਵੀ ਗੁਰਦੀਪ ਸਿੰਘ ਰਾਜਾ ਆਹਲੂਵਾਲੀਆ, ਜਸਵੀਰ ਸਿੰਘ, ਸਵਰਨ ਚੌਧਰੀ, ਡਾ. ਚੰਡੋਕ, ਜਨਕ ਰਾਜ, ਨਛੱਤਰ ਸਿੰਘ ਭੰਗੂ, ਤੇਜਿੰਦਰ ਕੌਰ, ਵਿਸ਼ਵਾ ਮਿੱਤਰ ਵਧਵਾ, ਕੁਲਵਿੰਦਰਜੀਤ ਕੌਰ (ਵਾਰਡ ਇੰਚਾਰਜ ਨੰਬਰ 7), ਹਰਿੰਦਰ ਸਿੰਘ, ਕੁਲਬੀਰ ਸਿੰਘ, ਨਿਰਵੈਰ ਸਿੰਘ, ਹਰਪ੍ਰੀਤ ਸਿੰਘ, ਬਲਜੀਤ ਸਿੰਘ ਹੈਪੀ, ਪ੍ਰਗਟ ਸਿੰਘ ਰਾਏਪੁਰ ਕਲਾਂ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

ਚੌਥਾ ਦਰਜਾ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਸਿਹਤ ਮੰਤਰੀ ਨਾਲ ਮੀਟਿੰਗ

ਚੰਡੀਗੜ੍ਹ, 15 ਸਤੰਬਰ
(ਪੈ.ਗਾਮ-ਏ-ਜਗਤ)

ਪਟਿਆਲਾ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਦੀ ਮੀਟਿੰਗ ਡਾ. ਬਲਬੀਰ ਸਿੰਘ, ਸਿਹਤ ਮੰਤਰੀ ਪੰਜਾਬ, ਨਾਲ ਉਨ੍ਹਾਂ ਦੇ ਦਫ਼ਤਰ ਪੰਜਾਬ ਸਿਵਲ ਸਕੱਤਰੇਤ ਵਿਖੇ ਹੋਈ। ਮੀਟਿੰਗ ਵਿੱਚ ਪੰਜਾਬ ਦੀਆਂ ਸਿਹਤ ਸੰਸਥਾਵਾਂ, ਖੋਜ ਅਤੇ ਮੈਡੀਕਲ ਸੰਸਥਾਵਾਂ, ਆਮ ਆਦਮੀ ਕਲੀਨਿਕਾਂ, ਸਿਵਲ ਹਸਪਤਾਲਾਂ, ਮਾਤਾ ਕੁਸ਼ਲਿਆ ਹਸਪਤਾਲ ਪਟਿਆਲਾ ਅਤੇ ਵੱਖ-ਵੱਖ ਡਿਸਪੈਂਸਰੀਆਂ ਵਿੱਚ ਲੰਮੇ ਸਮੇਂ ਤੋਂ ਕੰਮ ਕਰ ਰਹੇ ਕੰਟਰੈਕਟ, ਆਊਟਸੋਰਸ, ਡੀ.ਸੀ. ਰੇਟ ਅਤੇ ਯੂਜ਼ਰ ਚਾਰਜਿਜ ਅਧੀਨ ਕੰਮ ਕਰਦੇ ਚੌਥਾ ਦਰਜਾ ਕਰਮਚਾਰੀਆਂ ਅਤੇ ਟੈਕਨੀਕਲ ਕਰਮਚਾਰੀਆਂ ਦੀਆਂ ਮੰਗਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।



ਇਨ੍ਹਾਂ ਮੰਗਾਂ ਵਿੱਚ ਵਿਸ਼ੇਸ਼ ਤੌਰ 'ਤੇ ਘੱਟੋ-ਘੱਟ ਉਜਰਤਾਂ ਦੇਣਾ, ਘੱਟੋ-ਘੱਟ ਉਜਰਤਾਂ ਵਿੱਚ ਹੋਏ 15 ਪ੍ਰਤੀਸ਼ਤ ਵਾਧੇ ਨੂੰ ਲਾਗੂ ਕਰਨਾ, ਬਕਾਇਆ ਦੇਣਾ ਅਤੇ ਕੰਟਰੈਕਟ, ਆਊਟਸੋਰਸ ਤੇ ਯੂਜ਼ਰ ਚਾਰਜਿਜ ਅਧੀਨ ਕੰਮ ਕਰਦੇ ਕਰਮਚਾਰੀਆਂ ਨੂੰ ਠੇਕੇਦਾਰੀ ਪ੍ਰਥਾ ਤੋਂ ਨਿਜਾਤ ਦਿਵਾ ਕੇ ਵਿਭਾਗ ਵਿੱਚ ਖਪਾਉਣਾ ਆਦਿ ਇੱਕ ਦਰਜਨ ਮੰਗਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੀਟਿੰਗ ਵਿੱਚ ਸਿਹਤ ਸਕੱਤਰ ਸ੍ਰੀਮਤੀ ਸਾਕਸ਼ੀ ਸਾਹਨੀ, ਆਈ.ਏ.ਐਸ., ਡਾਇਰੈਕਟਰ ਮੈਡੀਕਲ ਖੋਜ ਤੇ ਸਿੱਖਿਆ ਵਿਭਾਗ ਡਾ. ਅਵਨੀਸ਼, ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਡਾ. ਹਰਤਿੰਦਰ ਕੌਰ ਅਤੇ ਦਫ਼ਤਰੀ ਅਮਲਾ ਸ਼ਾਮਲ ਸੀ। ਯੂਨੀਅਨ ਵੱਲੋਂ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਰਾਜੇਸ਼ ਕੁਮਾਰ ਗੋਲੂ, ਸ਼ਿਵ ਚਰਨ, ਅਜੇ ਕੁਮਾਰ ਨਾਭਾ, ਰਾਜੇਸ਼ ਕੁਮਾਰ (ਸੀ.ਐਮ.ਓ.), ਧਰਮਿੰਦਰ ਕੁਮਾਰ (ਮਾਤਾ ਕੁਸ਼ਲਿਆ) ਆਦਿ ਆਗੂ ਸ਼ਾਮਲ ਸਨ।


ਮੀਟਿੰਗ ਵਿੱਚ ਅੱਜ ਵਿਚਾਰੇ ਗਏ ਸਾਰੇ ਮੁੱਦਿਆਂ ਨੂੰ ਰੀਵਿਊ ਕਰਨ ਲਈ ਸਿਹਤ ਮੰਤਰੀ ਵੱਲੋਂ ਇੱਕ ਸਬ-ਕਮੇਟੀ ਦਾ ਗਠਨ ਕੀਤਾ ਗਿਆ। ਇਸ ਦੀ ਅਗਵਾਈ ਸਿਹਤ ਸਕੱਤਰ ਪੰਜਾਬ ਸਰਕਾਰ ਸ੍ਰੀਮਤੀ ਸਾਕਸ਼ੀ ਸਾਹਨੀ ਕਰਨਗੇ। ਇਸ ਵਿੱਚ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਡਾਇਰੈਕਟਰ ਮੈਡੀਕਲ ਖੋਜ ਤੇ ਸਿੱਖਿਆ, ਡਿਪਟੀ ਡਾਇਰੈਕਟਰ ਮਲੇਰੀਆ ਆਦਿ ਅਧਿਕਾਰੀ ਸ਼ਾਮਲ ਹੋਣਗੇ। ਯੂਨੀਅਨ ਵੱਲੋਂ ਪ੍ਰਮੁੱਖ ਆਗੂ ਵੀ ਇਸ ਕਮੇਟੀ ਦਾ ਹਿੱਸਾ ਹੋਣਗੇ।

ਇਹ ਕਮੇਟੀ ਨਿਕਟ ਭਵਿੱਖ ਵਿੱਚ ਵਿਚਾਰੇ ਗਏ ਏਜੰਡੇ ਨੂੰ ਰੀਵਿਊ ਕਰਕੇ ਉਸ ਸਬੰਧੀ ਫੈਸਲੇ ਲਵੇਗੀ ਅਤੇ ਅੱਜ ਕੀਤੇ ਗਏ ਫੈਸਲਿਆਂ ਨੂੰ ਅਸਰਦਾਰ ਢੰਗ ਨਾਲ ਲਾਗੂ ਕਰੇਗੀ। ਇਹ ਮੀਟਿੰਗ ਅਗਲੇ ਹਫ਼ਤੇ ਬੁਲਾਏ ਜਾਣ ਦੀ ਸੰਭਾਵਨਾ ਹੈ। ਮਾਨਯੋਗ ਮੰਤਰੀ ਜੀ ਨਾਲ ਅੱਜ ਦੀ ਮੀਟਿੰਗ ਸਦਭਾਵਨਾ ਵਾਲੇ ਮਾਹੌਲ ਵਿੱਚ ਹੋਈ। ਮੰਤਰੀ ਜੀ ਨੇ ਯੂਨੀਅਨ ਆਗੂਆਂ ਨੂੰ ਮੰਗਾਂ ਸਬੰਧੀ ਭਰੋਸਾ ਵੀ ਦਿਵਾਇਆ।

ਪੰਜਾਬ-ਹਰਿਆਣਾ ਦੇ ਕਿਸਾਨਾਂ ਨੂੰ 'ਮਿੱਟੀ ਦੀ ਉਪਜਾਊ ਸ਼ਕਤੀ ਬਹਾਲ ਕਰਨ ਵਾਲੀ ਖੇਤੀ' ਬਾਰੇ ਕੀਤਾ ਗਿਆ ਸਨਮਾਨਿਤ

ਲੁਧਿਆਣਾ, 15 ਸਤੰਬਰ
(ਪੈ.ਗਾਮ-ਏ-ਜਗਤ)

ਜਲਵਾਯੂ-ਅਨੁਕੂਲ ਖੇਤੀ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਵਜੋਂ, ਪੰਜਾਬ ਅਤੇ ਹਰਿਆਣਾ ਦੇ ਉਨ੍ਹਾਂ ਕਿਸਾਨਾਂ ਦਾ ਸਨਮਾਨ ਕੀਤਾ ਗਿਆ ਜੋ ਕੁਦਰਤੀ ਸਾਧਨਾਂ ਦੀ ਸੰਭਾਲ ਵਾਲੇ ਤਰੀਕੇ ਅਪਣਾਅ ਰਹੇ ਹਨ। ਇਹ ਸਮਾਗਮ ਆਪਣੇ ਕਿਸਾਨਾਂ ਦਾ ਸਨਮਾਨ ਵਿਸ਼ੇ ਹੇਠ ਕਰਵਾਇਆ ਗਿਆ। ਇਸ ਵਿੱਚ ਕਾਰਬਨ ਕ੍ਰੈਡਿਟਸ ਦਾ ਇੱਕ ਆਰਥਿਕ ਲਾਭ ਵਜੋਂ ਉਭਰਨ 'ਤੇ ਚਾਨਣਾ ਪਾਇਆ ਗਿਆ। ਇਹ ਲਾਭ ਉਨ੍ਹਾਂ ਤਰੀਕਿਆਂ ਨੂੰ ਅਪਣਾਉਣ ਨਾਲ ਮਿਲਦਾ ਹੈ ਜੋ ਮਿੱਟੀ ਅਤੇ ਪਾਣੀ ਦੇ ਸਾਧਨਾਂ ਦੀ ਸੰਭਾਲ ਕਰਦੇ ਹੋਏ ਨੁਕਸਾਨਦੇਹ ਗੈਸਾਂ ਦੇ ਨਿਕਾਸ ਨੂੰ ਘਟਾਉਂਦੇ ਹਨ।



ਕਿਸਾਨਾਂ ਦਾ ਸਨਮਾਨ ਡਾ. ਐਮ. ਐਲ. ਜਾਟ , ਮਹਾ ਨਿਰਦੇਸ਼ਕ ਭਾਰਤੀ ਖੇਤੀ ਖੋਜ ਪਰਿਸ਼ਦ ਡਾ. ਰਾਜਬੀਰ ਸਿੰਘ ਉਪ ਮਹਾ ਨਿਰਦੇਸ਼ਕ ਅਤੇ ਡਾ. ਊਸ਼ਾ ਬਰਵਾਲੇ ਜ਼ੇਹਰ ਕਾਰਜਕਾਰੀ ਨਿਰਦੇਸ਼ਕ, ਗਰੋਇੰਡੀਗੋ ਦੀ ਮੌਜੂਦਗੀ ਵਿੱਚ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸੀਨੀਅਰ ਅਧਿਕਾਰੀ, ਵਿਗਿਆਨੀ, ਖੇਤੀਬਾੜੀ ਪਸਾਰ ਕਰਮਚਾਰੀ, ਖੇਤੀਬਾੜੀ ਸੰਸਥਾਵਾਂ ਅਤੇ ਕਿਸਾਨ ਭਾਈਚਾਰਾ ਮੌਜੂਦ ਸੀ ਤਾਂ ਜੋ ਖੇਤੀਬਾੜੀ ਵਿਗਿਆਨ, ਜਲਵਾਯੂ ਸੁਰੱਖਿਆ ਕਾਰਜਾਂ ਅਤੇ ਨਵੇਂ ਆਰਥਿਕ ਮੌਕਿਆਂ ਦੇ ਵਧ ਰਹੇ ਸੁਮੇਲ ਨੂੰ ਉਜਾਗਰ ਕੀਤਾ ਜਾ ਸਕੇ।

ਡਾ. ਐਮ. ਐਲ. ਜਾਟ ਨੇ ਆਉਣ ਵਾਲੇ ਮਹੀਨਿਆਂ ਵਿੱਚ ਝੋਨੇ ਦੀ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਬਣਾਈ ਜਾਣ ਵਾਲੀ ਕਾਰਜ-ਯੋਜਨਾ ਬਾਰੇ ਪੰਜਾਬ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਅਧਿਕਾਰੀਆਂ ਨਾਲ ਵੀ ਚਰਚਾ ਕੀਤੀ। ਡਾ ਜਤਿੰਦਰ ਪਾਲ ਸਿੰਘ ਗਿੱਲ ਉਪ-ਕੁਲਪਤੀ ਨੇ ਵਾਤਾਵਰਣ-ਪੱਖੀ ਖੇਤੀ ਤਰੀਕਿਆਂ ਦੀ ਵਕਾਲਤ ਕੀਤੀ। ਇਹ ਪਹਿਲਕਦਮੀ ਉੱਤਰ-ਪੱਛਮੀ ਭਾਰਤ ਵਿੱਚ ਚੱਲ ਰਹੇ ਉਸ ਬਦਲਾਅ 'ਤੇ ਆਧਾਰਿਤ ਹੈ ਜਿਸ ਦੇ ਤਹਿਤ ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਦੀ ਬਜਾਏ ਖੇਤ ਵਿੱਚ ਹੀ ਇਸ ਦੇ ਪ੍ਰਬੰਧਨ, ਸਿੱਧੀ ਬਿਜਾਈ, ਘੱਟ ਵਾਹੀ, ਫਸਲੀ ਵਿਭਿੰਨਤਾ ਅਤੇ ਮਿੱਟੀ ਦੀ ਸਿਹਤ ਬਹਾਲੀ ਨਾਲ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਸਾਧਨਾਂ ਦੀ ਵਰਤੋਂ ਦੀ ਕੁਸ਼ਲਤਾ ਵਿੱਚ ਸੁਧਾਰ ਕਰਨ ਤੋਂ ਇਲਾਵਾ, ਇਹ ਉਪਾਅ ਵਾਤਾਵਰਣ ਸੰਬੰਧੀ ਅਜਿਹੇ ਲਾਭ ਪੈਦਾ ਕਰ ਸਕਦੇ ਹਨ ਜਿਨ੍ਹਾਂ ਨੂੰ ਵਿਗਿਆਨਕ ਤੌਰ 'ਤੇ ਮਾਪ ਕੇ ਅਤੇ ਤਸਦੀਕ ਕਰਕੇ ਕਾਰਬਨ ਕ੍ਰੈਡਿਟਸ ਵਿੱਚ ਬਦਲਿਆ ਜਾ ਸਕਦਾ ਹੈ।

ਭਾਰਤੀ ਖੇਤੀ ਖੋਜ ਪਰਿਸ਼ਦ ਦੀ ਤਕਨੀਕੀ ਅਗਵਾਈ ਹੇਠ 2019 ਵਿੱਚ ਗਰੋਇੰਡੀਗੋ ਦੁਆਰਾ ਸ਼ੁਰੂ ਕੀਤੇ ਗਏ ਇਸ ਕਾਰਬਨ-ਕ੍ਰੈਡਿਟ ਪ੍ਰੋਗਰਾਮ ਨੇ ਅਜਿਹੇ ਉਪਾਵਾਂ ਨੂੰ ਵਿੱਤੀ ਲਾਭਾਂ ਨਾਲ ਜੋੜਨ ਦਾ ਇੱਕ ਵਿਹਾਰਕ ਰਾਹ ਪ੍ਰਦਾਨ ਕੀਤਾ ਹੈ ਇਹ ਵਿਕਾਸ ਪੰਜਾਬ ਲਈ ਖਾਸ ਤੌਰ 'ਤੇ ਮਹੱਤਵਪੂਰਨ ਹੈ, ਜਿੱਥੇ ਭਾਰਤੀ ਖੇਤੀ ਖੋਜ ਪਰਿਸ਼ਦ , ਕ੍ਰਿਸ਼ੀ ਵਿਗਿਆਨ ਕੇਂਦਰਾਂ , ਖੇਤੀਬਾੜੀ ਯੂਨੀਵਰਸਿਟੀਆਂ, ਰਾਜ ਵਿਭਾਗ ਅਤੇ ਕਿਸਾਨ ਭਾਈਚਾਰਿਆਂ ਦੇ ਤਾਲਮੇਲ ਵਾਲੇ ਯਤਨਾਂ ਨੇ ਖੇਤਾਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਤੇਜ਼ੀ ਨਾਲ ਘਟਾਉਣ ਵਿੱਚ ਯੋਗਦਾਨ ਪਾਇਆ ਹੈ, ਜੋ ਕਿ 2020 ਵਿੱਚ 83,000 ਤੋਂ ਵੱਧ ਸਨ ਜਦ ਕਿ 2025 ਵਿੱਚ 5,000 ਤੋਂ ਘੱਟ ਹੋ ਗਏ ਹਨ। ਇਹ ਤਜਰਬਾ ਤਕਨਾਲੋਜੀ ਅਪਣਾਉਣ, ਬਿਹਤਰ ਰਹਿੰਦ-ਖੂੰਹਦ ਪ੍ਰਬੰਧਨ, ਮਿੱਟੀ-ਸਿਹਤ ਸੁਧਾਰ, ਪਾਣੀ ਦੀ ਸੰਭਾਲ ਅਤੇ ਜਲਵਾਯੂ ਲਚਕੀਲੇਪਣ ਨੂੰ ਜੋੜਨ ਵਾਲੀ ਇੱਕ ਏਕੀਕ੍ਰਿਤ ਪਹੁੰਚ ਦੀ ਸੰਭਾਵਨਾ ਨੂੰ ਦਰਸਾਉਂਦਾ ਹੈ।

ਅਟਾਰੀ, ਲੁਧਿਆਣਾ ਅਤੇ ਗਰੋਇੰਡੀਗੋ ਵਿਚਕਾਰ ਹਸਤਾਖ਼ਰ ਕੀਤਾ ਗਿਆ ਸਮਝੌਤਾ ਪੱਤਰ ਇਸ ਖੇਤਰ ਵਿੱਚ ਸੰਸਥਾਗਤ ਸਹਿਯੋਗ ਨੂੰ ਹੋਰ ਮਜ਼ਬੂਤ ਕਰੇਗਾ।

ਇਹ ਪਹਿਲ ਖੇਤੀਬਾੜੀ ਵਿਗਿਆਨ ਅਤੇ ਪੁਨਰ-ਉਤਪਾਦਨ ਖੇਤੀਬਾੜੀ 'ਤੇ ਭਾਰਤ ਦੀ ਵਧਦੀ ਅੰਤਰਰਾਸ਼ਟਰੀ ਸ਼ਮੂਲੀਅਤ ਦੇ ਨਾਲ ਵੀ ਮੇਲ ਖਾਂਦੀ ਹੈ। ਸਤੰਬਰ 2026 ਵਿੱਚ ਅਪਣਾਏ ਗਏ ਬਰਿਕਸ ਨਵੀਂ ਦਿੱਲੀ ਐਲਾਨਨਾਮੇ ਨੇ ਜਲਵਾਯੂ ਲਚਕੀਲੇਪਣ ਅਤੇ ਉਤਪਾਦਕਤਾ ਲਈ ਖੇਤੀਬਾੜੀ ਵਾਤਾਵਰਣ ਵਿਗਿਆਨ ਅਤੇ ਪੁਨਰ-ਉਤਪਾਦਨ ਖੇਤੀਬਾੜੀ ਦੇ ਤਜਰਬਿਆਂ ਨੂੰ ਸਾਂਝਾ ਕਰਨ ਲਈ ਇੱਕ ਵਿਸ਼ਾਲ ਮੰਚ ਪ੍ਰਦਾਨ ਕੀਤਾ ਹੈ। ਲੁਧਿਆਣਾ ਦਾ ਪ੍ਰੋਗਰਾਮ ਇਹ ਦਰਸਾਉਣ ਵਿੱਚ ਅਹਿਮ ਸਾਬਤ ਹੋਇਆ ਹੈ ਕਿ ਖੇਤੀਬਾੜੀ ਵਿੱਚ ਜਲਵਾਯੂ ਕਾਰਵਾਈ ਨੂੰ ਖੇਤੀ ਪੱਧਰ 'ਤੇ ਠੋਸ ਆਰਥਿਕ ਮੌਕਿਆਂ ਨਾਲ ਕਿਵੇਂ ਜੋੜਿਆ ਜਾ ਸਕਦਾ ਹੈ।

ਪੰਜਾਬੀ ਲਿਖਾਰੀ ਸਭਾ ਸਿਆਟਲ ਦੇ ਪ੍ਰਧਾਨ ਸ. ਕਰਨੈਲ ਸਿੰਘ ਕੈਲ ਦੇ ਪਲੇਠੇ ਕਹਾਣੀ-ਸੰਗ੍ਰਹਿ 'ਸ਼ਗਨਾਂ ਦਾ ਕਾਰਡ' ਦਾ ਯਾਦਗਾਰੀ ਲੋਕ-ਅਰਪਣ ਸਮਾਰੋਹ

ਕੈਂਟ, ਵਾਸ਼ਿੰਗਟਨ, 12 ਸਤੰਬਰ
(ਪੈ.ਗਾਮ-ਏ-ਜਗਤ)

ਰੰਧਾਵਾ ਫਾਊਂਡੇਸ਼ਨ, ਕੈਂਟ ਵਾਸ਼ਿੰਗਟਨ ਵਿਖੇ ਸ਼ਨੀਵਾਰ, 12 ਸਤੰਬਰ ਨੂੰ ਪ੍ਰਸਿੱਧ ਸਾਹਿਤਕਾਰ ਕਰਨੈਲ ਸਿੰਘ ਕੈਲ ਦੇ ਪਲੇਠੇ ਕਹਾਣੀ-ਸੰਗ੍ਰਹਿ 'ਸ਼ਗਨਾਂ ਦਾ ਕਾਰਡ' ਦਾ ਲੋਕ-ਅਰਪਣ ਸਮਾਰੋਹ ਬੜੇ ਹੀ ਉਤਸ਼ਾਹ, ਗੰਭੀਰ ਸਾਹਿਤਕ ਵਿਚਾਰ-ਵਟਾਂਦਰੇ ਅਤੇ ਪਿਆਰ ਭਰੇ ਮਾਹੌਲ ਵਿੱਚ ਕਰਵਾਇਆ ਗਿਆ। ਸਾਹਿਤਕਾਰਾਂ, ਕਵੀਆਂ, ਸਮਾਜਿਕ ਸ਼ਖ਼ਸੀਅਤਾਂ ਅਤੇ ਪੰਜਾਬੀ ਸਾਹਿਤ-ਪ੍ਰੇਮੀਆਂ ਦੀ ਭਰਵੀਂ ਹਾਜ਼ਰੀ ਨੇ ਇਸ ਸਮਾਗਮ ਨੂੰ ਇੱਕ ਯਾਦਗਾਰੀ ਸਾਹਿਤਕ ਮਿਲਣੀ ਦਾ ਰੂਪ ਦੇ ਦਿੱਤਾ। ਸਮਾਗਮ ਦੀ ਵਿਸ਼ੇਸ਼ਤਾ ਇਹ ਰਹੀ ਕਿ ਪੰਜਾਬੀ ਲਿਖਾਰੀ ਸਭਾ ਸਿਆਟਲ ਦੇ ਮੰਚ ਤੋਂ ਸਿਰਫ਼ ਕਿਤਾਬ ਦੀ ਰਿਲੀਜ਼ ਹੀ ਨਹੀਂ ਕੀਤੀ ਗਈ, ਸਗੋਂ ਕਰਨੈਲ ਸਿੰਘ ਕੈਲ ਦੀ ਕਹਾਣੀ-ਕਲਾ, ਸਮਾਜਕ ਚੇਤਨਾ, ਪਰਵਾਸੀ ਜੀਵਨ, ਮਨੁੱਖੀ ਰਿਸ਼ਤਿਆਂ, ਔਰਤ ਦੀ ਸਥਿਤੀ, ਦਾਜ, ਜਾਤ-ਪਾਤ, ਸਮਾਜਕ ਵਿਸੰਗਤੀਆਂ ਅਤੇ ਪੰਜਾਬ ਦੇ ਇਤਿਹਾਸਕ ਤੇ ਸਮਾਜਕ ਦੁੱਖਾਂ ਨਾਲ ਜੁੜੇ ਵੱਖ-ਵੱਖ ਪੱਖਾਂ ਉੱਤੇ ਵੀ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ ਗਏ। ਬੁਲਾਰਿਆਂ ਨੇ ਕਿਹਾ ਕਿ 'ਸ਼ਗਨਾਂ ਦਾ ਕਾਰਡ' ਦੀਆਂ ਕਹਾਣੀਆਂ ਸਿਰਫ਼ ਮਨੋਰੰਜਨ ਨਹੀਂ ਕਰਦੀਆਂ, ਸਗੋਂ ਪਾਠਕ ਨੂੰ ਆਪਣੇ ਸਮਾਜ, ਰਿਸ਼ਤਿਆਂ ਅਤੇ ਮਨੁੱਖੀ ਵਰਤਾਰੇ ਬਾਰੇ ਮੁੜ ਸੋਚਣ ਲਈ ਮਜਬੂਰ ਕਰਦੀਆਂ ਹਨ।



ਸਮਾਗਮ ਵਿੱਚ ਨਾਮਵਰ ਸ਼ਖ਼ਸੀਅਤ ਜਗਰੂਪ ਸਿੰਘ ਜਰਖੜ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਉਨ੍ਹਾਂ ਦੀ ਹਾਜ਼ਰੀ ਨੇ ਸਮਾਗਮ ਦੀ ਸ਼ੋਭਾ ਵਿੱਚ ਵਿਸ਼ੇਸ਼ ਵਾਧਾ ਕੀਤਾ। ਇਸ ਮੌਕੇ ਜਗਰੂਪ ਸਿੰਘ ਜਰਖੜ ਨੂੰ ਖੇਡ ਜਗਤ ਅਤੇ ਪੰਜਾਬੀ ਭਾਸ਼ਾ ਲਈ ਪਾਏ ਵਡਮੁੱਲੇ ਯੋਗਦਾਨ ਬਦਲੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਅਮਰਜੀਤ ਸਿੰਘ ਤਰਸਿੱਕਾ, ਹਰਦਿਆਲ ਸਿੰਘ ਚੀਮਾਂ, ਨੋਬਲਦੀਪ ਕੌਰ, ਬਲਬੀਰ ਸਿੰਘ ਲਹਿਰਾ, ਸੰਤੋਖ ਸਿੰਘ ਥਿੰਦ, ਮਨਜੀਤ ਕੌਰ ਗਿੱਲ, ਹਰਿੰਦਰਪਾਲ ਸਿੰਘ ਬੈਂਸ, ਅਵਤਾਰ ਸਿੰਘ ਆਦਮਪੁਰੀ, ਸ਼ਾਨ ਦਿਓਲ, ਮਲਕੀਤ ਸਿੰਘ ਗਿੱਲ, ਮਨਜੀਤ ਸਿੰਘ ਚਹਿਲ, ਸ਼ਿੰਗਾਰ ਸਿੰਘ ਸਿੱਧੂ, ਜਗਜੀਤ ਸਿੰਘ ਉੱਪਲ, ਰਣਜੀਤ ਮੱਲੀ, ਸ਼ਿੰਦਰਪਾਲ ਔਜਲਾ, ਬਲਦੇਵ ਸਿੰਘ ਛੀਨਾ, ਹਰਜਿੰਦਰ ਸਿੰਘ ਸੰਧਾਵਾਲੀਆ, ਭੁਪਿੰਦਰ ਸਿੰਘ ਢੱਡਾ, ਰਾਜਵੀਰ ਸਿੰਘ, ਰਾਮ ਸਿੰਘ ਧਾਲੀਵਾਲ, ਸਾਧੂ ਸਿੰਘ ਝੱਜ, ਡਾ. ਸੁਖਵੀਰ ਬੀਹਲਾ, ਹਰਪਾਲ ਸਿੱਧੂ, ਸਰਬਜੀਤ ਸਿੰਘ ਨੂਰ, ਡਾ. ਹਰਚੰਦ ਸਿੰਘ, ਨਵਲਪ੍ਰੀਤ ਰੰਗੀ, ਡਾ. ਕੰਵਲਜੀਤ ਸਿੰਘ ਹੁੰਦਲ, ਦਵਿੰਦਰ ਸਿੰਘ ਹੀਰਾ ਅਤੇ ਗੁਰਪ੍ਰੀਤ ਸਿੰਘ ਸੋਹਲ ਨੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਕਰਨੈਲ ਸਿੰਘ ਕੈਲ ਨੂੰ ਉਨ੍ਹਾਂ ਦੇ ਪਲੇਠੇ ਕਹਾਣੀ-ਸੰਗ੍ਰਹਿ ਲਈ ਵਧਾਈ ਦਿੱਤੀ ਅਤੇ ਪਾਠਕਾਂ ਨੂੰ ਪੁਰਜ਼ੋਰ ਬੇਨਤੀ ਕੀਤੀ ਕਿ "ਸ਼ਗਨਾਂ ਦਾ ਕਾਰਡ" ਇਕ ਬੇਹਤਰੀਨ ਕਿਤਾਬ ਹੈ ਅਤੇ ਜਰੂਰ ਪੜ੍ਹੀ ਜਾਣੀ ਚਾਹੀਦੀ ਹੈ।

ਸਮਾਗਮ ਦਾ ਇੱਕ ਹੋਰ ਵਿਸ਼ੇਸ਼ ਆਕਰਸ਼ਣ ਪਰਮਿੰਦਰ ਗਿੱਲ ਦੀ ਲੋਕ-ਰੰਗ ਨਾਲ ਭਰੀ ਪੇਸ਼ਕਾਰੀ ਰਹੀ। ਉਨ੍ਹਾਂ ਨੇ ਤੂੰਬੇ ਦੀ ਟੇਕ ਲੈ ਕੇ ਵਿਸਰਦੇ ਜਾ ਰਹੇ ਪੰਜਾਬੀ ਵਿਰਸੇ ਦੇ ਫੋਕ ਰੰਗਾਂ ਨੂੰ ਜੀਵੰਤ ਅੰਦਾਜ਼ ਵਿੱਚ ਪੇਸ਼ ਕੀਤਾ। ਉਨ੍ਹਾਂ ਦੀ ਇਸ ਪੇਸ਼ਕਾਰੀ ਨੇ ਸਰੋਤਿਆਂ ਨੂੰ ਪੰਜਾਬ ਦੇ ਪੁਰਾਣੇ ਦੌਰ, ਪਿੰਡਾਂ ਦੀ ਸਾਦਗੀ, ਲੋਕ-ਸੱਭਿਆਚਾਰ ਅਤੇ ਰਵਾਇਤੀ ਰੰਗਾਂ ਦੀ ਯਾਦ ਤਾਜ਼ਾ ਕਰਵਾ ਦਿੱਤੀ। ਪਰਮਿੰਦਰ ਗਿੱਲ ਆਪਣੀ ਆਵਾਜ਼, ਅੰਦਾਜ਼ ਅਤੇ ਲੋਕ-ਰੰਗੀ ਪੇਸ਼ਕਾਰੀ ਰਾਹੀਂ ਹਾਜ਼ਰੀਨ ਨੂੰ ਪੁਰਾਤਨ ਪੰਜਾਬ ਦੇ ਮਾਹੌਲ ਨਾਲ ਜੋੜਨ ਵਿੱਚ ਕਾਮਯਾਬ ਰਹੇ ਅਤੇ ਉਨ੍ਹਾਂ ਦੀ ਪੇਸ਼ਕਾਰੀ ਸਮਾਗਮ ਦੀ ਵਿਸ਼ੇਸ਼ ਖਿੱਚ ਦਾ ਕੇਂਦਰ ਬਣੀ। ਸਮਾਗਮ ਦੌਰਾਨ ਮਨਜੀਤ ਸਿੰਘ ਚਹਿਲ, Balloon Decor Northwest ਅਤੇ ਅਮਰੀਕ ਸਿੰਘ ਰੰਧਾਵਾ ਨੂੰ ਉਨ੍ਹਾਂ ਵਲੋਂ ਪੰਜਾਬੀ ਲਿਖਾਰੀ ਸਭਾ ਸਿਆਟਲ ਦੀਆਂ ਸੇਵਾਵਾਂ ਵਿਚ ਯੋਗਦਾਨ ਪਾਉਣ ਲਈ ਖਾਸ ਤੌਰ 'ਤੇ ਸਨਮਾਨ ਭੇਟ ਕੀਤਾ ਗਿਆ। ਯਾਦ ਰਹੇ ਕਿ ਪਿਛਲੇ ਦਿਨੀਂ ਪੰਜਾਬੀ ਲਿਖਾਰੀ ਸਭਾ ਸਿਆਟਲ ਦੇ ਬੈਨਰ ਹੇਠ ਕਰਵਾਈ ਗਈ ਪੰਜਾਬੀ ਕਾਨਫਰੰਸ ਦੀ ਸਫਲਤਾ ਵਿੱਚ ਮਨਜੀਤ ਸਿੰਘ ਚਹਿਲ ਵੱਲੋਂ ਵਡਮੁੱਲਾ ਯੋਗਦਾਨ ਪਾਇਆ ਗਿਆ ਸੀ। ਉਨ੍ਹਾਂ ਦੀ ਇਸ ਸੇਵਾ ਅਤੇ ਸਹਿਯੋਗ ਨੂੰ ਮੱਦੇਨਜ਼ਰ ਰੱਖਦਿਆਂ ਸਮਾਗਮ ਵਿੱਚ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਪੂਰੇ ਸਮਾਗਮ ਦਾ ਮੰਚ ਸੰਚਾਲਨ ਗੁਰਪ੍ਰੀਤ ਸਿੰਘ ਸੋਹਲ ਨੇ ਬਹੁਤ ਹੀ ਸੁਚੱਜੇ, ਸੰਯਮਿਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ।

ਇਸ ਸਾਹਿਤਕ ਸਮਾਗਮ ਨੂੰ ਪਰਿਵਾਰਕ ਖ਼ੁਸ਼ੀ ਦੀ ਇੱਕ ਵਿਸ਼ੇਸ਼ ਛੋਹ ਵੀ ਮਿਲੀ। ਮਸ਼ਹੂਰ ਗਾਇਕ ਅਤੇ ਲੇਖਕ ਸਰਦਾਰ ਬਲਬੀਰ ਲਹਿਰਾ ਨੇ ਆਪਣੇ ਪੋਤਰੇ ਦੇ ਜਨਮ ਦੀ ਖ਼ੁਸ਼ੀ ਸਾਰਿਆਂ ਨਾਲ ਸਾਂਝੀ ਕਰਦਿਆਂ ਸਮਾਗਮ ਵਿੱਚ ਹਾਜ਼ਰ ਮਹਿਮਾਨਾਂ ਲਈ ਖਾਣੇ ਦਾ ਵਿਸ਼ੇਸ਼ ਪ੍ਰਬੰਧ ਕੀਤਾ। ਹਾਜ਼ਰੀਨ ਨੇ ਇਸ ਖ਼ੁਸ਼ੀ ਲਈ ਬਲਬੀਰ ਲਹਿਰਾ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਵਧਾਈਆਂ ਦਿੱਤੀਆਂ।

ਗੀਗੇ ਮਾਜਰਾ ਸਕੂਲ ਵਿਖੇ ਟ੍ਰੈਫਿਕ ਨਿਯਮਾਂ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸੰਬੰਧੀ ਜਾਗਰੂਕਤਾ ਸੈਮੀਨਾਰ

ਸਾਹਿਬਜ਼ਾਦਾ ਅਜੀਤ ਸਿੰਘ ਨਗਰ
15 ਸਤੰਬਰ (ਪੈ.ਗਾਮ-ਏ-ਜਗਤ)

ਸੀਨੀਅਰ ਕਪਤਾਨ ਪੁਲਿਸ ਵਰੁਨ ਸ਼ਰਮਾ ਅਤੇ ਐਸ.ਪੀ. ਟ੍ਰੈਫਿਕ ਸ੍ਰੀ ਰਮਨਦੀਪ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਡੀ.ਐਸ.ਪੀ. ਟ੍ਰੈਫਿਕ ਸ੍ਰੀ ਕਰਨੈਲ ਸਿੰਘ ਦੀ ਅਗਵਾਈ ਹੇਠ ਟ੍ਰੈਫਿਕ ਐਜੂਕੇਸ਼ਨ ਸੈੱਲ ਅਤੇ ਸਾਂਝ ਕੇਂਦਰ ਇੰਚਾਰਜ ਸਿਟੀ-1 ਏ.ਐਸ.ਆਈ. ਜਨਕ ਰਾਜ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਗੀਗੇ ਮਾਜਰਾ ਵਿਖੇ ਵਿਦਿਆਰਥੀਆਂ ਅਤੇ ਅਧਿਆਪਕਾਂ ਲਈ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।

ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ, ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਯੁਵਾ ਸਾਂਝ ਅਤੇ ਸਾਂਝ ਕੇਂਦਰਾਂ ਰਾਹੀਂ ਉਪਲਬਧ ਕਰਵਾਈਆਂ ਜਾਂਦੀਆਂ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਆਪਣਾ ਧਿਆਨ ਪੜ੍ਹਾਈ, ਖੇਡਾਂ ਅਤੇ ਹੋਰ ਉਸਾਰੂ ਗਤੀਵਿਧੀਆਂ ਵੱਲ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ।

ਵਿਦਿਆਰਥੀਆਂ ਨੂੰ ਖਾਸ ਤੌਰ 'ਤੇ ਜਾਗਰੂਕ ਕਰਦਿਆਂ ਕਿਹਾ ਗਿਆ ਕਿ ਨਾਬਾਲਗ ਬੱਚਿਆਂ ਨੂੰ ਬਿਨਾਂ ਡਰਾਈਵਿੰਗ ਲਾਇਸੰਸ ਵਾਹਨ ਨਹੀਂ ਚਲਾਉਣਾ ਚਾਹੀਦਾ। ਦੋ ਪਹੀਆ ਵਾਹਨ ਚਲਾਉਂਦੇ ਸਮੇਂ ਲੜਕਿਆਂ ਅਤੇ ਲੜਕੀਆਂ ਦੋਵਾਂ ਲਈ ਹੈਲਮਟ ਪਹਿਨਣਾ ਲਾਜ਼ਮੀ ਸੁਰੱਖਿਆ ਸਾਵਧਾਨੀ ਹੈ। ਇਸ ਤੋਂ ਇਲਾਵਾ ਡਰਾਈਵਿੰਗ ਦੌਰਾਨ ਮੋਬਾਈਲ ਫੋਨ ਦੀ ਵਰਤੋਂ ਨਾ ਕਰਨ ਅਤੇ ਸੜਕ 'ਤੇ ਟ੍ਰੈਫਿਕ ਨਿਯਮਾਂ ਦੀ ਪੂਰੀ ਪਾਲਣਾ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ।

ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਪੁਲਿਸ ਸਹਾਇਤਾ ਲਈ 112 ਹੈਲਪਲਾਈਨ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਆਨਲਾਈਨ ਠੱਗੀ ਜਾਂ ਸਾਈਬਰ ਕ੍ਰਾਈਮ ਦਾ ਸ਼ਿਕਾਰ ਹੋਣ ਦੀ ਸੂਰਤ ਵਿੱਚ ਤੁਰੰਤ 1930 ਸਾਈਬਰ ਕ੍ਰਾਈਮ ਹੈਲਪਲਾਈਨ 'ਤੇ ਸੰਪਰਕ ਕਰਨ ਲਈ ਵੀ ਜਾਗਰੂਕ ਕੀਤਾ ਗਿਆ।